


ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ




PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 122 Chief Editor : Chowdhary Prabhjit Singh, Editor : Chhatarpal Singh 98146-32807, Thursday 29 October 2026 Price : 2 Rs. Page : 6

## ਵਿਜੀਲੈਂਸ ਵੱਲੋਂ 25,000 ਰੁਪਏ ਰਿਸ਼ਵਤ ਲੈਂਦਾ ਨਗਰ ਨਿਗਮ ਦਾ ਇੰਸਪੈਕਟਰ ਰੰਗੇ ਹੱਥੀਂ ਕਾਬੂ



**ਚੰਡੀਗੜ੍ਹ 28 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਆਪਣੀ ਮੁਹਿੰਮ ਦੌਰਾਨ ਨਗਰ ਨਿਗਮ ਜ਼ੋਨ-ਬੀ ਲੁਧਿਆਣਾ ਵਿਖੇ ਤਾਇਨਾਤ ਇੰਸਪੈਕਟਰ ਸ਼ੁਭਮ ਨੂੰ 25,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਲੁਧਿਆਣਾ ਦੇ ਅਜੀਤ ਨਗਰ ਦੇ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਸ ਦੇ ਪਿਤਾ ਦੀ ਮੌਤ ਤੋਂ ਬਾਅਦ ਜੱਦੀ ਜਾਇਦਾਦ ਨੂੰ ਉਸ ਦੇ ਅਤੇ ਉਸ ਦੇ ਭਰਾਵਾਂ ਦੇ ਨਾਮ ਤਬਦੀਲ ਕਰਵਾਉਣ ਲਈ ਉਨ੍ਹਾਂ ਵੱਲੋਂ ਲੋੜੀਂਦੇ ਦਸਤਾਵੇਜ਼ ਨਗਰ ਨਿਗਮ ਜ਼ੋਨ-ਬੀ, ਲੁਧਿਆਣਾ ਵਿਖੇ ਜਮ੍ਹਾਂ ਕਰਵਾਏ ਗਏ ਸਨ, ਜੋ ਸਬੰਧਤ ਇੰਸਪੈਕਟਰ ਸ਼ੁਭਮ, ਨਗਰ ਨਿਗਮ ਜ਼ੋਨ-ਬੀ, ਲੁਧਿਆਣਾ ਨੂੰ ਮਾਰਕ ਕੀਤੇ ਗਏ ਸਨ। ਸ਼ਿਕਾਇਤਕਰਤਾ ਅਤੇ ਉਸ ਦੇ ਭਰਾਵਾਂ ਦੇ ਨਾਮ ਜੱਦੀ ਜਾਇਦਾਦ ਤਬਦੀਲ ਕਰਨ ਬਦਲੇ ਉਕਤ ਇੰਸਪੈਕਟਰ ਸ਼ੁਭਮ ਉਨ੍ਹਾਂ ਤੋਂ 25,000 ਰੁਪਏ ਰਿਸ਼ਵਤ ਮੰਗ ਰਿਹਾ ਸੀ।

ਰਿਸ਼ਵਤ ਦੇਣ ਲਈ ਰਾਜ਼ੀ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਇਸ ਸਬੰਧੀ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਨਾਲ ਸੰਪਰਕ ਕੀਤਾ।

ਉਸ ਦੀ ਸ਼ਿਕਾਇਤ ’ਤੇ ਕਾਰਵਾਈ ਕਰਦਿਆਂ ਵਿਜੀਲੈਂਸ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਮੁਲਜ਼ਮ ਇੰਸਪੈਕਟਰ ਸ਼ੁਭਮ ਨੂੰ ਸ਼ਿਕਾਇਤਕਰਤਾ ਤੋਂ 25,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।

ਇਸ ਸਬੰਧੀ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## 1 ਨਵੰਬਰ ਤੋਂ ਬਦਲ ਜਾਵੇਗਾ ਸਕੂਲਾਂ ਦਾ ਸਮਾਂ; ਜਾਣੋ ਹੁਣ ਕਿੰਨੇ ਵਜੇ ਲੱਗਣਗੇ ਸਕੂਲ

**ਚੰਡੀਗੜ੍ਹ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਵੇਰੇ ਅਤੇ ਸ਼ਾਮ ਦੇ ਸਮੇਂ ਵਧ ਰਹੀ ਸਰਦੀ ਨੂੰ ਧਿਆਨ ਵਿੱਚ ਰੱਖਦਿਆਂ, ਸਕੂਲੀ ਬੱਚਿਆਂ ਨੂੰ ਠੰਢ ਤੋਂ ਬਚਾਉਣ ਲਈ ਚੰਡੀਗੜ੍ਹ ਸਿੱਖਿਆ ਵਿਭਾਗ ਅਤੇ ਪੰਜਾਬ ਸਰਕਾਰ ਵੱਲੋਂ ਸਕੂਲਾਂ ਦੇ ਸਮੇਂ ਵਿੱਚ ਬਦਲਾਅ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਚੰਡੀਗੜ੍ਹ ਵਿੱਚ ਨਵੀਂ ਸਮਾਂ-ਸਾਰਣੀ 1 ਨਵੰਬਰ ਤੋਂ ਲਾਗੂ ਹੋਵੇਗੀ, ਜਦੋਂ ਕਿ 2 ਨਵੰਬਰ ਤੋਂ ਡਬਲ ਸ਼ਿਫਟ ਵਾਲੇ ਸਰਕਾਰੀ ਸਕੂਲ ਸਵੇਰੇ 7:50 ਵਜੇ ਖੁੱਲ੍ਹਣਗੇ। ਡਬਲ ਸ਼ਿਫਟ ਵਿੱਚ ਸਵੇਰ ਦੀ ਸ਼ਿਫ਼ਟ (ਛੇਵੀਂ ਤੋਂ 12ਵੀਂ ਜਮਾਤ) ਦਾ ਸਮਾਂ ਸਵੇਰੇ 8:00 ਵਜੇ ਤੋਂ ਦੁਪਹਿਰ 1:15 ਵਜੇ ਤੱਕ ਹੋਵੇਗਾ। ਦੂਜੇ ਪਾਸੇ ਦੁਪਹਿਰ ਦੀ ਸ਼ਿਫ਼ਟ (ਪਹਿਲੀ ਤੋਂ ਪੰਜਵੀਂ ਜਮਾਤ) ਦੇ ਵਿਦਿਆਰਥੀ ਦੁਪਹਿਰ 12:45 ਵਜੇ ਸਕੂਲ ਪਹੁੰਚਣਗੇ ਅਤੇ ਉਨ੍ਹਾਂ ਦੀ ਛੁੱਟੀ ਸ਼ਾਮ 5:00 ਵਜੇ ਹੋਵੇਗੀ, ਜਦਕਿ ਇਸ ਸ਼ਿਫ਼ਟ ਦਾ ਸਟਾਫ਼ ਸਵੇਰੇ 10:50 ਵਜੇ ਆ ਕੇ ਸ਼ਾਮ 5:10 ਵਜੇ ਛੁੱਟੀ ਕਰੇਗਾ। ਇਸੇ ਤਰ੍ਹਾਂ ਚੰਡੀਗੜ੍ਹ ਦੇ ਸਿੰਗਲ ਸ਼ਿਫਟ ਵਾਲੇ ਸਕੂਲਾਂ ਵਿੱਚ ਵਿਦਿਆਰਥੀ ਸਵੇਰੇ 8:20 ਵਜੇ ਸਕੂਲ ਪਹੁੰਚਣਗੇ ਅਤੇ ਦੁਪਹਿਰ 2:20 ਵਜੇ ਛੁੱਟੀ ਹੋਵੇਗੀ। ਇਹਨਾਂ ਸਕੂਲਾਂ ਦਾ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਸਵੇਰੇ 8:10 ਵਜੇ ਆਵੇਗਾ।

## ਭਾਜਪਾ ਨੇ ਹਰਦੀਪ ਪੁਰੀ ਨੂੰ ਬਣਾਇਆ ਰਾਜ ਸਭਾ ਲਈ ਉਮੀਦਵਾਰ

**ਨਵੀਂ ਦਿੱਲੀ, 28 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**



ਭਾਜਪਾ ਨੇ ਅੱਜ ਮੱਧ ਪ੍ਰਦੇਸ਼ ਤੋਂ ਰਾਜ ਸਭਾ ਉਪ ਚੋਣ ਲਈ ਹਰਦੀਪ ਸਿੰਘ ਪੁਰੀ ਨੂੰ ਆਪਣਾ ਉਮੀਦਵਾਰ ਐਲਾਨਿਆ ਹੈ। ਹਰਦੀਪ ਸਿੰਘ ਪੁਰੀ ਭਾਰਤੀ ਜਨਤਾ ਪਾਰਟੀ ਦੇ ਇਕ ਸੀਨੀਅਰ ਨੇਤਾ, ਸਾਬਕਾ ਡਿਪਲੋਮੈਟ ਅਤੇ ਲੇਖਕ ਹਨ। ਉਹ 1974 ਬੈਚ ਦੇ ਭਾਰਤੀ ਵਿਦੇਸ਼ ਸੇਵਾ ਅਧਿਕਾਰੀ ਹਨ ਅਤੇ ਲਗਭਗ 39 ਸਾਲ ਡਿਪਲੋਮੈਟ ਵਜੋਂ ਸੇਵਾ ਨਿਭਾਈ। ਉਨ੍ਹਾਂ ਨੇ ਜਿਨੇਵਾ ਅਤੇ ਨਿਊਯਾਰਕ ਵਿਚ ਸੰਯੁਕਤ ਰਾਸ਼ਟਰ ਵਿਚ ਭਾਰਤ ਦੇ ਸਥਾਈ ਪ੍ਰਤੀਨਿਧੀ ਵਜੋਂ ਸੇਵਾ ਨਿਭਾਈ। 2014 ਵਿਚ ਭਾਜਪਾ ਵਿਚ ਸ਼ਾਮਿਲ ਹੋਣ ਤੋਂ ਬਾਅਦ, ਉਹ 2017 ਵਿਚ ਮੰਤਰੀ ਬਣੇ। ਮੌਜੂਦਾ ਸਮੇਂ ਵਿਚ ਉਹ ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਨ।

## ਮੁੱਖ ਮੰਤਰੀ ਭਗਵੰਤ ਮਾਨ ਨੇ 31 ਅਕਤੂਬਰ ਨੂੰ ਮੰਤਰੀ ਮੰਡਲ ਦੀ ਮੀਟਿੰਗ ਸੱਦੀ

**ਚੰਡੀਗੜ੍ਹ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 31 ਅਕਤੂਬਰ ਨੂੰ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਸੱਦ ਲਈ ਹੈ। ਇਹ ਮੀਟਿੰਗ 31 ਅਕਤੂਬਰ ਦਿਨ ਸ਼ਨਿੱਚਰਵਾਰ ਨੂੰ ਦੁਪਹਿਰ 12 ਵਜੇ ਚੰਡੀਗੜ੍ਹ ਵਿਖੇ ਸਥਿਤ ਮੁੱਖ ਮੰਤਰੀ ਦੀ ਸਰਕਾਰੀ ਰਿਹਾਇਸ਼ ਉੱਤੇ ਹੋਵੇਗੀ। ਪੰਜਾਬ ਸਰਕਾਰ ਨੇ ਹਲੇ ਤੱਕ ਮੀਟਿੰਗ ਬਾਰੇ ਕੋਈ ਏਜੰਡਾ ਜਾਰੀ ਨਹੀਂ ਕੀਤਾ ਹੈ। ਪਰ ਸੂਬਾ ਸਰਕਾਰ ਵੱਲੋਂ ਇਹ ਮੀਟਿੰਗ ਦਿਵਾਲੀ ਤੋਂ ਇੱਕ ਹਫਤਾ ਪਹਿਲਾਂ ਸੱਦਣ ਕਰਕੇ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਕੋਈ ਦਿਵਾਲੀ ਦਾ ਵੱਡਾ ਤੋਹਫਾ ਦਿੱਤਾ ਜਾ ਸਕਦਾ ਹੈ। ਇਸ ਲਈ ਲੋਕਾਂ ਨੂੰ ਮੰਤਰੀ ਮੰਡਲ ਦੀਆਂ ਮੀਟਿੰਗ ਤੋਂ ਬਹੁਤ ਆਸਾਂ ਹਨ। ਜ਼ਿਕਰਯੋਗ ਹੈ ਕਿ ਪੰਜਾਬ ਵਿਧਾਨ ਸਭਾ ਦਾ ਇਜਲਾਸ ਹਾਲੇ 27 ਅਕਤੂਬਰ ਨੂੰ ਹੀ ਖਤਮ ਹੋਇਆ ਹੈ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 31 ਅਕਤੂਬਰ ਨੂੰ ਮੰਤਰੀ ਮੰਡਲ ਦੀ ਮੀਟਿੰਗ ਵੀ ਸੱਦ ਲਈ ਹੈ।

## ਕੇਂਦਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਦੀਵਾਲੀ ਤੋਹਫ਼ਾ; ਡੀ ਏ ’ਚ 3 ਫ਼ੀਸਦੀ ਵਾਧਾ; ਖ਼ਜ਼ਾਨੇ ’ਤੇ ਪਵੇਗਾ 10 ਹਜ਼ਾਰ ਕਰੋੜ ਦਾ ਬੋਝ

**ਨਵੀਂ ਦਿੱਲੀ, 28 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਕੇਂਦਰ ਸਰਕਾਰ ਨੇ ਆਪਣੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਵੱਡੀ ਰਾਹਤ ਦਿੰਦਿਆਂ ਮਹਿੰਗਾਈ ਭੱਤੇ (ਡੀ ਏ) ਅਤੇ ਮਹਿੰਗਾਈ ਰਾਹਤ (ਡੀ ਆਰ) ਵਿੱਚ 3 ਫ਼ੀਸਦੀ ਵਾਧੇ ਦਾ ਐਲਾਨ ਕੀਤਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਬੁੱਧਵਾਰ ਨੂੰ ਹੋਈ ਕੇਂਦਰੀ ਕੈਬਨਿਟ ਦੀ ਮੀਟਿੰਗ ਵਿੱਚ ਇਸ ਫ਼ੈਸਲੇ ’ਤੇ ਮੋਹਰ ਲਗਾਈ ਗਈ।

ਇਹ ਵਾਧਾ ਪਿਛਲੀ ਤਾਰੀਖ਼ ਯਾਨੀ 1 ਜੁਲਾਈ, 2026 ਤੋਂ ਲਾਗੂ ਹੋਵੇਗਾ। ਇਸ ਫ਼ੈਸਲੇ ਮਗਰੋਂ ਹੁਣ ਮੂਲ ਤਨਖ਼ਾਹ ਅਤੇ ਪੈਨਸ਼ਨ ’ਤੇ ਮਿਲਣ ਵਾਲਾ ਡੀਏ 60 ਫ਼ੀਸਦੀ ਤੋਂ ਵਧ ਕੇ 63 ਫ਼ੀਸਦੀ ਹੋ ਜਾਵੇਗਾ।

ਸਰਕਾਰ ਦੇ ਇਸ ਕਦਮ ਨਾਲ ਲਗਪਗ 48.54 ਲੱਖ ਕੇਂਦਰੀ ਮੁਲਾਜ਼ਮਾਂ ਅਤੇ 68.71 ਲੱਖ ਪੈਨਸ਼ਨਰਾਂ ਨੂੰ ਲਾਭ ਮਿਲੇਗਾ। ਦੂਜੇ ਪਾਸੇ, ਡੀ ਏ ਅਤੇ ਡੀ ਆਰ ਵਿੱਚ ਕੀਤੇ ਗਏ ਇਸ ਵਾਧੇ ਕਾਰਨ ਸਰਕਾਰੀ ਖ਼ਜ਼ਾਨੇ ’ਤੇ ਸਾਲਾਨਾ 10,016.10 ਕਰੋੜ ਰੁਪਏ ਦਾ ਵਾਧੂ ਵਿੱਤੀ ਬੋਝ ਪਵੇਗਾ।

ਮੋਦੀ ਕੈਬਨਿਟ ਵੱਲੋਂ ਇਹ ਫ਼ੈਸਲਾ 7ਵੇਂ ਤਨਖ਼ਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਤਹਿਤ ਤੈਅ ਫ਼ਾਰਮੂਲੇ ਦੇ ਆਧਾਰ ’ਤੇ ਲਿਆ ਗਿਆ ਹੈ। ਦੱਸਣਯੋਗ ਹੈ ਕਿ ਵੱਧਦੀ ਮਹਿੰਗਾਈ ਦੇ ਅਸਰ ਨੂੰ ਘਟਾਉਣ ਲਈ ਸਰਕਾਰ ਵੱਲੋਂ ਹਰ ਸਾਲ ਜਨਵਰੀ ਅਤੇ ਜੁਲਾਈ ਵਿੱਚ ਸਾਲਾਨਾ ਦੋ ਵਾਰ ਡੀ ਏ ਦੀਆਂ ਦਰਾਂ ਦੀ ਸਮੀਖਿਆ ਕੀਤੀ ਜਾਂਦੀ ਹੈ।

ਸਰਕਾਰੀ ਮੁਲਾਜ਼ਮਾਂ ਨੂੰ ਵੱਧਦੇ ਰਹਿਣ-ਸਹਿਣ ਦੇ ਖ਼ਰਚਿਆਂ ਤੋਂ ਰਾਹਤ ਦੇਣ ਲਈ ਮਹਿੰਗਾਈ ਭੱਤਾ (ਡੀਏ) ਅਤੇ ਸੇਵਾਮੁਕਤ ਮੁਲਾਜ਼ਮਾਂ ਨੂੰ ਮਹਿੰਗਾਈ ਰਾਹਤ (ਡੀਆਰ) ਦਿੱਤੀ ਜਾਂਦੀ ਹੈ।

## ਬਿਕਰਮ ਮਜੀਠੀਆ ਖ਼ਿਲਾਫ਼ ਪੰਜਾਬ ਵਿਜੀਲੈਂਸ ਵੱਲੋਂ 40,000 ਪੰਨਿਆਂ ਦੀ ਚਾਰਜਸ਼ੀਟ ਦਾਖ਼ਲ

### ਡਰੱਗ ਮਨੀ ਮਾਮਲੇ ’ਚ ਮੁਹਾਲੀ ਦੀ ਵਿਸ਼ੇਸ਼ ਅਦਾਲਤ ’ਚ ਪੇਸ਼ ਕੀਤੇ ਗਏ ਦਸਤਾਵੇਜ਼

**ਚੰਡੀਗੜ੍ਹ, 28 ਅਕਤੂਬਰ**
**-ਜੀ. ਐਸ. ਤੁੰਗ-**



ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਬੁੱਧਵਾਰ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਖ਼ਿਲਾਫ਼ ਡਰੱਗ-ਮਨੀ ਮਾਮਲੇ ਵਿੱਚ ਲਗਪਗ 40,000 ਪੰਨਿਆਂ ਦੀ ਪੂਰਕ ਚਾਰਜਸ਼ੀਟ (ਸਪਲੀਮੈਂਟਰੀ ਦੋਸ਼ ਪੱਤਰ) ਦਾਖ਼ਲ ਕੀਤੀ ਗਈ ਹੈ।

ਸਰਕਾਰੀ ਬੁਲਾਰੇ ਅਨੁਸਾਰ ਜਾਂਚ ਦੌਰਾਨ ਇਸ ਮਾਮਲੇ ਨਾਲ ਜੁੜੇ ਲਗਪਗ 736.96 ਕਰੋੜ ਰੁਪਏ ਦੀ ਡਰੱਗ-ਮਨੀ (ਨਸ਼ੇ ਦੀ ਕਮਾਈ) ਦੇ ਲੈਣ-ਦੇਣ ਦਾ ਪਤਾ ਲਗਾਇਆ ਗਿਆ ਹੈ। ਇਸ ਵਿੱਚ 161 ਕਰੋੜ ਰੁਪਏ ਦੇ ਗ਼ੈਰ-ਹਿਸਾਬੀ ਨਕਦ ਜਮ੍ਹਾਂ, 141 ਕਰੋੜ ਰੁਪਏ ਸ਼ੱਕੀ ਵਿਦੇਸ਼ੀ ਇਕਾਈਆਂ ਰਾਹੀਂ ਭੇਜੇ ਗਏ ਅਤੇ 236 ਕਰੋੜ ਰੁਪਏ ਕੰਪਨੀਆਂ ਦੇ ਖਾਤਿਆਂ ਵਿੱਚ ਅਣ-ਐਲਾਨੀ ਰਕਮ ਵਜੋਂ ਸ਼ਾਮਲ ਹਨ।

ਬੁਲਾਰੇ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਦਾਖ਼ਲ ਕੀਤੀ ਗਈ ਪਹਿਲੀ ਚਾਰਜਸ਼ੀਟ ਵਿੱਚ 540 ਕਰੋੜ ਰੁਪਏ ਦੀਆਂ ਸੰਪਤੀਆਂ ਦਾ ਜ਼ਿਕਰ ਕੀਤਾ ਗਿਆ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਜਾਂਚ ਵਿੱਚ ਮਜੀਠੀਆ ਦੇ ਵਿੱਤੀ ਨੈੱਟਵਰਕ, ਸ਼ਰਾਬ ਕੰਪਨੀਆਂ ਦੇ ਤਬਾਦਲਿਆਂ (ਟ੍ਰਾਂਸਫਰਾਂ) ਅਤੇ ਅੰਤਰਰਾਸ਼ਟਰੀ ਤਸਕਰਾਂ ਨਾਲ ਕਥਿਤ ਸਬੰਧਾਂ ’ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ। ਕੇਸ ਦੇ ਪੁਰਾਣੇ ਰਿਕਾਰਡਾਂ ਵਿੱਚ ਸਤਪ੍ਰੀਤ ਸਿੰਘ ਉਰਫ਼ ‘ਸੱਤਾ’ ਅਤੇ ਪਰਮਿੰਦਰ ਸਿੰਘ ਉਰਫ਼ ‘ਪਿੰਡੀ’ ਨਾਲ ਉਨ੍ਹਾਂ ਦੇ ਸਬੰਧਾਂ ’ਤੇ ਵੀ ਸਵਾਲ ਖੜ੍ਹੇ ਕੀਤੇ ਗਏ ਸਨ, ਜਿਸ ਵਿੱਚ ਮੰਤਰੀ ਵਜੋਂ ਆਪਣੇ ਕਾਰਜਕਾਲ ਦੌਰਾਨ ਉਨ੍ਹਾਂ ਨੂੰ ਆਪਣੀ ਗੱਡੀ ਵਿੱਚ ਲੈ ਕੇ ਜਾਣ ਦੇ ਦਾਅਵੇ ਵੀ ਸ਼ਾਮਲ ਹਨ।

ਸਰਕਾਰੀ ਬੁਲਾਰੇ ਨੇ ਕਿਹਾ ਕਿ ਜਾਂਚ ਵਿੱਚ ਮਜੀਠੀਆ ਨਾਲ ਜੁੜੀਆਂ ਕੰਪਨੀਆਂ ਦੇ ਵਿੱਤੀ ਲੈਣ-ਦੇਣ ਦੀ ਵੀ ਜਾਂਚ ਕੀਤੀ ਗਈ ਹੈ, ਜਿਸ ਵਿੱਚ ‘ਸਰਾਇਆ ਇੰਡਸਟਰੀਜ਼’ ਪ੍ਰਮੁੱਖ ਤੌਰ ’ਤੇ ਸਾਹਮਣੇ ਆਈ ਹੈ।

ਜਾਂਚ ਦੌਰਾਨ ਸ਼ਰਾਬ ਕੰਪਨੀਆਂ, ਸ਼ੱਕੀ ਵਿਦੇਸ਼ੀ ਇਕਾਈਆਂ ਅਤੇ ਅਕਾਲੀ ਆਗੂ ਨਾਲ ਜੁੜੇ ਵਪਾਰਕ ਸਹਿਯੋਗੀਆਂ ਦੇ ਲੈਣ-ਦੇਣ ਨੂੰ ਵੀ ਸ਼ਾਮਲ ਕੀਤਾ ਗਿਆ ਹੈ।

## ‘ਸਿੱਖ ਕਦੇ ਵੀ ਅਜਿਹੀ ਧੱਕੇਸ਼ਾਹੀ ਨਹੀਂ ਭੁੱਲਣਗੇ’: ਮਾਨਸਾ ’ਚ ਸਿੱਖਾਂ ਦੀਆਂ ਦਸਤਾਰਾਂ ਤੇ ਕਕਾਰਾਂ ਦੀ ਬੇਅਦਬੀ ’ਤੇ ਭੜਕੇ ਜਥੇਦਾਰ ਗੜਗੱਜ

**ਅੰਮ੍ਰਿਤਸਰ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਨਸਾ ਵਿਖੇ ਰੋਸ ਪ੍ਰਦਰਸ਼ਨ ਕਰ ਰਹੇ ਸਿੱਖਾਂ ਉੱਤੇ ਪੰਜਾਬ ਪੁਲੀਸ ਵੱਲੋਂ ਕੀਤੇ ਤਸ਼ੱਦਦ ਅਤੇ ਉਨ੍ਹਾਂ ਦੇ ਕਕਾਰਾਂ ਤੇ ਦਸਤਾਰਾਂ ਦੀ ਕੀਤੀ ਗਈ ਬੇਅਦਬੀ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਜਿਹੜੇ ਪੁਲੀਸ ਅਧਿਕਾਰੀਆਂ ਨੇ ਸਿੱਖ ਕਕਾਰਾਂ ਤੇ ਦਸਤਾਰਾਂ ਦਾ ਤਿਰਸਕਾਰ ਕੀਤਾ ਹੈ, ਉਨ੍ਹਾਂ ਵਿਰੁੱਧ ਪੰਜਾਬ ਪੁਲੀਸ ਵੱਲੋਂ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲੀਸ ਅਤੇ ਸਰਕਾਰ ਇਹ ਗੱਲ ਚੇਤਾ ਰੱਖਣ ਕਿ ਸਿੱਖ ਕਦੇ ਵੀ ਅਜਿਹੀ ਸ਼ਰਮਨਾਕ ਤੇ ਧੱਕੇ ਵਾਲੀ ਕਾਰਵਾਈ ਨੂੰ ਨਹੀਂ ਭੁੱਲਣਗੇ ਅਤੇ ਨਾ ਹੀ ਇਸ ਨੂੰ ਬਰਦਾਸ਼ਤ ਕਰਨਗੇ।

ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਨਸ਼ਿਆਂ ਦੀ ਸਮੱਸਿਆ ਬਹੁਤ ਗੰਭੀਰ ਹੈ ਅਤੇ ਇਸ ਨੂੰ ਰੋਕਣਾ ਸਰਕਾਰਾਂ ਦੀ ਮੁੱਢਲੀ ਜ਼ਿੰਮੇਵਾਰੀ ਸੀ, ਪਰ ਮੌਜੂਦਾ ਸਰਕਾਰਾਂ ਇਸ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀ ਰੱਖਿਆ ਕਰਨ ਦੀ ਥਾਂ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਉੱਤੇ ਹੀ ਤਸ਼ੱਦਦ ਕਰ ਰਹੀ ਹੈ, ਜਿਸ ਦਾ ਸਮਾਂ ਆਉਣ ਉੱਤੇ ਲੋਕਾਂ ਵੱਲੋਂ ਵਾਜਬ ਜਵਾਬ ਜ਼ਰੂਰ ਦਿੱਤਾ ਜਾਵੇਗਾ।



ਜਥੇਦਾਰ ਗੜਗੱਜ ਨੇ ਸਮੂਹ ਪੰਜਾਬੀਆਂ ਅਤੇ ਇਨਸਾਫ਼ ਪਸੰਦ ਸੰਸਥਾਵਾਂ ਤੇ ਸ਼ਖ਼ਸੀਅਤਾਂ ਨੂੰ ਮਾਨਸਾ ਵਿਖੇ ਸ਼ਹੀਦ ਪਰਵਿੰਦਰ ਸਿੰਘ ਦੇ ਇਨਸਾਫ਼ ਲਈ ਚੱਲ ਰਹੇ ਮੋਰਚੇ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਉਨ੍ਹਾਂ ਦੱਸਿਆ ਕਿ ਮਾਨਸਾ ਦੇ ਭੰਮੇ ਕਲਾਂ ਪਿੰਡ ਦੇ ਨੌਜਵਾਨ ਦਲਜੀਤ ਸਿੰਘ ਦੀ ਭੇਤ ਭਰੇ ਹਾਲਾਤ ਵਿੱਚ ਮੌਤ ਦਾ ਮਾਮਲਾ ਸਾਹਮਣੇ ਆਇਆ ਹੈ। ਪਰਿਵਾਰ ਦਾ ਦੋਸ਼ ਹੈ ਕਿ ਦਲਜੀਤ ਸਿੰਘ ਨਸ਼ੇ ਦੀ ਓਵਰਡੋਜ਼ ਕਾਰਨ ਮਰਿਆ ਹੈ ਅਤੇ ਉਨ੍ਹਾਂ ਨੇ ਨਸ਼ਾ ਵੇਚਣ ਵਾਲੇ ਮੁਲਜ਼ਮਾਂ ਵਿਰੁੱਧ ਕਾਰਵਾਈ ਦੀ ਮੰਗ ਕੀਤੀ ਹੈ। ਇਸ ਦੇ ਰੋਸ ਵਿੱਚ ਇਕੱਠੇ ਹੋਏ ਲੋਕਾਂ ਉੱਤੇ ਪੁਲੀਸ ਨੇ ਅਣਮਨੁੱਖੀ ਵਿਹਾਰ ਕੀਤਾ। ਉਨ੍ਹਾਂ ਕਿਹਾ ਕਿ ਪੁਲੀਸ ਨੂੰ ਅਜਿਹੀ ਕਾਰਵਾਈ ਨਸ਼ਾ ਵੇਚਣ ਵਾਲਿਆਂ ਵਿਰੁੱਧ ਕਰਨੀ ਚਾਹੀਦੀ ਹੈ ਅਤੇ ਨਸ਼ੇ ਦੀ ਵਿਕਰੀ ਰੋਕਣੀ ਚਾਹੀਦੀ ਹੈ।

ਉਨ੍ਹਾਂ ਆਖਿਆ ਕਿ ਅੰਮ੍ਰਿਤਧਾਰੀ ਸਿੱਖਾਂ ਦੀਆਂ ਦਸਤਾਰਾਂ, ਕੇਸਾਂ ਅਤੇ ਕਕਾਰਾਂ ਦੀ ਬੇਅਦਬੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਦੇਸ਼ ਅੰਦਰ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨ ਦਾ ਅਧਿਕਾਰ ਹਰ ਕਿਸੇ ਨੂੰ ਹੈ, ਪਰ ਸਰਕਾਰ ਵੱਲੋਂ ਲੋਕਾਂ ਨਾਲ ਧੱਕਾ ਅਤੇ ਨਾ-ਇਨਸਾਫੀ ਵਾਲੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਲਈ ਹੁੰਦੀ ਹੈ ਅਤੇ ਸੱਤਾ ਦਾ ਹੰਕਾਰ ਤੇ ਨਸ਼ਾ ਬਹੁਤਾ ਲੰਮਾ ਸਮਾਂ ਨਹੀਂ ਚੱਲਦਾ।

## ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਅਧਿਕਾਰੀਆਂ ਦੇ ਤਬਾਦਲਿਆਂ ਦੀ ਤਿਆਰੀ? ਚੋਣ ਕਮਿਸ਼ਨ ਦੇ ਨਿਰਦੇਸ਼ਾਂ ਬਾਰੇ ਚਰਚਾ ਤੇਜ਼

**ਚੰਡੀਗੜ੍ਹ, 28 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਰਕਾਰੀ ਅਧਿਕਾਰੀਆਂ ਦੇ ਤਬਾਦਲਿਆਂ ਅਤੇ ਚੋਣ ਜ਼ਾਬਤਾ ਲਾਗੂ ਹੋਣ ਦੇ ਸਮੇਂ ਨੂੰ ਲੈ ਕੇ ਚਰਚਾ ਤੇਜ਼ ਹੋ ਗਈ ਹੈ। ਚੋਣਾਂ ਵਾਲੇ ਸੂਬਿਆਂ ਵਿੱਚ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਤਾਇਨਾਤੀ ਸਬੰਧੀ ਚੋਣ ਕਮਿਸ਼ਨ ਦੇ ਨਿਰਦੇਸ਼ ਅਹਿਮ ਮੰਨੇ ਜਾਂਦੇ ਹਨ। ਹਾਲਾਂਕਿ, ਪੰਜਾਬ ਵਿੱਚ ਤਬਾਦਲਿਆਂ ਸਬੰਧੀ ਕਿਸੇ ਖ਼ਾਸ ਨਵੇਂ ਹੁਕਮ ਅਤੇ ਚੋਣ ਜ਼ਾਬਤੇ ਦੀ ਤਾਰੀਖ਼ ਦੀ ਅਧਿਕਾਰਤ ਪੁਸ਼ਟੀ ਤੋਂ ਬਿਨਾਂ ਇਨ੍ਹਾਂ ਨੂੰ ਅੰਤਿਮ ਫ਼ੈਸਲਾ ਨਹੀਂ ਮੰਨਿਆ ਜਾਣਾ ਚਾਹੀਦਾ।

**ਚੋਣ ਕਮਿਸ਼ਨ ਨੇ ਪੰਜ ਸੂਬਿਆਂ ਲਈ ਜਾਰੀ ਕੀਤੇ ਨਿਰਦੇਸ਼**

ਭਾਰਤੀ ਚੋਣ ਕਮਿਸ਼ਨ ਵੱਲੋਂ 27 ਅਕਤੂਬਰ ਨੂੰ ਪੰਜਾਬ ਸਮੇਤ ਗੋਆ, ਮਣੀਪੁਰ, ਉੱਤਰਾਖੰਡ ਅਤੇ ਉੱਤਰ ਪ੍ਰਦੇਸ਼ ਦੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਚੋਣ ਪ੍ਰਬੰਧਨ ਨਾਲ ਜੁੜੇ ਅਧਿਕਾਰੀਆਂ ਦੀ ਤਾਇਨਾਤੀ ਅਤੇ ਤਬਾਦਲਿਆਂ ਸਬੰਧੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਇਨ੍ਹਾਂ ਮੁਤਾਬਕ, ਆਪਣੇ ਗ੍ਰਹਿ ਜ਼ਿਲ੍ਹੇ ਵਿੱਚ ਤਾਇਨਾਤ ਅਧਿਕਾਰੀਆਂ ਅਤੇ ਪਿਛਲੇ ਚਾਰ ਸਾਲਾਂ ਦੌਰਾਨ ਕਿਸੇ ਜ਼ਿਲ੍ਹੇ ਵਿੱਚ ਤਿੰਨ ਸਾਲ ਦੀ ਤਾਇਨਾਤੀ ਪੂਰੀ ਕਰ ਚੁੱਕੇ ਜਾਂ ਨਿਰਧਾਰਤ ਮਿਤੀ ਤੱਕ ਪੂਰੀ ਕਰਨ ਵਾਲੇ ਯੋਗ ਅਧਿਕਾਰੀਆਂ ਨੂੰ ਤਬਦੀਲ ਕਰਨ ਦੀ ਕਾਰਵਾਈ ਕੀਤੀ ਜਾਵੇਗੀ।

**ਕਿਹੜੇ ਅਧਿਕਾਰੀਆਂ ‘ਤੇ ਲਾਗੂ ਹੋਣਗੇ ਨਿਯਮ?**

ਇਨ੍ਹਾਂ ਨਿਰਦੇਸ਼ਾਂ ਦੇ ਦਾਇਰੇ ਵਿੱਚ ਜ਼ਿਲ੍ਹਾ ਚੋਣ ਅਧਿਕਾਰੀ, ਰਿਟਰਨਿੰਗ ਅਧਿਕਾਰੀ, ਸਹਾਇਕ ਰਿਟਰਨਿੰਗ ਅਧਿਕਾਰੀ, ਐਸਡੀਐਮ, ਤਹਿਸੀਲਦਾਰ, ਬਲਾਕ ਵਿਕਾਸ ਤੇ ਪੰਚਾਇਤ ਅਧਿਕਾਰੀ ਅਤੇ ਹੋਰ ਸਬੰਧਤ ਪ੍ਰਸ਼ਾਸਨਿਕ ਅਧਿਕਾਰੀ ਸ਼ਾਮਲ ਹਨ। ਪੁਲਿਸ ਵਿਭਾਗ ਵਿੱਚ ਸਬ-ਇੰਸਪੈਕਟਰ ਤੋਂ ਲੈ ਕੇ ਉੱਚ ਅਹੁਦਿਆਂ ਤੱਕ ਦੇ ਚੋਣ ਡਿਊਟੀ ਨਾਲ ਸਬੰਧਤ ਅਧਿਕਾਰੀ ਵੀ ਇਨ੍ਹਾਂ ਨਿਯਮਾਂ ਦੇ ਘੇਰੇ ਵਿੱਚ ਆਉਂਦੇ ਹਨ। ਆਬਕਾਰੀ ਅਤੇ ਟਰਾਂਸਪੋਰਟ ਵਿਭਾਗ ਦੇ ਕੁਝ ਅਧਿਕਾਰੀਆਂ ਲਈ ਵੀ ਇਹ ਨਿਰਦੇਸ਼ ਲਾਗੂ ਹੋਣਗੇ। ਚੋਣ ਕਮਿਸ਼ਨ ਨੇ ਪੰਜਾਬ, ਗੋਆ, ਮਣੀਪੁਰ ਅਤੇ ਉੱਤਰਾਖੰਡ ਲਈ ਤਿੰਨ ਸਾਲ ਦੀ ਤਾਇਨਾਤੀ ਦੀ ਗਿਣਤੀ ਵਾਸਤੇ 31 ਮਾਰਚ 2027 ਦੀ ਕੱਟ-ਆਫ਼ ਮਿਤੀ ਨਿਰਧਾਰਤ ਕੀਤੀ ਹੈ, ਜਦਕਿ ਉੱਤਰ ਪ੍ਰਦੇਸ਼ ਲਈ ਇਹ ਮਿਤੀ 31 ਮਈ 2027 ਹੈ। ਸਬੰਧਤ ਸੂਬਿਆਂ ਦੇ ਮੁੱਖ ਸਕੱਤਰਾਂ ਅਤੇ ਪੁਲਿਸ ਮੁਖੀਆਂ ਨੂੰ ਨਿਰਦੇਸ਼ਾਂ ਦੀ ਪਾਲਣਾ ਸਬੰਧੀ ਰਿਪੋਰਟ 30 ਨਵੰਬਰ 2026 ਤੱਕ ਜਮ੍ਹਾਂ ਕਰਵਾਉਣ ਲਈ ਕਿਹਾ ਗਿਆ ਹੈ।

**ਕੀ ਨਵੰਬਰ ਵਿੱਚ ਲੱਗੇਗਾ ਚੋਣ ਜ਼ਾਬਤਾ?**

ਚੋਣ ਕਮਿਸ਼ਨ ਵੱਲੋਂ ਅਧਿਕਾਰੀਆਂ ਦੇ ਤਬਾਦਲਿਆਂ ਬਾਰੇ ਜਾਰੀ ਕੀਤੇ ਨਿਰਦੇਸ਼ਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦਾ ਹਿੱਸਾ ਮੰਨਿਆ ਜਾ ਰਿਹਾ ਹੈ। ਹਾਲਾਂਕਿ, ਸਿਰਫ਼ ਇਨ੍ਹਾਂ ਨਿਰਦੇਸ਼ਾਂ ਦੇ ਆਧਾਰ ‘ਤੇ ਇਹ ਨਤੀਜਾ ਨਹੀਂ ਕੱਢਿਆ ਜਾ ਸਕਦਾ ਕਿ ਪੰਜਾਬ ਵਿੱਚ ਨਵੰਬਰ ਮਹੀਨੇ ਦੌਰਾਨ ਚੋਣ ਜ਼ਾਬਤਾ ਲਾਗੂ ਹੋ ਜਾਵੇਗਾ। ਚੋਣ ਜ਼ਾਬਤਾ ਲਾਗੂ ਹੋਣ ਦੀ ਤਾਰੀਖ਼ ਲਈ ਚੋਣ ਕਮਿਸ਼ਨ ਦੇ ਅਧਿਕਾਰਤ ਐਲਾਨ ਦੀ ਉਡੀਕ ਕਰਨੀ ਪਵੇਗੀ। ਪੰਜਾਬ ਵਿਧਾਨ ਸਭਾ ਦਾ ਮੌਜੂਦਾ ਕਾਰਜਕਾਲ ਮਾਰਚ 2027 ਵਿੱਚ ਪੂਰਾ ਹੋਣਾ ਹੈ। ਇਸ ਲਈ ਆਉਣ ਵਾਲੇ ਮਹੀਨਿਆਂ ਵਿੱਚ ਚੋਣ ਪ੍ਰਬੰਧਾਂ, ਅਧਿਕਾਰੀਆਂ ਦੀ ਤਾਇਨਾਤੀ ਅਤੇ ਵੋਟਰ ਸੂਚੀਆਂ ਨਾਲ ਸਬੰਧਤ ਕਾਰਵਾਈਆਂ ‘ਤੇ ਨਜ਼ਰ ਰਹੇਗੀ।








# ਪੋਲੀਟਿਕਸ



## ਹਰਸਿਮਰਤ ਕੌਰ ਬਾਦਲ ਨੇ ਸੂਬੇ ਵਿਚ ਲਗਾਤਾਰ ਵਾਪਰ ਰਹੀਆਂ ਹਿੰਸਕ ਘਟਨਾਵਾਂ ਲਈ ਮੁੱਖ ਮੰਤਰੀ ਨੂੰ ਜ਼ਿੰਮੇਵਾਰ ਠਹਿਰਾਇਆ

**ਰਾਜਪੁਰਾ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**




ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਅੱਜ ਪੰਜਾਬ ਵਿਚ ਲਗਾਤਾਰ ਵਾਪਰ ਰਹੀਆਂ ਨਿਰਦਈ ਹਿੰਸਕ ਘਟਨਾਵਾਂ ’ਤੇ ਹੈਰਾਨੀ ਪ੍ਰਗਟ ਕਰਦਿਆਂ ਜ਼ੋਰ ਦੇ ਕੇ ਕਿਹਾ ਕਿ ਇਹ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੀ ਜ਼ਿੰਮੇਵਾਰੀ ਤਿਆਗਣ ਦਾ ਸਿੱਧਾ ਨਤੀਜਾ ਹਨ ਕਿਉਂਕਿ ਉਹਨਾਂ ਨੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਛੱਡ ਦਿੱਤੀ ਜਿਸ ਕਾਰਨ ਗੈਂਗਸਟਰ ਤੇ ਨਸ਼ਾ ਤਸਕਰ ਆਪਣੀ ਮਨਮਰਜ਼ੀ ਮੁਤਾਬਕ ਕੰਮ ਕਰ ਰਹੇ ਹਨ।

ਬਠਿੰਡਾ ਦੇ ਐਮ ਪੀ ਜਿਹਨਾਂ ਨੇ ਡੇਰਾ ਬੱਸੀ ਅਤੇ ਘਨੌਰ ਵਿਖੇ ਮਾਵਾਂ ਧੀਆਂ ਇਨਸਾਫ ਯਾਤਰਾ ਦੇ ਹਿੱਸੇ ਵਜੋਂ ਵਿਸ਼ਾਲ ਜਨਤਕ ਰੈਲੀ ਨੂੰ ਸੰਬੋਧਨ ਕੀਤਾ, ਨੇ ਕਿਹਾ ਕਿ ਪੰਜਾਬ ਵੇਖ ਰਿਹਾ ਹੈ ਕਿ ਕਿਵੇਂ ਸੂਬੇ ਵਿਚ ਇਕ ਤੋਂ ਬਾਅਦ ਇਕ ਹਿੰਸਕ ਘਟਨਾਵਾਂ ਵਾਪਰ ਰਹੀਆਂ ਹਨ ਤੇ ਇਕ ਨੌਜਵਾਨ ਦੀ ਬਾਂਹ ਵੱਢ ਦਿੱਤੀ ਗਈ ਤੇ ਉਸਦੇ ਮਾਪਿਆਂ ਨੂੰ ਭੇਜ ਦਿੱਤੀਗਈ ਤੇ ਪਟਿਆਲਾ, ਮੋਗਾ ਤੇ ਜਗਰਾਓਂ ਵਿਚ ਨੌਜਵਾਨਾਂ ਦੇ ਕਤਲ ਹੋਏ।

ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਰਾਹੁਲ ਗਾਂਧੀ ਨੂੰ ਪੁੱਛਿਆ ਕਿ ਉਹ ਪੰਜਾਬ ਦੇ ਨੌਜਵਾਨਾਂ ਦੀ ਬਦਨਾਮੀ ਕਰਨ ਤੋਂ ਬਾਅਦ ਹੁਣ ਨੌਜਵਾਨਾਂ ਵਾਸਤੇ ਕੀ ਸੁਨੇਹਾ ਲੈ ਕੇ ਆਉਣਾ ਚਾਹੁੰਦੇ ਹਨ। ਉਹਨਾਂ ਨੇ ਰਾਹੁਲ ਗਾਂਧੀ ਨੂੰ ਇਕ ਫੇਲ੍ਹ ਆਗੂ ਕਰਾਰ ਦਿੱਤਾ ਜਿਸਨੂੰ ਪੰਜਾਬ ਆ ਕੇ ਪੰਜਾਬੀਆਂ ਨੂੰ ਗੁੰਮਰਾਹ ਕਰਨ ਤੇ ਧੋਖਾ ਦੇਣ ਦੀ ਥਾਂ ਸਿਰਫ ਆਪਣੇ ’ਤੇ ਹੀ ਧਿਆਨ ਲਗਾਉਣਾ ਚਾਹੀਦਾ ਹੈ। ਉਹਨਾਂ ਨੇ ਕਾਂਗਰਸ ਪਾਰਟੀ ਵੱਲੋਂ 1 ਨਵੰਬਰ ਦੀ ਰੈਲੀ ਦਾ ਪ੍ਰੋਗਰਾਮ ਜਾਰੀ ਰੱਖਣ ਦੀ ਵੀ ਨਿਖੇਧੀ ਕੀਤੀ ਅਤੇ ਕਿਹਾ ਕਿ ਇਹ ਦਿਨ ਸਿੱਖਾਂ ਨੂੰ ਦਿੱਲੀ ਤੇ ਦੇਸ਼ ਦੇ ਹੋਰ ਭਾਗਾਂ ਵਿਚ ਹੋਏ ਕਤਲੇਆਮ ਨੂੰ ਚੇਤੇ ਕਰਵਾਉਂਦਾ ਹੈ।

ਮੁੱਖ ਮੰਤਰੀ ਦੀ ਗੱਲ ਕਰਦਿਆਂ ਸਰਦਾਰਨੀ ਬਾਦਲ ਨੇ ਕਿਹਾ ਕਿ ਇਹ ਬਹੁਤ ਹੀ ਸ਼ਰਮ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਨੇ ਨਸ਼ਾ ਵਿਰੋਧੀ ਕਾਰਕੁੰਨ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਹੀ ਮਿਲਣ ਤੋਂ ਇਨਕਾਰ ਕਰ ਦਿੱਤਾ। ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਭਗਵੰਤ ਮਾਨ ਨੇ ਕਿਹਾ ਹੈ ਕਿ ਪੀੜਤ ਪਰਿਵਾਰਾਂ ਦੀਆਂ ਮੰਗਾਂ ਵਾਜਬ ਨਹੀਂ ਹਨ। ਉਹਨਾਂ ਕਿਹਾ ਕਿ ਪਰਿਵਾਰ ਜਿਸਨੇ ਨਸ਼ਾ ਮਾਫੀਆ ਕਾਰਨ ਆਪਣਾ ਇਕਲੌਤਾ ਪੁੱਤਰ ਗੁਆਇਆ, ਸਿਰਫ ਸਿ?ਆਸਤਦਾਨ-ਪੁਲਿਸ-ਪ੍ਰਸ਼ਾਸਨ ਗੰਢਤੁੱਪ ਦੇ ਖਿਲਾਫ ਕਾਰਵਾਈ ਦੀ ਮੰਗ ਕਰ ਰਿਹਾ ਹੈ। ਉਹਨਾਂ ਕਿਹਾ ਕਿ ਪਰਿਵਾਰ ਨੂੰ ਉਹਨਾਂ ਪੁਲਿਸ ਅਫਸਰਾਂ ਦੇ ਖਿਲਾਫ ਕਾਰਵਾਈ ਦੀ ਮੰਗ ਕਰਨ ਦਾ ਹੱਕ ਹੈ ਜਿਹਨਾਂ ਨੇ ਪਰਵਿੰਦਰ ਝੋਟਾ ਦੇ ਕਾਤਲ ਅਸ਼ਵਨੀ ਕੁਮਾਰ ਨੂੰ ਹਥਿਆਰਾਂ ਦਾ ਲਾਇਸੰਸ ਦਿੱਤਾ ਅਤੇ ਉਸ ਡਰੱਗ ਇੰਸਪੈਕਟਰ ਦੇ ਖਿਲਾਫ ਵੀ ਜਿਸਦੀ ਨਿਗਰਾਨੀ ਹੇਠ ਅਸ਼ਵਨੀ ਕੁਮਾਰ ਦੇ ਮੈਡੀਕਲ ਸਟੋਰ ’ਤੇ ਨਸ਼ਾ ਵਿਕਦਾ ਰਿਹਾ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਦਾ ਨਸ਼ਾ ਮਾਫੀਆ ਦੇ ਖਿਲਾਫ ਕਾਰਵਾਈ ਦਾ ਕੋਈ ਇਰਾਦਾ ਨਹੀਂ ਹੈ। ਉਹਨਾਂ ਕਿਹਾ ਕਿ ਹੁਣ ਸਾਨੂੰ ਇਸ ਬੁਰਾਈ ਤੋਂ ਆਪਣੇ ਸੂਬੇ ਦਾ ਆਪ ਬਚਾਅ ਕਰਨਾ ਪਵੇਗਾ। ਉਹਨਾਂ ਕਿਹਾ ਕਿ ਇਹੀ ਕਾਰਨ ਹੈ ਕਿ ਮਾਵਾਂ ਧੀਆਂ ਦੀ ਫੌਜ ਦੀ ਸਿਰਜਣਾ ਕੀਤੀ ਗਈ ਹੈ। ਉਹਨਾਂ ਨੇ ਸਾਰੀਆਂ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ 15-15 ਮਹਿਲਾਵਾਂ ਦੇ ਜੱਥੇ ਬਣਾ ਕੇ ਪਿੰਡਾਂ ਵਿਚ ਨਸ਼ਾ ਤਸਕਰੀ ਰੋਕਣ ਵਾਸਤੇ ਕੰਮ ਕਰਨ। ਉਹਨਾਂ ਇਹ ਵੀ ਅਪੀਲ ਕੀਤੀ ਕਿ ਮਹਿਲਾਵਾਂ ਨਸ਼ਾ ਵੇਚਣ ਵਾਲਿਆਂ ਤੇ ਉਹਨਾਂ ਦੀ ਪੁਸ਼ਤਪਨਾਹੀ ਕਰਨ ਵਾਲਿਆਂ ਦਾ ਰਿਕਾਰਡ ਬਣਾਉਣ। ਉਹਨਾਂ ਕਿਹਾ ਕਿ 2027 ਵਿਚ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਇਕ ਮਹਿਲਾ ਡੀ ਜੀ ਪੀ ਦੀ ਅਗਵਾਈ ਹੇਠ ਵਿਸ਼ੇਸ਼ ਟਾਸਕ ਫੋਰਸ ਬਣਾ ਕੇ ਉਹਨਾਂ ਵੱਲੋਂ ਬਣਾਈਆਂ ਲਿਸਟਾਂ ਦੇ ਆਧਾਰ ’ਤੇ ਨਸ਼ਾ ਤਸਕਰਾਂ ਤੇ ਉਹਨਾਂ ਦੀ ਪੁਸ਼ਤਪਨਾਹੀ ਕਰਨ ਵਾਲਿਆਂ ਦੇ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਹਨਾਂ ਇਹ ਵੀ ਦੱਸਿਆਕਿ ਅਕਾਲੀ ਦਲ ਦੀ ਸਰਕਾਰ ਕਾਨੂੰਨ ਬਦਲ ਕੇ ਨਸ਼ਾ ਤਸਕਰਾਂ ਨੂੰ 10 ਸਾਲ ਤੱਕ ਜ਼ਮਾਨਤ ਨਾ ਮਿਲਣਾ ਅਤੇ ਉਹਨਾਂ ਦੀ ਸਾਰੀ ਜਾਇਦਾਦ ਜ਼ਬਤ ਕਰਨਾ ਯਕੀਨੀ ਬਣਾਏਗੀ। ਸਰਦਾਰਨੀ ਬਾਦਲ ਨੇ ਉਹਨਾਂ ਮਾਵਾਂ ਨਾਲ ਹਮਦਰਦੀ ਪ੍ਰਗਟ ਕੀਤੀ ਜਿਹਨਾਂ ਨੇ ਨਸ਼ਿਆਂ ਕਾਰਨ ਆਪਣੇ ਪੁੱਤਰ ਗੁਆਏ। ਉਹਨਾਂ ਕਿਹਾ ਕਿ ਸੁਲਤਾਨਪੁਰ ਲੋਧੀ ਦੀ ਮਨਜੀਤ ਕੌਰ ਜਿਸਨੇ ਨਸ਼ਿਆਂ ਕਾਰਨ ਪੰਜ ਪੁੱਤਰ ਗੁਆਏ ਤੇ ਪ੍ਰੀਤੋ ਜਿਸਨੇ ਚਾਰ ਪੁੱਤਰ ਗੁਆਏ, ਦਾ ਦੁੱਖ ਵੇਖਣਾ ਬਹੁਤ ਮੁਸ਼ਕਿਲ ਹੈ। ਉਹਨਾਂ ਨੇ ਪਰਵਿੰਦਰ ਝੋਟਾ ਦੇ ਮਾਤਾ ਤੇ ਪਤਨੀ ਦੀ ਸ਼ਲਾਘਾ ਕੀਤੀ ਜੋ ਨਸ਼ਾ ਵਿਰੋਧੀ ਕਾਰਕੁੰਨ ਵਾਸਤੇ ਨਿਆਂ ਹਾਸਲ ਕਰਨ ਵਾਸਤੇ ਆਪ ਸਰਕਾਰ ਦੀ ਤਾਕਤ ਮੂਹਰੇ ਡੱਟ ਕੇ ਖੜ੍ਹੇ ਹੋਏ ਹਨ। ਇਸ ਮੌਕੇ ਯੂਥ ਅਕਾਲੀ ਦਲ ਦੇ ਪ੍ਰਧਾਨ ਤੇ ਹਲਕਾ ਇੰਚਾਰਜ ਸਰਬਜੀਤ ਸਿੰਘ ਝਿੰਜਰ ਇਹ ਗੱਲ ਵੀ ਕੀਤੀ ਕਿ ਕਿਵੇਂ ਨਸ਼ਿਆਂ ਕਾਰਨ ਨੌਜਵਾਨਾਂ ਦੀ ਸਾਰੀ ਪੀੜ੍ਹੀ ਮੌਤ ਦੇ ਮੂੰਹ ਵਿਚ ਪੈ ਰਹੀ ਹੈ।ਇਸ ਮੌਕੇ ਤੇ ਹੋਰਨਾਂ ਆਗੂਆਂ ਤੋਂ ਇਲਾਵਾ ਪਰਮਿੰਦਰ ਕੌਰ ਅਤੇ ਹਰਪ੍ਰੀਤ ਕੌਰ ਮੁਖਮੈਲਪੁਰ ਨੇ ਵੀ ਸੰਬੋਧਿਤ ਕੀਤਾ।

## ਲਖਬੀਰ ਰਾਏ ਵੱਲੋਂ ‘ਮੇਰਾ ਘਰ ਮੇਰੇ ਨਾਮ’ ਯੋਜਨਾ ਤਹਿਤ 1357 ਪਰਿਵਾਰਾਂ ਨੂੰ ਮਾਲਕੀ ਹੱਕ ਦੇ ਦਸਤਾਵੇਜ਼ ਸੌਂਪੇ



**ਫ਼ਤਹਿਗੜ੍ਹ ਸਾਹਿਬ, 28 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮਹੱਤਵਪੂਰਨ ਜਨਹਿਤੈਸ਼ੀ ਯੋਜਨਾ ‘ਮੇਰਾ ਘਰ ਮੇਰੇ ਨਾਮ’ ਤਹਿਤ ਹਲਕਾ ਫਤਹਿਗੜ੍ਹ ਸਾਹਿਬ 06 ਪਿੰਡਾਂ ਦੇ 1357 ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਨਾਲ ਸਬੰਧਤ ਮਾਲਕੀ ਹੱਕ ਦੇ ਦਸਤਾਵੇਜ਼ ਸੌਂਪੇ ਗਏ। ਇਸ ਮੌਕੇ ਹਲਕਾ ਫਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਲਾਭਪਾਤਰੀ ਪਰਿਵਾਰਾਂ ਨੂੰ ਮਾਲਕੀ ਹੱਕ ਸਬੰਧੀ ਦਸਤਾਵੇਜ਼ ਪ੍ਰਦਾਨ ਕੀਤੇ ਗਏ। ਇਸ ਯੋਜਨਾ ਤਹਿਤ ਪਿੰਡ ਬਧੌਛੀ ਖੁਰਦ ਦੇ 89 ਪਰਿਵਾਰਾਂ, ਆਦਮਪੁਰ ਦੇ 211 ਪਰਿਵਾਰਾਂ, ਹੁਸੈਨਪੁਰਾ ਦੇ 457 ਪਰਿਵਾਰਾਂ, ਸਾਨੀਪੁਰ ਦੇ 359 ਪਰਿਵਾਰਾਂ, ਭੱਟ ਮਾਜਰਾ ਦੇ 168 ਪਰਿਵਾਰਾਂ ਅਤੇ ਕੋਟਲਾ ਸੁਲੇਮਾਨ ਦੇ 73 ਦੇ ਲਾਭਪਾਤਰੀ ਪਰਿਵਾਰਾਂ ਨੂੰ ਉਨ੍ਹਾਂ ਦੀ ਜਾਇਦਾਦ ਦੇ ਮਾਲਕੀ ਹੱਕ ਨਾਲ ਸਬੰਧਤ ਦਸਤਾਵੇਜ਼ ਸੌਂਪੇ ਗਏ।

ਇਸ ਮੌਕੇ ਵਿਧਾਇਕ ਰਾਏ ਨੇ ਕਿਹਾ ਕਿ ‘ਮੇਰਾ ਘਰ ਮੇਰੇ ਨਾਮ’ ਯੋਜਨਾ ਰਾਹੀਂ ਲਾਲ ਡੋਰੇ (ਆਬਾਦੀ ਦੇਹ) ਦੇ ਖੇਤਰ ਵਿੱਚ ਲੰਬੇ ਸਮੇਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਲੋਕਾਂ ਨੂੰ ਉਨ੍ਹਾਂ ਦੀ ਜਾਇਦਾਦ ਦੇ ਪੱਕੇ ਮਾਲਕੀ ਹੱਕ ਪ੍ਰਦਾਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਲਕੀ ਹੱਕ ਮਿਲਣ ਨਾਲ ਪਰਿਵਾਰਾਂ ਨੂੰ ਆਪਣੀ ਜਾਇਦਾਦ ਸਬੰਧੀ ਕਾਨੂੰਨੀ ਸੁਰੱਖਿਆ ਮਿਲੇਗੀ ਅਤੇ ਉਹ ਲੋੜ ਪੈਣ ’ਤੇ ਬੈਂਕ ਕਰਜ਼ੇ ਸਮੇਤ ਹੋਰ ਵਿੱਤੀ ਸਹੂਲਤਾਂ ਪ੍ਰਾਪਤ ਕਰਨ ਲਈ ਵੀ ਇਨ੍ਹਾਂ ਦਸਤਾਵੇਜ਼ਾਂ ਦੀ ਵਰਤੋਂ ਕਰ ਸਕਣਗੇ। ਵਿਧਾਇਕ ਨੇ ਕਿਹਾ ਕਿ ਲੋਕਾਂ ਨੂੰ ਉਨ੍ਹਾਂ ਦੇ ਹੱਕ ਦਿਵਾਉਣਾ ਅਤੇ ਪਿੰਡਾਂ ਦੇ ਵਸਨੀਕਾਂ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਸਮੱਸਿਆਵਾਂ ਦਾ ਹੱਲ ਕਰਨਾ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਮਾਲਕੀ ਹੱਕ ਦੇ ਦਸਤਾਵੇਜ਼ ਮਿਲਣ ਨਾਲ ਇਨ੍ਹਾਂ ਪਰਿਵਾਰਾਂ ਨੂੰ ਆਪਣੀ ਜਾਇਦਾਦ ਸਬੰਧੀ ਭਵਿੱਖ ਵਿੱਚ ਵੱਖ-ਵੱਖ ਸਹੂਲਤਾਂ ਪ੍ਰਾਪਤ ਕਰਨ ਵਿੱਚ ਮਦਦ ਮਿਲੇਗੀ।

ਇਸ ਮੌਕੇ ਮਾਸਟਰ ਕਰਮਜੀਤ ਸਿੰਘ ਜੋਗੀ, ਅਸ਼ਵਨੀ ਭੱਟਮਾਜਰਾ, ਸਤਿੰਦਰ ਸਿੰਘ ਮਲਕਪੁਰ, ਸਰਪੰਚ ਇੰਦਰਜੀਤ ਸਿੰਘ ਸਾਨੀਪੁਰ ਤੋਂ ਇਲਾਵਾ ਹੋਰ ਪੰਤਵੰਤੇ ਹਾਜਰ ਸਨ।

## ਪੰਜਾਬ ਦੇ ਹੈੱਡਵਰਕਸਾਂ ਅਤੇ ਭਾਖੜਾ-ਬਿਆਸ ਮੈਨੇਜਮੈਂਟ ਦਾ ਪੂਰਨ ਕੰਟਰੋਲ ਪੰਜਾਬ ਸਰਕਾਰ ਅਧੀਨ ਹੋਵੇ ਨਾ ਕਿ ਸੈਂਟਰ ਦੇ : ਟਿਵਾਣਾ

**ਫ਼ਤਹਿਗੜ੍ਹ ਸਾਹਿਬ, 28 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਿਵੇ ਕੌਮਾਂਤਰੀ ਰੀਪੇਰੀਅਨ ਕਾਨੂੰਨ ਅਨੁਸਾਰ ਜਿਨ੍ਹਾਂ ਸੂਬਿਆਂ ਵਿਚ ਕੋਈ ਦਰਿਆ, ਨਦੀ ਵਹਿੰਦੀ ਹੈ ਅਤੇ ਜਿਸਦੇ ਉੱਛਲਣ ਤੇ ਹੜ੍ਹਾਂ ਤੋ ਹੋਣ ਵਾਲੇ ਨੁਕਸਾਨ ਨੂੰ ਸੰਬੰਧਤ ਸੂਬੇ ਦੇ ਨਿਵਾਸੀ ਸਹਿੰਦੇ ਹਨ, ਉਸ ਸੂਬੇ ਦਾ ਉਨ੍ਹਾਂ ਦਰਿਆਵਾ, ਨਦੀਆ ਦੇ ਪਾਣੀਆ ਉਤੇ ਹੀ ਕਾਨੂੰਨੀ ਹੱਕ ਹੁੰਦਾ ਹੈ । ਉਹ ਸੂਬਾ ਖੁਦਮੁਖਤਿਆਰ ਅਧਿਕਾਰ ਰੱਖਦਾ ਹੈ ਕਿ ਉਸਦੇ ਪਾਣੀਆ ਦੀ ਕਿਵੇ ਵਰਤੋ ਕਰਨੀ ਹੈ, ਵਾਧੂ ਪਾਣੀ ਕਿਸੇ ਸੂਬੇ ਨੂੰ ਕਿੰਨੀ ਮਾਤਰਾ ਵਿਚ ਦੇਣਾ ਹੈ ਜਾਂ ਨਹੀ । ਉਸੇ ਤਰ੍ਹਾਂ ਕਿਸੇ ਸੂਬੇ ਵਿਚ ਬਿਜਲੀ ਪੈਦਾ ਕਰਨ ਵਾਲੇ ਹੈੱਡਵਰਕਸਾਂ ਦਾ ਪੂਰਨ ਕੰਟਰੋਲ ਵੀ ਕਾਨੂੰਨੀ ਤੌਰ ਤੇ ਸੰਬੰਧਤ ਸੂਬੇ ਦਾ ਹੁੰਦਾ ਹੈ । ਪਰ ਦੁੱਖ ਅਤੇ ਅਫਸੋਸ ਹੈ ਕਿ 1966 ਦੀ ਪੰਜਾਬ ਦੀ ਵੰਡ ਸਮੇ ਸੈਂਟਰ ਵਿਚ ਹਕੂਮਤ ਕਰ ਰਹੀ ਬੇਈਮਾਨ ਸਰਕਾਰ ਨੇ ਪੰਜਾਬ ਦੇ ਦਰਿਆਵਾ ਦੇ ਪਾਣੀਆ ਅਤੇ ਹੈੱਡਵਰਕਸਾਂ ਤੋ ਪੈਦਾ ਹੋਣ ਵਾਲੀ ਬਿਜਲੀ ਦੇ ਕੰਟਰੋਲ ਨੂੰ ਮੰਦਭਾਵਨਾ ਅਧੀਨ ਗੈਰ ਕਾਨੂੰਨੀ ਢੰਗਾਂ ਰਾਹੀ ਸੈਂਟਰ ਨੇ ਆਪਣੇ ਅਧੀਨ ਕਰਕੇ ਪੰਜਾਬ ਸੂਬੇ ਅਤੇ ਪੰਜਾਬ ਦੇ ਨਿਵਾਸੀਆ ਨਾਲ ਵੱਡੀ ਬੇਇਨਸਾਫ਼ੀ ਤੇ ਜ਼ਬਰ ਕੀਤਾ । ਜਦੋਕਿ ਪੰਜਾਬ ਸੂਬਾ ਇਕ ਖੇਤੀ ਪ੍ਰਧਾਨ ਸੂਬਾ ਹੈ । ਜਿਸ ਨੂੰ ਆਪਣੀਆ ਫਸਲਾਂ ਸਿੰਜਣ ਲਈ ਪਾਣੀ ਤੇ ਬਿਜਲੀ ਦੀ ਖੁਦ ਹੀ ਵੱਡੀ ਲੋੜ ਹੈ । ਵਾਧੂ ਹੋਣ ਤੇ ਹੀ ਇਹ ਕਿਸੇ ਦੂਜੇ ਸੂਬੇ ਨੂੰ ਦਿੱਤੇ ਜਾ ਸਕਦੇ ਹਨ ਨਾ ਕਿ ਜਬਰੀ ਖੋਹੇ ਜਾ ਸਕਦੇ ਹਨ।



ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਦਰਿਆਵਾ, ਨਦੀਆ ਦੇ ਪਾਣੀਆ ਅਤੇ ਹੈੱਡਵਰਕਸਾਂ ਤੋ ਪੈਦਾ ਹੋਣ ਵਾਲੀ ਪੰਜਾਬ ਦੀ ਬਿਜਲੀ ਉਤੇ ਸੈਂਟਰ ਦੇ ਹੁਕਮਰਾਨਾਂ ਵੱਲੋ ਸਮੇ-ਸਮੇ ਤੇ ਗੈਰ ਕਾਨੂੰਨੀ ਢੰਗ ਨਾਲ ਮਾਰੇ ਗਏ ਡਾਕੇ ਤੇ ਪੰਜਾਬ ਦੇ ਇਨ੍ਹਾਂ ਸਾਧਨਾਂ ਦੀ ਜਬਰੀ ਕੀਤੀ ਗਈ ਲੁੱਟ ਨੂੰ ਅਤਿ ਸ਼ਰਮਨਾਕ, ਪੰਜਾਬ ਵਿਰੋਧੀ ਅਮਲ ਕਰਾਰ ਦਿੰਦੇ ਹੋਏ ਅਤੇ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਇਸ ਗੱਲ ਤੇ ਹੈਰਾਨੀ ਪ੍ਰਗਟ ਕੀਤੀ ਕਿ ਦੋਵੇ ਗੰਭੀਰ ਮੁੱਦਿਆ ਉਤੇ ਸੈਂਟਰ ਦੇ ਹੁਕਮਰਾਨਾਂ ਵੱਲੋ ਇਨਸਾਫ ਦੇਣ ਦੀ ਬਜਾਇ ਹਰ ਕਦਮ ਤੇ ਹੋਰ ਵੱਡਾ ਜਬਰ ਤੇ ਜੁਲਮ ਹੀ ਕੀਤੇ ਗਏ। ਜਿਸ ਨਾਲ ਪੰਜਾਬੀਆ ਅਤੇ ਸਿੱਖ ਕੌਮ ਵਿਚ ਵੱਡਾ ਰੋਹ ਉਤਪੰਨ ਹੋ ਚੁੱਕਾ ਹੈ । ਜੇਕਰ ਇਨ੍ਹਾਂ ਗੰਭੀਰ ਮਸਲਿਆ ਨੂੰ ਸਹੀ ਢੰਗ ਨਾਲ ਸਹੀ ਪਹੁੰਚ ਅਪਣਾਕੇ ਹੱਲ ਨਾ ਕੀਤਾ ਗਿਆ, ਤਾ ਇਸਦੇ ਨਤੀਜੇ ਵੱਡੇ ਖਤਰਨਾਕ ਹੋ ਸਕਦੇ ਹਨ। ਇਸ ਲਈ ਸੈਂਟਰ ਵੱਲੋ ਇਹ ਜਬਰ ਜੁਲਮ ਜਿੰਨੀ ਜਲਦੀ ਹੋ ਸਕੇ ਬੰਦ ਕੀਤਾ ਜਾਵੇ ਤੇ ਪੰਜਾਬੀਆ ਨੂੰ ਇਨਸਾਫ ਦਿੱਤਾ ਜਾਵੇ ।

ਉਨ੍ਹਾਂ ਕਿਹਾ ਕਿ ਇਹ ਹੋਰ ਵੀ ਵੱਡਾ ਧੱਕਾ ਹੈ ਕਿ ਪੰਜਾਬ ਦੇ ਪਾਣੀਆ ਨੂੰ ਰਾਜਸਥਾਂਨ, ਹਰਿਆਣਾ, ਦਿੱਲੀ ਆਦਿ ਸੂਬਿਆ ਨੂੰ ਨਿਰੰਤਰ ਗੈਰ ਕਾਨੂੰਨੀ ਢੰਗ ਨਾਲ ਦਿੱਤਾ ਜਾ ਰਿਹਾ ਹੈ । ਪੰਜਾਬ ਦੇ ਪਾਣੀਆ ਨੂੰ ਜਬਰੀ ਖੋਹਣ ਲਈ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਪ੍ਰਬੰਧ ਵਿਚ ਜਿਥੇ ਪੰਜਾਬ ਦੀ ਸਰਕਾਰ ਤੇ ਪ੍ਰਬੰਧ ਹੋਣਾ ਚਾਹੀਦਾ ਹੈ, ਉਸਦਾ ਕੰਟਰੋਲ ਸੈਂਟਰ ਨੇ ਜਬਰੀ ਆਪਣੇ ਅਧੀਨ ਕਰ ਲਿਆ ਹੈ । ਤਾਂ ਕਿ ਪੰਜਾਬ ਦੇ ਪਾਣੀਆ ਨੂੰ ਲੁੱਟਿਆ ਜਾ ਸਕੇ। ਇਸੇ ਤਰ੍ਹਾਂ ਲੰਮੇ ਸਮੇ ਤੋ ਇਕ ਨਿਯਮ ਤਹਿ ਹੈ ਕਿ ਚੰਡੀਗੜ੍ਹ ਯੂ.ਟੀ ਜੋ ਪੰਜਾਬੀਆ ਨੂੰ ਉਜਾੜਕੇ ਬਣਾਇਆ ਗਿਆ ਹੈ, ਉਸ ਵਿਚ ਅਫਸਰਾਂ ਤੇ ਮੁਲਾਜਮਾਂ ਦੀ ਭਰਤੀ ਦਾ ਕੋਟਾ 60-40% ਨਾਲ ਹੋਵੇਗਾ ਪਰ ਉਸਦਾ ਲੰਮੇ ਸਮੇ ਤੋ ਉਲੰਘਣ ਕਰਕੇ ਪੰਜਾਬੀਆ ਦੇ ਹੱਕਾਂ ਨੂੰ ਕੁੱਚਲਿਆ ਜਾ ਰਿਹਾ ਹੈ ਤਾਂ ਕਿ ਉਥੋ ਦੀ ਪੰਜਾਬੀਆ ਦੀ ਬਹੁਗਿਣਤੀ ਦੀ ਡੈਮੋਗ੍ਰਾਫੀ ਨੂੰ ਪ੍ਰਭਾਵਿਤ ਕਰਕੇ ਚੰਡੀਗੜ੍ਹ ਉਤੇ ਪੰਜਾਬ ਦੇ ਹੱਕ ਨੂੰ ਖਤਮ ਕੀਤਾ ਜਾ ਸਕੇ । ਅਜਿਹੀ ਸੈਂਟਰ ਤੇ ਪੰਜਾਬ ਵਿਰੋਧੀ ਤਾਕਤਾਂ ਦੀਆਂ ਸਾਜਿਸਾਂ ਨੂੰ ਪੰਜਾਬੀਆ ਤੇ ਸਿੱਖ ਕੌਮ ਨੂੰ ਸਮਝਦੇ ਹੋਏ ਸੈਂਟਰ ਵਿਚ ਰਾਜਭਾਗ ਕਰਨ ਵਾਲੀਆ ਬੀਜੇਪੀ-ਆਰ.ਐਸ.ਐਸ, ਕਾਂਗਰਸ ਜਾਂ ਹੋਰ ਤਾਕਤਾਂ ਨੂੰ ਪੰਜਾਬ ਵਿਧਾਨ ਸਭਾ ਦੀਆਂ 2027 ਦੀਆ ਆਉਣ ਵਾਲੀਆ ਚੋਣਾਂ ਵਿਚ ਸੰਜੀਦਗੀ ਤੇ ਦ੍ਰਿੜਤਾ ਨਾਲ ਕਰਾਰੀ ਹਾਰ ਹੀ ਨਹੀ ਦੇਣੀ ਚਾਹੀਦੀ ਬਲਕਿ ਪੰਜਾਬ ਤੇ ਪੰਥਪ੍ਰਸਤ ਪੰਥਕ ਪਾਰਟੀਆ ਦੇ ਸਾਂਝੇ ਉਮੀਦਵਾਰਾਂ ਨੂੰ ਜਿਤਾਕੇ ਪੰਜਾਬੀਆ ਦੀ ਆਪਣੀ ਸਰਕਾਰ ਕਾਇਮ ਕਰਨੀ ਚਾਹੀਦੀ ਹੈ ।

ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਸਮੁੱਚੇ ਪੰਜਾਬੀ ਤੇ ਸਿੱਖ ਕੌਮ ਆਪਣੀ ਇਸ ਇਖਲਾਕੀ ਜਿੰਮੇਵਾਰੀ ਨੂੰ ਹਰ ਕੀਮਤ ਤੇ ਪੂਰਨ ਕਰਨਗੇ ।

## ਦੀਵਾਲੀ ਤੋਂ ਪਹਿਲਾਂ ਵੱਡੀ ਸਾਜ਼ਿਸ਼ ਨਾਕਾਮ ! ਖੇਤਾਂ ’ਚ ਚੱਲ ਰਹੀ ਗੈਰ-ਕਾਨੂੰਨੀ ਪਟਾਕਾ ਫੈਕਟਰੀ ਦਾ ਪਰਦਾਫ਼ਾਸ਼

### 11 ਕਿੱਲੋ ਤੋਂ ਵੱਧ ਧਮਾਕਾਖੇਜ਼ ਸਮੱਗਰੀ ਬਰਾਮਦ

**ਫ਼ਤਹਿਗੜ੍ਹ ਸਾਹਿਬ, 28 ਅਕਤੂਬਰ**
**-ਜੀ. ਐਸ. ਤੁੰਗ-**

ਮਿਲਟਰੀ ਇੰਟੈਲੀਜੈਂਸ ਤੋਂ ਮਿਲੀ ਇੱਕ ਅਹਿਮ ਸੂਚਨਾ ਦੇ ਆਧਾਰ ’ਤੇ ਫ਼ਤਿਹਗੜ੍ਹ ਸਾਹਿਬ ਪੁਲਿਸ ਨੇ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਖੇਤਾਂ ਦੇ ਵਿਚਕਾਰ ਚੱਲ ਰਹੀ ਇੱਕ ਗੈਰ-ਕਾਨੂੰਨੀ ਪਟਾਕਾ ਫੈਕਟਰੀ ਦਾ ਪਰਦਾਫਾਸ਼ ਕੀਤਾ ਹੈ। ਪੁਲਿਸ ਨੇ ਮੌਕੇ ਤੋਂ ਭਾਰੀ ਮਾਤਰਾ ਵਿੱਚ ਤਿਆਰ ਕੀਤੇ ਪਟਾਕੇ ਅਤੇ ਪਟਾਕੇ ਬਣਾਉਣ ਲਈ ਵਰਤੀ ਜਾਣ ਵਾਲੀ ਲਗਭਗ 11 ਕਿੱਲੋ 660 ਗ੍ਰਾਮ ਧਮਾਕਾਖੇਜ਼ ਸਮੱਗਰੀ (ਬਾਰੂਦ) ਬਰਾਮਦ ਕੀਤੀ ਹੈ।

ਮਿਲੀ ਜਾਣਕਾਰੀ ਅਨੁਸਾਰ, ਮਿਲਟਰੀ ਇੰਟੈਲੀਜੈਂਸ ਲੁਧਿਆਣਾ ਦੀ ਟੀਮ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਅਮਲੋਹ ਥਾਣਾ ਖੇਤਰ ਦੇ ਅਧੀਨ ਆਉਂਦੇ ਪਿੰਡ ਸ਼ਾਹਪੁਰ ਵਿੱਚ ਖੇਤਾਂ ਦੇ ਵਿਚਕਾਰ ਬਣੇ ਇੱਕ ਸ਼ੈਲਰ ਦੇ ਕੋਲ ਗੈਰ-ਕਾਨੂੰਨੀ ਗੋਦਾਮ ਵਿੱਚ ਪਟਾਕੇ ਤਿਆਰ ਕੀਤੇ ਜਾ ਰਹੇ ਹਨ। ਸੂਚਨਾ



ਮਿਲਦੇ ਹੀ ਅਮਲੋਹ ਥਾਣੇ ਦੀ ਪੁਲਿਸ ਨੇ ਮਿਲਟਰੀ ਇੰਟੈਲੀਜੈਂਸ ਦੀ ਟੀਮ ਦੇ ਨਾਲ ਮਿਲ ਕੇ ਦੱਸੇ ਗਏ ਸਥਾਨ ’ਤੇ ਤੁਰੰਤ ਛਾਪੇਮਾਰੀ ਕੀਤੀ।

ਥਾਣਾ ਅਮਲੋਹ ਦੇ ਐਸ.ਐਚ.ਓ. ਗੁਰਵਿੰਦਰ ਸਿੰਘ ਨੇ ਮਾਮਲੇ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਿਸ ਨੂੰ ਲੁਧਿਆਣਾ ਮਿਲਟਰੀ ਇੰਟੈਲੀਜੈਂਸ ਤੋਂ ਪੱਕੀ ਇਤਲਾਹ ਮਿਲੀ ਸੀ। ਸੂਚਨਾ ਵਿੱਚ ਦੱਸਿਆ ਗਿਆ ਸੀ ਕਿ ਉੱਤਰ ਪ੍ਰਦੇਸ਼ ਦੇ ਜ਼ਿਲ੍ਹਾ ਮੁਜ਼ੱਫ਼ਰਨਗਰ ਦੇ ਸ਼ਾਹਪੁਰ ਖੇਤਰ ਦੇ ਪਿੰਡ ਬਸੀ ਕਲਾਂ ਦਾ ਰਹਿਣ ਵਾਲਾ ਫੈਜ਼ਾਨ ਖ਼ਾਨ, ਪਿੰਡ ਸ਼ਾਹਪੁਰ ਵਿੱਚ ਦਲਜੀਤ ਕੌਰ ਨਾਮਕ ਔਰਤ ਦੇ ਖੇਤਾਂ ਵਿੱਚ ਬਣੇ ਗੋਦਾਮ ਨੂੰ ਕਿਰਾਏ ’ਤੇ ਲੈ ਕੇ ਬਿਨਾਂ ਕਿਸੇ ਲਾਇਸੈਂਸ ਜਾਂ ਪਰਮਿਟ ਦੇ ਪਟਾਕੇ ਤਿਆਰ ਕਰ ਰਿਹਾ ਹੈ।

ਜਾਂਚ ਅਧਿਕਾਰੀਆਂ ਨੇ ਦੱਸਿਆ ਕਿ ਗੋਦਾਮ ਵਿੱਚ ਭਾਰੀ ਮਾਤਰਾ ਵਿੱਚ ਬਾਰੂਦ ਅਤੇ ਹੋਰ ਕੱਚਾ ਮਾਲ ਰੱਖਿਆ ਗਿਆ ਸੀ, ਜਿਸ ਨਾਲ ਪਟਾਕੇ ਤਿਆਰ ਕਰਕੇ ਅੱਗੇ ਵੱਖ-ਵੱਖ ਇਲਾਕਿਆਂ ਵਿੱਚ ਸਪਲਾਈ ਕੀਤੇ ਜਾਣੇ ਸਨ। ਪੁਲਿਸ ਨੇ ਮੌਕੇ ’ਤੇ ਪਹੁੰਚ ਕੇ ਜਦੋਂ ਜਾਂਚ ਕੀਤੀ ਤਾਂ ਅਰੋਪੀ ਫੈਜ਼ਾਨ ਖ਼ਾਨ ਕੋਲ ਪਟਾਕੇ ਬਣਾਉਣ ਜਾਂ ਬਾਰੂਦ ਰੱਖਣ ਦਾ ਕੋਈ ਵੀ ਕਾਨੂੰਨੀ ਲਾਇਸੈਂਸ ਜਾਂ ਸਰਕਾਰੀ ਪਰਮਿਟ ਨਹੀਂ ਮਿਲਿਆ।

ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਮੌਕੇ ਤੋਂ 11 ਕਿੱਲੋ 660 ਗ੍ਰਾਮ ਧਮਾਕਾਖੇਜ਼ ਸਮੱਗਰੀ ਅਤੇ ਪਟਾਕੇ ਬਣਾਉਣ ਦਾ ਹੋਰ ਸਾਮਾਨ ਜ਼ਬਤ ਕਰ ਲਿਆ।

## ਜੇਲ੍ਹ ਵਾਰਡਨ ਭਰਤੀ 07/2025 ਦੇ ਉਮੀਦਵਾਰਾਂ ਵੱਲੋਂ ਡੀ.ਸੀ. ਦਫ਼ਤਰ ਸੰਗਰੂਰ ਅੱਗੇ ਜ਼ਬਰਦਸਤ ਰੋਸ ਪ੍ਰਦਰਸ਼ਨ

**ਸੰਗਰੂਰ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**




ਪੰਜਾਬ ਸਰਕਾਰ ਅਤੇ ਪੀ.ਐਸ.ਐਸ.ਐਸ.ਬੀ. ਬੋਰਡ ਦੀ ਨਲਾਇਕੀ ਕਾਰਨ ਜੇਲ੍ਹ ਵਾਰਡਨ ਭਰਤੀ ਇਸ਼ਤਿਹਾਰ ਨੰਬਰ 07/2025 (451 ਅਸਾਮੀਆਂ) ਦੇ ਚੁਣੇ ਹੋਏ ਉਮੀਦਵਾਰ ਅੱਜ ਸੜਕਾਂ ਤੇ ਰੁਲਣ ਲਈ ਮਜਬੂਰ ਹੋ ਗਏ। ਅੱਜ ਸੰਗਰੂਰ ਦੇ ਡੀ.ਸੀ. ਦਫ਼ਤਰ ਅੱਗੇ ਸੈਂਕੜੇ ਨੌਜਵਾਨਾਂ ਨੇ ਪੰਜਾਬ ਸਰਕਾਰ ਅਤੇ ਪੀ.ਐਸ.ਐਸ.ਐਸ.ਬੀ. ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਉਮੀਦਵਾਰਾਂ ਨੇ ਦੱਸਿਆ ਕਿ ਲਿਖਤੀ ਪ੍ਰੀਖਿਆ, ਫਿਜ਼ੀਕਲ ਟੈਸਟ ਅਤੇ ਡਾਕੂਮੈਂਟ ਵੈਰੀਫਿਕੇਸ਼ਨ ਤੋਂ ਬਾਅਦ ਫਾਈਨਲ ਨਤੀਜੇ ਨੂੰ 5 ਮਹੀਨੇ ਤੋਂ ਵੱਧ ਸਮਾਂ ਹੋ ਚੁੱਕਾ ਹੈ, ਪਰ ਅਜੇ ਤੱਕ ਇੱਕ ਵੀ ਉਮੀਦਵਾਰ ਨੂੰ ਨਿਯੁਕਤੀ ਪੱਤਰ ਨਹੀਂ ਦਿੱਤਾ ਗਿਆ।

ਉਮੀਦਵਾਰਾਂ ਨੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਅਸੀਂ ਹਰ ਹਫ਼ਤੇ ਪੀ.ਐਸ.ਐਸ.ਐਸ.ਬੀ. ਬੋਰਡ ਮੋਹਾਲੀ ਦੇ ਚੱਕਰ ਕੱਟਦੇ ਹਾਂ, ਬੋਰਡ ਵਾਲੇ ਕਹਿੰਦੇ ਹਨ ਫਾਈਲ ਜੇਲ੍ਹ ਵਿਭਾਗ ਕੋਲ ਹੈ, ਜਦੋਂ ਜੇਲ੍ਹ ਵਿਭਾਗ ਕੋਲ ਜਾਂਦੇ ਹਾਂ ਤਾਂ ਉਹ ਕਹਿੰਦੇ ਹਨ ਫਾਈਲ ਪੀ.ਐਸ.ਐਸ.ਐਸ.ਬੀ. ਕੋਲ ਹੈ। ਸਾਨੂੰ ਕੋਈ ਤਸੱਲੀਬਖਸ਼ ਜਵਾਬ ਨਹੀਂ ਦਿੱਤਾ ਜਾ ਰਿਹਾ, ਸਿਰਫ ਟਾਲ-ਮਟੋਲ ਕੀਤੀ ਜਾ ਰਹੀ ਹੈ। ਉਮੀਦਵਾਰਾਂ ਨੇ ਰੋਸ ਜਤਾਉਂਦਿਆਂ ਕਿਹਾ ਕਿ ਪਿਛਲੇ ਦਿਨਾਂ ਵਿੱਚ ਗੁਰਦਾਸਪੁਰ, ਬਟਾਲਾ, ਪਠਾਨਕੋਟ ਅਤੇ ਫਿਰੋਜ਼ਪੁਰ-ਫਾਜ਼ਿਲਕਾ ਵਿੱਚ ਵੀ ਇਸੇ ਭਰਤੀ ਦੇ ਉਮੀਦਵਾਰ ਡੀ.ਸੀ. ਦਫ਼ਤਰਾਂ ਅੱਗੇ ਰੋਸ ਪ੍ਰਦਰਸ਼ਨ ਕਰ ਚੁੱਕੇ ਹਨ, ਪਰ ਸਰਕਾਰ ਦੇ ਕੰਨ ਤੇ ਜੂੰ ਤੱਕ ਨਹੀਂ ਸਰਕ ਰਹੀ।

ਉਹਨਾਂ ਕਿਹਾ ਕਿ ਚੋਣ ਤੋਂ ਬਾਅਦ ਵੀ ਬੇਰੁਜ਼ਗਾਰੀ ਨਾਲ ਸਾਡਾ ਭਵਿੱਖ ਖਰਾਬ ਕੀਤਾ ਜਾ ਰਿਹਾ ਹੈ। ਅਸੀਂ ਆਪਣੀਆਂ ਨੌਕਰੀਆਂ ਛੱਡ ਕੇ, ਕਰਜ਼ਾ ਚੁੱਕ ਕੇ ਤਿਆਰੀ ਕੀਤੀ ਸੀ। ਹੁਣ ਚੁਣੇ ਜਾਣ ਤੋਂ ਬਾਅਦ ਵੀ ਅਸੀਂ ਬੇਰੁਜ਼ਗਾਰ ਹਾਂ। ਅੰਤ ਵਿੱਚ ਉਮੀਦਵਾਰਾਂ ਨੇ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਾਡੀ ਜੁਆਇਨਿੰਗ ਤੁਰੰਤ ਨਹੀਂ ਕਰਵਾਈ ਗਈ ਤਾਂ 2 ਨਵੰਬਰ ਤੋਂ ਪੱਕਾ ਧਰਨਾ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪੀ.ਐਸ.ਐਸ.ਐਸ.ਬੀ. ਬੋਰਡ ਦੀ ਹੋਵੇਗੀ।ਇਸ ਮੌਕੇ ਰਘਵੀਰ ਸਿੰਘ,ਬੇਅੰਤ ਸਿੰਘ, ਤੇਜਿੰਦਰ ਸਿੰਘ, ਸ਼ਾਂਤੀ ਸ਼ਰਮਾ, ਸੰਦੀਪ ਸਿੰਘ, ਅਮਨਪ੍ਰੀਤ ਸਿੰਘ, ਕਰਨਪ੍ਰੀਤ ਸਿੰਘ ਤੇ ਗੁਰਪ੍ਰੀਤ ਸਿੰਘ ਸ਼ਾਮਲ ਸਨ

## ਜਥੇਦਾਰ ਗੜਗੱਜ ਵੱਲੋਂ ਨਾਰਵੇ ਵਿੱਚ ਸਿੱਖੀ ਪਛਾਣ ਕਾਇਮ ਰੱਖਣ ਦਾ ਸੱਦਾ



**ਅੰਮ੍ਰਿਤਸਰ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਾਰਵੇ ਦੀ ਸਿੱਖ ਸੰਗਤ ਨੂੰ ਆਪਣੀ ਅਤੇ ਬੱਚਿਆਂ ਦੀ ਸਿੱਖੀ ਪਛਾਣ ਕਾਇਮ ਰੱਖਣ, ਆਪਸੀ ਏਕਤਾ ਮਜ਼ਬੂਤ ਕਰਨ ਅਤੇ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬਾਨ ਨਾਲ ਜੋੜਨ ਦਾ ਸੱਦਾ ਦਿੱਤਾ ਹੈ। ਨਾਰਵੇ ਦੇ ਦੌਰੇ ਦੌਰਾਨ ਉਨ੍ਹਾਂ ਓਸਲੋ ਦੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਵਿਖੇ ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਵਿੱਚ ਸ਼ਮੂਲੀਅਤ ਕੀਤੀ।

ਉਨ੍ਹਾਂ ਬਾਬਾ ਬੁੱਢਾ ਜੀ ਦੇ ਜੀਵਨ, ਸਿੱਖ ਸਿਧਾਂਤਾਂ, ਪੰਥ ਪ੍ਰਵਾਨਿਤ ਸਿੱਖ ਰਹਿਤ ਮਰਿਆਦਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ।

## ਸੁਰਜੀਤ ਸਿੰਘ ਰੱਖੜਾ ਵੱਲੋਂ ਸਮਾਣਾ ਅਨਾਜ ਮੰਡੀ ਦਾ ਦੌਰਾ, ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਸਮਾਣਾ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਮਾਨ ਸਰਕਾਰ ਵੱਲੋਂ ਸੂਬੇ ਭਰ ’ਚ ਪੁਖ਼ਤਾ ਪ੍ਰਬੰਧ ਤਹਿਤ ਚੱਲ ਰਹੀ ਝੋਨੇ ਦੀ ਸਰਕਾਰੀ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਸਾਬਕਾ ਕੈਬਨਿਟ ਮੰਤਰੀ ਅਤੇ ਵਿਧਾਨ ਸਭਾ ਹਲਕਾ ਸਮਾਣਾ ਦੇ ‘ਆਪ’ ਇੰਚਾਰਜ ਸੁਰਜੀਤ ਸਿੰਘ ਰੱਖੜਾ ਨੇ ਸਮਾਣਾ ਦੀ ਅਨਾਜ ਮੰਡੀ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਮੰਡੀ ਵਿੱਚ ਆਪਣੀ ਫ਼ਸਲ ਲੈ ਕੇ ਪਹੁੰਚੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਸਿੱਧੀ ਗੱਲਬਾਤ ਕਰਕੇ ਸਰਕਾਰੀ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਿਲ ਕੀਤੀ, ਤਾਂ ਜੋ ਕਿਸੇ ਵੀ ਵਰਗ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਰੱਖੜਾ ਨੇ ਮੰਡੀ ਵਿਖੇ ਆੜ੍ਹਤੀਆਂ ਤੇ ਕਿਸਾਨਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਮਾਨ ਸਰਕਾਰ ਸੂਬੇ ਦੇ ਹਰ ਵਰਗ ਦੇ ਵਿਕਾਸ ਅਤੇ ਧਿਆਨ ਹਿੱਤ ਵਚਨਬੱਧ ਹੈ। ਇਸੇ ਲੜੀ ਤਹਿਤ ਝੋਨੇ ਦੇ ਸੀਜ਼ਨ ਦੌਰਾਨ ਸਰਕਾਰ ਵੱਲੋਂ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਸਾਡੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਸਰਕਾਰ ਵੱਲੋਂ ਨਿਰਧਾਰਿਤ ਮਾਪਦੰਡਾਂ ਅਨੁਸਾਰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਇਆ ਜਾਵੇ, ਤਾਂ ਜੋ ਮੰਡੀ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਉਹ ਸਮੇਂ ਸਿਰ ਆਪਣੀ ਫ਼ਸਲ ਵੇਚ ਕੇ ਘਰ ਪਰਤ ਸਕਣ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਫ਼ਸਲ ਦੀ ਖ਼ਰੀਦ ਹੋਣ ਦੇ 24 ਘੰਟਿਆਂ ਦੇ ਅੰਦਰ-ਅੰਦਰ ਕਿਸਾਨਾਂ ਦੇ ਖਾਤਿਆਂ ਵਿੱਚ ਅਦਾਇਗੀ ਪਹੁੰਚ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਸੰਬੰਧਿਤ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਕਿ ਮਾਨ ਸਰਕਾਰ ਵੱਲੋਂ ਸੀਜ਼ਨ ਦੌਰਾਨ ਕੀਤੇ ਗਏ ਉਪਰਾਲਿਆਂ ਨੂੰ ਜ਼ਮੀਨੀ ਪੱਧਰ ’ਤੇ ਯਕੀਨੀ ਬਣਾਇਆ ਜਾਵੇ, ਤਾਂ ਜੋ ਝੋਨੇ ਦੀ ਸਰਕਾਰੀ ਖ਼ਰੀਦ ਦਾ ਸੀਜ਼ਨ ਨਿਰਵਿਘਨ ਢੰਗ ਨਾਲ ਨੇਪਰੇ ਚੜ੍ਹ ਸਕੇ। ਇਸ ਮੌਕੇ ਪ੍ਰਧਾਨ ਕਪੂਰ ਚੰਦ ਬਾਂਸਲ, ਪ੍ਰਧਾਨ ਨਰਿੰਦਰ ਸਿੰਘ ਅਸਰਪੁਰ, ਸਾਬਕਾ ਚੇਅਰਮੈਨ ਹਰਜਿੰਦਰ ਸਿੰਘ ਕੁਲਬੁਰਛਾਂ, ਸੈਕਟਰੀ ਪਵਨ ਕੁਮਾਰ, ਗੋਪਾਲ ਕ੍ਰਿਸ਼ਨ, ਜੀਵਨ ਕੁਮਾਰ, ਕੌਂਸਲਰ ਮਨਜਿੰਦਰ ਸਿੰਘ ਰਾਣਾ ਸੇਖੋਂ, ਚਾਚੂ ਜੌੜਾਮਾਜਰਾ, ਕੌਂਸਲਰ ਜਗਤਾਰ ਸੰਧੂ, ਕੌਂਸਲਰ ਸ਼ੈਂਕੀ ਢਕੇਜਾ, ਕੌਂਸਲਰ ਹੈਪੀ ਢੀਂਗਰਾ, ਦੀਪਕ ਸ਼ਰਮਾ, ਸਾਬਕਾ ਕੌਂਸਲਰ ਮਿੰਟੂ ਸਮਾਣਾ, ਗੁਰਦੀਪ ਸ਼ਰਮਾ, ਲਾਡੀ ਮਿਆਲਾ, ਯਾਦਵਿੰਦਰ ਚੀਮਾ, ਗੁਰਦਿਆਲ ਸਿੰਘ ਰੰਧਾਵਾ ਸਮੇਤ ‘ਆਪ’ ਵਰਕਰ ਤੇ ਕਿਸਾਨ ਮੌਜੂਦ ਸਨ।

SEA DESIGN COMPANY
Customized and Designer



- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# 'ਵੋਟ ਬਚਾਓ, ਦੇਸ਼ ਬਚਾਓ' ਮੁਹਿੰਮ ਨੂੰ ਬੂਥ ਪੱਧਰ ਤੋਂ ਘਰ-ਘਰ ਤੱਕ ਪਹੁੰਚਾਏਗੀ ਕਾਂਗਰਸ : ਅਮ੍ਰਿਤਾ ਧਵਨ ਅਤੇ ਰਵਿੰਦਰ ਡਲਵੀ

## ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਦੀ ਮੀਟਿੰਗ ਵਿੱਚ ਵੋਟਰਾਂ ਦੇ ਹੱਕਾਂ ਦੀ ਰਾਖੀ ਲਈ ਰਣਨੀਤੀ ਤਿਆਰ



**ਲੁਧਿਆਣਾ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਸ਼ੁਰੂ ਕੀਤੀ ਗਈ 'ਵੋਟ ਬਚਾਓ, ਦੇਸ਼ ਬਚਾਓ' ਮੁਹਿੰਮ ਤਹਿਤ ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਵੱਲੋਂ ਅੱਜ ਫ਼ਿਰੋਜ਼ਪੁਰ ਰੋਡ ਸਥਿਤ ਸਰਕਟ ਹਾਊਸ ਵਿਖੇ ਮੀਟਿੰਗ ਕੀਤੀ ਗਈ। ਸ਼ਹਿਰੀ ਕਾਂਗਰਸ ਪ੍ਰਧਾਨ ਅਤੇ ਸਾਬਕਾ ਵਿਧਾਇਕ ਸੰਜੇ ਤਲਵਾੜ ਅਤੇ ਦਿਹਾਤੀ ਕਾਂਗਰਸ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਪਾਰਟੀ ਦੀ ਸੀਨੀਅਰ ਲੀਡਰਸ਼ਿਪ, ਅਹੁਦੇਦਾਰਾਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ।

ਮੀਟਿੰਗ ਵਿੱਚ ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਨਿਯੁਕਤ ਅਬਜ਼ਰਵਰ ਮੈਡਮ ਅਮ੍ਰਿਤਾ ਧਵਨ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਹਿ-ਇੰਚਾਰਜ ਰਵਿੰਦਰ ਡਲਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਨੇ 'ਵੋਟ ਬਚਾਓ, ਦੇਸ਼ ਬਚਾਓ' ਮੁਹਿੰਮ ਦੇ ਉਦੇਸ਼ਾਂ ਅਤੇ ਇਸ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਸਬੰਧੀ ਪਾਰਟੀ ਆਗੂਆਂ ਅਤੇ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕੀਤਾ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਹਰ ਨਾਗਰਿਕ ਦੀ ਵੋਟ ਦੇ ਅਧਿਕਾਰ ਦੀ ਰਾਖੀ ਕਰਨਾ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਲਈ ਬੇਹੱਦ ਜ਼ਰੂਰੀ ਹੈ। ਕਾਂਗਰਸ ਪਾਰਟੀ ਇਸ ਮੁਹਿੰਮ ਨੂੰ ਬਲਾਕ ਅਤੇ ਬੂਥ ਪੱਧਰ ਤੱਕ ਲਿਜਾ ਕੇ ਘਰ-ਘਰ ਪਹੁੰਚਾਏਗੀ, ਤਾਂ ਜੋ ਵੋਟਰਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕੀਤਾ ਜਾ ਸਕੇ ਅਤੇ ਵੋਟਰ ਸੂਚੀਆਂ ਦੀ ਪੜਤਾਲ ਯਕੀਨੀ ਬਣਾਈ ਜਾ ਸਕੇ।

ਉਨ੍ਹਾਂ ਦੱਸਿਆ ਕਿ ਪਾਰਟੀ ਵੱਲੋਂ ਹਰ ਬੂਥ 'ਤੇ ਬੀ.ਐੱਲ.ਏ.-2 ਤੋਂ ਇਲਾਵਾ 'ਵੋਟ ਰੱਖਿਅਕ' ਵੀ ਨਿਯੁਕਤ ਕੀਤੇ ਜਾਣਗੇ। ਇਹ ਵਰਕਰ ਵੋਟਰ ਸੂਚੀਆਂ ਵਿੱਚੋਂ ਕੱਟੀਆਂ ਗਈਆਂ ਜਾਂ ਤਬਦੀਲ ਕੀਤੀਆਂ ਗਈਆਂ ਵੋਟਾਂ, ਮ੍ਰਿਤਕ ਵਿਅਕਤੀਆਂ ਦੇ ਨਾਂ 'ਤੇ ਦਰਜ ਵੋਟਾਂ ਅਤੇ ਕਥਿਤ ਜਾਅਲੀ ਵੋਟਾਂ ਦੀ ਜਾਂਚ ਕਰਨਗੇ। ਇਸ ਦੇ ਨਾਲ ਹੀ ਨਵੀਆਂ ਵੋਟਰ ਸੂਚੀਆਂ ਵਿੱਚ ਸ਼ਾਮਲ ਕੀਤੀਆਂ ਗਈਆਂ ਨਵੀਆਂ ਵੋਟਾਂ ਦੀ ਵੀ ਪੜਤਾਲ ਕੀਤੀ ਜਾਵੇਗੀ, ਤਾਂ ਜੋ ਕਿਸੇ ਵੀ ਯੋਗ ਵੋਟਰ ਦਾ ਨਾਂ ਸੂਚੀ ਵਿੱਚੋਂ ਰਹਿ ਨਾ ਜਾਵੇ।

ਆਗੂਆਂ ਨੇ ਕਿਹਾ ਕਿ 'ਵੋਟ ਬਚਾਓ, ਦੇਸ਼ ਬਚਾਓ' ਮੁਹਿੰਮ ਦਾ ਮੁੱਖ ਮਕਸਦ ਵੋਟਾਂ ਦੀ ਕਥਿਤ ਚੋਰੀ ਨੂੰ ਰੋਕਣਾ ਅਤੇ ਹਰ ਯੋਗ ਨਾਗਰਿਕ ਦੇ ਵੋਟ ਪਾਉਣ ਦੇ ਹੱਕ ਦੀ ਰਾਖੀ ਕਰਨਾ ਹੈ। ਉਨ੍ਹਾਂ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਅਤੇ ਲੋਕਤੰਤਰਿਕ ਪ੍ਰਕਿਰਿਆ ਵਿੱਚ ਲੋਕਾਂ ਦੀ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨ।

ਇਸ ਮੌਕੇ ਰਾਕੇਸ਼ ਪਾਂਡੇ, ਸੁਰਿੰਦਰ ਡਾਵਰ, ਕੁਲਦੀਪ ਵੈਦ, ਸਿਮਰਜੀਤ ਸਿੰਘ ਬੈਂਸ, ਬਲਵਿੰਦਰ ਸਿੰਘ ਬੈਂਸ, ਕਾਮਿਲ ਅਮਰ ਸਿੰਘ, ਜਗਤਾਰ ਸਿੰਘ ਜੱਗਾ, ਵਿਕਰਮ ਬਾਜਵਾ, ਕੇ.ਕੇ. ਬਾਵਾ, ਪਵਨ ਦੀਵਾਨ, ਅੰਮ੍ਰਿਤ ਕੌਰ ਗਿੱਲ, ਸੁਰਿੰਦਰ ਕੌਰ, ਕਿਰਨਦੀਪ ਕੌਰ ਗਰੇਵਾਲ ਅਤੇ ਮਨਰਾਜ ਠੁਕਰਾਲ ਸਮੇਤ ਪਾਰਟੀ ਦੀ ਸੀਨੀਅਰ ਲੀਡਰਸ਼ਿਪ, ਮੌਜੂਦਾ ਅਤੇ ਸਾਬਕਾ ਕੌਂਸਲਰ, ਵਾਰਡ ਇੰਚਾਰਜ, ਬਲਾਕ ਪ੍ਰਧਾਨ, ਮੰਡਲ ਪ੍ਰਧਾਨ, ਵਾਰਡ ਪ੍ਰਧਾਨ, ਬੀ.ਐੱਲ.ਏ.-1, ਬੀ.ਐੱਲ.ਏ.-2, ਹੋਰ ਅਹੁਦੇਦਾਰ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# 'ਮੇਰੀ ਦੁਕਾਨ, ਮੇਰੇ ਨਾਮ' ਸਕੀਮ ਦੁਕਾਨਦਾਰਾਂ ਲਈ ਸੁਰੱਖਿਅਤ ਭਵਿੱਖ ਅਤੇ ਮਾਲਕੀ ਹੱਕਾਂ ਵੱਲ ਇਤਿਹਾਸਕ ਕਦਮ : ਇਮਤਿਆਜ਼ ਅਲੀ



**ਮਲੇਰਕੋਟਲਾ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਦੁਕਾਨਦਾਰਾਂ ਅਤੇ ਛੋਟੇ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਸ਼ੁਰੂ ਕੀਤੀ ਗਈ 'ਮੇਰੀ ਦੁਕਾਨ, ਮੇਰੇ ਨਾਮ' ਸਕੀਮ ਤਹਿਤ ਵਿਧਾਇਕ ਮਾਲੇਰਕੋਟਲਾ ਡਾ. ਜ਼ਮੀਲ-ਉਰ-ਰਹਿਮਾਨ ਦੀ ਯੋਗ ਅਗਵਾਈ ਹੇਠ ਨਗਰ ਕੌਂਸਲ ਮਾਲੇਰਕੋਟਲਾ ਵੱਲੋਂ ਦੁਕਾਨਦਾਰਾਂ ਨੂੰ ਸਕੀਮ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਲੋੜੀਂਦੇ ਅਰਜ਼ੀ ਫਾਰਮ ਮੁਹੱਈਆ ਕਰਵਾਏ ਗਏ। ਇਸ ਮੌਕੇ ਚੇਅਰਮੈਨ ਟਰੇਡ ਕਮਿਸ਼ਨ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਇਮਤਿਆਜ਼ ਅਲੀ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਲੋਕਪੱਖੀ ਪਹਿਲਕਦਮੀ ਉਨ੍ਹਾਂ ਦੁਕਾਨਦਾਰਾਂ ਲਈ ਵੱਡੀ ਰਾਹਤ ਹੈ, ਜੋ ਦਹਾਕਿਆਂ ਤੋਂ ਕਿਰਾਏ ਜਾਂ ਲੀਜ਼ 'ਤੇ ਦੁਕਾਨਾਂ ਚਲਾ ਕੇ ਆਪਣੇ ਪਰਿਵਾਰਾਂ ਦਾ ਪਾਲਣ-ਪੋਸ਼ਣ ਕਰ ਰਹੇ ਹਨ ਪਰ ਮਾਲਕੀ ਹੱਕਾਂ ਤੋਂ ਵਾਂਝੇ ਹਨ।

ਉਨ੍ਹਾਂ ਕਿਹਾ ਕਿ ਇਹ ਸਕੀਮ ਕੇਵਲ ਦੁਕਾਨਾਂ ਦੇ ਮਾਲਕੀ ਹੱਕ ਦੇਣ ਦਾ ਉਪਰਾਲਾ ਹੀ ਨਹੀਂ, ਸਗੋਂ ਵਪਾਰੀਆਂ ਦੀ ਸਾਲਾਂ ਦੀ ਮਿਹਨਤ ਨੂੰ ਸਨਮਾਨ ਦੇਣ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਵੱਲ ਮਹੱਤਵਪੂਰਨ ਕਦਮ ਹੈ।ਉਨ੍ਹਾਂ ਦੱਸਿਆ ਕਿ ਸਕੀਮ ਅਧੀਨ ਨਿਰਧਾਰਤ ਸ਼ਰਤਾਂ ਪੂਰੀਆਂ ਕਰਨ ਵਾਲੇ ਦੁਕਾਨਦਾਰ ਮਾਲਕੀ ਹੱਕ ਪ੍ਰਾਪਤ ਕਰਨ ਲਈ ਅਰਜ਼ੀਆਂ ਦੇ ਸਕਦੇ ਹਨ।

ਇਮਤਿਆਜ਼ ਅਲੀ ਨੇ ਕਿਹਾ ਕਿ ਵਪਾਰੀ ਵਰਗ ਦੀ ਖ਼ੁਸ਼ਹਾਲੀ ਨਾਲ ਹੀ ਸ਼ਹਿਰ ਦੀ ਆਰਥਿਕਤਾ ਮਜ਼ਬੂਤ ਹੁੰਦੀ ਹੈ ਅਤੇ ਪੰਜਾਬ ਸਰਕਾਰ ਦਾ ਇਹ ਉਪਰਾਲਾ ਦੁਕਾਨਦਾਰਾਂ ਦੇ ਜੀਵਨ ਵਿੱਚ ਨਵੀਂ ਉਮੀਦ ਅਤੇ ਵਿਸ਼ਵਾਸ ਪੈਦਾ ਕਰੇਗਾ।

ਇਸ ਮੌਕੇ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਚੰਦਰ ਪ੍ਰਕਾਸ਼ ਵਧਵਾ ਨੇ ਸਕੀਮ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੁਕਾਨਦਾਰਾਂ ਨੂੰ ਅਰਜ਼ੀ ਪ੍ਰਕਿਰਿਆ ਬਾਰੇ ਜਾਣੂ ਕਰਵਾਇਆ। ਇਸ ਮੌਕੇ ਮੁਹੰਮਦ ਹਨੀਫ਼ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਯੋਗ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਲੋੜੀਂਦੇ ਦਸਤਾਵੇਜ਼ਾਂ ਸਮੇਤ ਆਪਣੀਆਂ ਅਰਜ਼ੀਆਂ ਨਗਰ ਕੌਂਸਲ ਦਫ਼ਤਰ ਵਿਖੇ ਜਮ੍ਹਾਂ ਕਰਵਾਉਣ।

# ਮਿਡ-ਡੇ-ਮੀਲ ਵਰਕਰਾਂ, ਸ.ਫ਼ਾਈ ਸੇਵਕਾਂ ਅਤੇ ਚੌਕੀਦਾਰਾਂ ਦੀਆਂ ਹੱਕੀ ਮੰਗਾਂ ਦੇ ਨਿਪਟਾਰੇ ਲਈ ਜਥੇਬੰਦੀ ਨਾਲ ਤੁਰੰਤ ਮੀਟਿੰਗ ਕੀਤੀ ਜਾਵੇ : ਜਥੇਬੰਦੀ ਦੀ ਮੰਗ



**ਪਟਿਆਲਾ, 28 ਅਕਤੂਬਰ**
**-ਜੀ. ਐਸ. ਤੁੰਗ-**

ਮਿਡ-ਡੇ-ਮੀਲ ਵਰਕਰਾਂ, ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਸਫ਼ਾਈ ਸੇਵਕਾਂ ਅਤੇ ਚੌਕੀਦਾਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦੇ ਨਿਪਟਾਰੇ ਲਈ ਜਥੇਬੰਦੀ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ), ਪਟਿਆਲਾ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ ਸਿੱਖਿਆ), ਪਟਿਆਲਾ ਨੂੰ ਮੁੱਖ ਯਾਦ-ਪੱਤਰ ਦੇ ਕੇ ਜਲਦ ਮੀਟਿੰਗ ਦਾ ਸਮਾਂ ਨਿਸ਼ਚਿਤ ਕਰਨ ਦੀ ਮੰਗ ਕੀਤੀ ਗਈ ਹੈ।

ਜਥੇਬੰਦੀ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਮਿਤੀ 20 ਮਾਰਚ ਨੂੰ ਰੈਲੀ ਕਰਨ ਉਪਰੰਤ ਵਰਕਰਾਂ ਦੀਆਂ ਮੰਗਾਂ ਸਬੰਧੀ ਮੰਗ-ਪੱਤਰ ਸਬੰਧਤ ਅਧਿਕਾਰੀਆਂ ਨੂੰ ਦਿੱਤਾ ਗਿਆ ਸੀ। ਇਸ ਤੋਂ ਬਾਅਦ ਵੀ ਕਈ ਵਾਰ ਯਾਦ-ਪੱਤਰ ਦੇ ਕੇ ਮੀਟਿੰਗ ਕਰਨ ਦੀ ਮੰਗ ਕੀਤੀ ਗਈ, ਪਰ ਜਥੇਬੰਦੀ ਅਨੁਸਾਰ ਅਜੇ ਤੱਕ ਨਾ ਤਾਂ ਪੱਤਰਾਂ ਦਾ ਕੋਈ ਤਸੱਲੀਬਖਸ਼ ਜਵਾਬ ਮਿਲਿਆ ਹੈ ਅਤੇ ਨਾ ਹੀ ਮੀਟਿੰਗ ਲਈ ਕੋਈ ਸਮਾਂ ਨਿਸ਼ਚਿਤ ਕੀਤਾ ਗਿਆ ਹੈ। ਇਸ ਕਾਰਨ ਵਰਕਰਾਂ ਵਿੱਚ ਨਿਰਾਸ਼ਾ ਪਾਈ ਜਾ ਰਹੀ ਹੈ।

ਜਥੇਬੰਦੀ ਨੇ ਮੰਗ ਕੀਤੀ ਕਿ ਮਿਡ-ਡੇ-ਮੀਲ ਵਰਕਰਾਂ ਨੂੰ ਘੱਟੋ-ਘੱਟ ਉਜਰਤ ਦੇ ਘੇਰੇ ਵਿੱਚ ਲਿਆਂਦਾ ਜਾਵੇ, ਉਹਨਾਂ ਨੂੰ ਪੱਕਾ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇ ਅਤੇ ਭੱਤਾ ਦਿੱਤਾ ਜਾਵੇ, ਖਾਣਾ ਤਿਆਰ ਕਰਨ ਸਮੇਂ ਕਿਸੇ ਵੀ ਦੁਰਘਟਨਾ ਦੀ ਸਥਿਤੀ ਵਿੱਚ ਢੁੱਕਵਾ ਮੁਆਵਜ਼ਾ, ਡਾਕਟਰੀ ਸਹਾਇਤਾ ਅਤੇ ਬੀਮੇ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।

ਇਸੇ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਸਫ਼ਾਈ ਸੇਵਕਾਂ ਨੂੰ ਮਿਲ ਰਹੀ 3,000 ਰੁਪਏ ਮਹੀਨਾਵਾਰ ਰਕਮ ਅਤੇ ਚੌਕੀਦਾਰਾਂ ਨੂੰ ਮਿਲ ਰਹੀ 5,000 ਰੁਪਏ ਮਹੀਨਾਵਾਰ ਰਕਮ ਵਿੱਚ ਵਾਜਬ ਵਾਧਾ ਕਰਕੇ ਉਹਨਾਂ ਨੂੰ ਲਾਗੂ ਘੱਟੋ-ਘੱਟ ਉਜਰਤਾਂ ਅਤੇ ਸਬੰਧਤ ਕਿਰਤ ਕਾਨੂੰਨਾਂ ਅਨੁਸਾਰ ਬਣਦੇ ਹੱਕ ਤੇ ਸਹੂਲਤਾਂ ਦਿੱਤੀਆਂ ਜਾਣ। ਸਫ਼ਾਈ ਸੇਵਕਾਂ ਨੂੰ ਵਰਦੀਆਂ, ਸਫ਼ਾਈ ਦੇ ਲੋੜੀਂਦੇ ਸੰਦ ਅਤੇ ਸੁਰੱਖਿਆ ਸਮੱਗਰੀ ਮੁਹੱਈਆ ਕਰਵਾਈ ਜਾਵੇ ਅਤੇ ਉਹਨਾਂ ਦੇ ਕੰਮ ਦਾ ਖੇਤਰ ਨਿਸ਼ਚਿਤ ਕੀਤਾ ਜਾਵੇ।

ਜਥੇਬੰਦੀ ਨੇ ਇਹ ਵੀ ਮੰਗ ਕੀਤੀ ਕਿ ਚੌਕੀਦਾਰਾਂ ਦੀ ਡਿਊਟੀ ਦੇ ਘੰਟੇ ਨਿਸ਼ਚਿਤ ਕੀਤੇ ਜਾਣ, ਰਾਤ ਦੀ ਡਿਊਟੀ ਕਰਨ ਵਾਲਿਆਂ ਨੂੰ ਸਰਦੀਆਂ ਵਿੱਚ ਗਰਮ ਓਵਰਕੋਟ ਦਿੱਤੇ ਜਾਣ ਅਤੇ ਸਾਰੇ ਵਰਕਰਾਂ ਨੂੰ ਹਫ਼ਤਾਵਾਰੀ ਆਰਾਮ ਤੇ ਸਰਦੀਆਂ/ਗਰਮੀਆਂ ਦੀ ਛੁੱਟੀ ਦੀ ਸਹੂਲਤ ਦਿੱਤੀ ਜਾਵੇ।

ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਇਹ ਵਰਕਰ ਸਰਕਾਰੀ ਸਕੂਲਾਂ ਦੇ ਰੋਜ਼ਾਨਾ ਕੰਮ-ਕਾਜ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਇਸ ਦੇ ਬਾਵਜੂਦ ਉਹਨਾਂ ਨੂੰ ਉਚਿਤ ਮਿਹਨਤਾਨਾ, ਸੁਰੱਖਿਆ ਅਤੇ ਕੰਮ-ਕਾਜ ਦੀਆਂ ਬੁਨਿਆਦੀ ਸਹੂਲਤਾਂ ਸਬੰਧੀ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਇਸ ਲਈ ਉਹਨਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਨ ਦੀ ਬਜਾਏ ਗੰਭੀਰਤਾ ਨਾਲ ਵਿਚਾਰ ਕੇ ਠੋਸ ਹੱਲ ਕੱਢਿਆ ਜਾਣਾ ਚਾਹੀਦਾ ਹੈ।

ਜਥੇਬੰਦੀ ਵੱਲੋਂ ਸਬੰਧਤ ਜਿਲਾ ਸਿੱਖਿਆ ਅਫਸਰ ਨੂੰ ਪੁਰਜ਼ੋਰ ਅਪੀਲ ਕੀਤੀ ਜਾਂਦੀ ਹੈ ਕਿ ਜਲਦ ਤੋਂ ਜਲਦ ਮੀਟਿੰਗ ਦਾ ਦਿਨ ਅਤੇ ਸਮਾਂ ਨਿਸ਼ਚਿਤ ਕਰਕੇ ਲਿਖਤੀ ਸੂਚਨਾ ਦਿੱਤੀ ਜਾਵੇ, ਤਾਂ ਜੋ ਸਾਰੀਆਂ ਮੰਗਾਂ ਤੇ ਵਿਸਥਾਰਪੂਰਕ ਵਿਚਾਰ ਵਟਾਂਦਰਾ ਕਰਕੇ ਉਨ੍ਹਾਂ ਦਾ ਯੋਗ ਨਿਪਟਾਰਾ ਕੀਤਾ ਜਾ ਸਕੇ। ਜਥੇਬੰਦੀ ਨੇ ਉਮੀਦ ਪ੍ਰਗਟਾਈ ਕਿ ਸਿੱਖਿਆ ਵਿਭਾਗ ਵਰਕਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਗੰਭੀਰਤਾ ਦਿਖਾਉਂਦਿਆਂ ਮੀਟਿੰਗ ਬੁਲਾਏਗਾ ਅਤੇ ਮੰਗਾਂ ਦੇ ਹੱਲ ਲਈ ਠੋਸ ਕਦਮ ਚੁੱਕੇਗਾ। ਬਾਕੀ ਸਾਥੀ ਜੋ ਸ਼ਾਮਲ ਹੋਏ ਬਲਵਿੰਦਰ ਸਿੰਘ ਪਾਤੜਾਂ, ਤਰਸੇਮ ਸਿੰਘ ਖਨਾਲ ਕਲਾਂ, ਤਰਸੇਮ ਸਿੰਘ ਪਟਿਆਲਾ, ਧਰਮਿੰਦਰ ਸਿੰਘ, ਮਦਲ ਲਾਲ ਨਾਭਾ, ਸੰਦੀਪ ਨਾਭਾ, ਰਾਮ ਗੋਪਾਲ, ਰਘਵੀਰ ਸਿੰਘ, ਹਰਬੰਸ ਕੌਰ, ਗੁਰਮੇਲ ਕੌਰ, ਸੋਭਾ ਰਾਣੀ ਆਦਿ ਹਾਜਰ ਸਨ।

# ਅਮਰੀਕ ਘੱਗਾ ਉਗਰਾਹਾਂ ਜਥੇਬੰਦੀ ਚੋਂ ਖਾਰਜ



**ਪਟਿਆਲਾ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਕਿਸਾਨ ਯੂਨੀਅਨ (ਏਕਤਾ—ਉਗਰਾਹਾਂ) ਜਿਲਾ ਪਟਿਆਲਾ ਦੀ ਇਕੱਤਰਤਾ ਗਾਜੇਵਾਸ ਵਿਖੇ ਜਗਦੀਪ ਸਿੰਘ ਛੰਨਾ ਜਿਲਾ ਸੀਨੀਅਰ ਮੀਤ ਪ੍ਰਧਾਨ ਦੀ ਅਗਵਾਈ ਵਿੱਚ ਹੋਈ। ਜਿਸ ਵਿੱਚ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਜਨਕ ਸਿੰਘ ਭੁਟਾਨ, ਜਗਤਾਰ ਕਾਲਾਝਾੜ ਤੇ ਅਮਰੀਕ ਸਿੰਘ ਗੰਢੂਆਂ ਵਿਸ਼ੇਸ਼ ਤੌਰ ਤੇ ਹਾਜਰ ਹੋਏ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਜਿਲਾ ਜਨਰਲ ਸਕੱਤਰ ਸੁਖਮਿੰਦਰ ਸਿੰਘ ਬਾਰਨ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਪਾਤੜਾਂ ਬਲਾਕ ਦੇ ਪ੍ਰਧਾਨ ਅਮਰੀਕ ਸਿੰਘ ਘੱਗਾ ਜ਼ੋ ਕਾਫੀ ਸਮੇਂ ਤੋਂ ਜਥੇਬੰਦੀ ਵਿਰੋਧੀ ਕਾਰਵਾਈਆਂ ਨੂੰ ਅੰਜਾਮ ਦੇ ਰਹੇ ਸਨ, ਜਥੇਬੰਦਕ ਅਦਾਰਿਆਂ ਖਿਲਾਫ ਪ੍ਰਚਾਰ ਕਰਕੇ ਜਥੇਬੰਦੀ ਦੇ ਅਕਸ਼ ਨੂੰ ਢਾਹ ਲਾ ਰਹੇ ਸਨ ਤੇ ਕਾਰਵਾਈ ਕਰਦੇ ਹੋਏ ਸਰਬ ਸੰਮਤੀ ਨਾਲ ਉਨ੍ਹਾਂ ਨੂੰ ਬਲਾਕ ਪ੍ਰਧਾਨ ਦੇ ਅਹੁਦੇ ਤੇ ਜਥੇਬੰਦੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਖਾਰਜ ਕੀਤਾ ਗਿਆ। ਹੁਣ ਉਗਰਾਹਾਂ ਜਥੇਬੰਦੀ ਦਾ ਉਸ ਨਾਲ ਜਥੇਬੰਦਕ ਸਬੰਧ ਨਹੀਂ ਹੋਵੇਗਾ। ਇੱਕ ਹੋਰ ਮਤੇ ਰਾਹੀਂ ਜਸਵਿੰਦਰ ਸਿੰਘ ਜਿਲਾ ਪ੍ਰਧਾਨ ਦਾ ਅਸਤੀਫਾ ਪ੍ਰਵਾਨ ਕੀਤਾ ਗਿਆ। ਆਗੂਆਂ ਨੇ ਸਪਸ਼ਟ ਕੀਤਾ ਕਿ ਕੋਈ ਵੀ ਆਗੂ ਜ਼ੋ ਵਿਧਾਨ ਤੇ ਜਥੇਬੰਦਕ ਲੀਹ ਦੇ ਉਲਟ ਕਾਰਵਾਈ ਕਰੇਗਾ ਉਸ ਦੀ ਜਥੇਬੰਦੀ ਵਿੱਚ ਕੋਈ ਥਾਂ ਨਹੀਂ। ਮੀਟਿੰਗ ਵਿੱਚ ਉਕਤ ਆਗੂਆਂ ਤੋਂ ਇਲਾਵਾ ਜਗਮੇਲ ਸਿੰਘ ਗਾਜੇਵਾਸ, ਬਲਰਾਜ ਜ਼ੋਸ਼ੀ, ਭਰਪੂਰ ਸਿੰਘ ਗਾਜੇਵਾਸ, ਜ਼ਸਵਿੰਦਰ ਸਿੰਘ ਬਿਸ਼ਨਪੁਰਾ, ਬਲਜੀਤ ਸਿੰਘ, ਜਸਵਿੰਦਰ ਸਿੰਘ ਸਾਲੂਵਾਲ, ਦਵਿੰਦਰ ਸਿੰਘ ਸੀਲ, ਗੁਰਮੁੱਖ ਸਿੰਘ ਹਰਪਾਲਾ, ਵਰਿੰਦਰ ਸਿੰਘ ਕਕਰਾਲਾ, ਅਵਤਾਰ ਸਿੰਘ ਬੁਰੜ, ਗੁਰਮੁੱਖ ਸਿੰਘ ਕਲਵਾਣੂ, ਅਜੈਬ ਸਿੰਘ ਦਫਤਰੀਵਾਲਾ, ਬਲਮ ਸਿੰਘ ਨਿਆਲ, ਲਾਭ ਸਿੰਘ ਬਰਾਸ, ਅਮਰੀਕ ਸਿੰਘ ਘੱਗਾ, ਪ੍ਰੇਮ ਲਲੋਛੀ, ਸੁਖਵਿੰਦਰ ਸੁੱਖਾ ਸਵਾਜਪੁਰ, ਹਰਪ੍ਰੀਤ ਸਿੰਘ ਕਾਲਾ ਗਾਜੇਵਾਸ, ਜਸਵਿੰਦਰ ਸਿੰਘ ਬਰਾਸ, ਹਰਦੇਵ ਸਿੰਘ ਘੱਗਾ ਤੋਂ ਇਲਾਵਾ ਹੋਰ ਪਿੰਡ ਪੱਧਰ ਦੇ ਆਗੂ ਸ਼ਾਮਲ ਹੋਏ।

# ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ 350 ਸਮਾਗਮਾਂ ਦਾ ਸੰਕਲਪ

**ਪਟਿਆਲਾ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗੁਰੂ ਤੇਗ ਬਹਾਦਰ ਜੀ ਮਹਾਰਾਜ ਦੇ 350ਵੇਂ ਸ਼ਹੀਦੀ ਵਰ੍ਹੇ ਨੂੰ ਸਮਰਪਿਤ 350 ਸਮਾਗਮ ਕਰਵਾਉਣ ਦਾ ਸੰਕਲਪ ਨਿਰਮਲਾ ਅਖਾੜੇ ਦੇ ਪ੍ਰਮੁੱਖ ਪ੍ਰਚਾਰਕ ਪਰਮ ਪੂਜਨੀਕ ਆਚਾਰੀਆ ਸਵਾਮੀ ਰਾਜੇਸ਼ਵਰਾਨੰਦ ਜੀ ਮਹਾਰਾਜ ਨੇ ਲਿਆ ਹੈ। ਇਨ੍ਹਾਂ ਸਮਾਗਮਾਂ ਦਾ ਮੁੱਖ ਉਦੇਸ਼ ਗੁਰੂ ਸਾਹਿਬ ਦੀ ਲਾਸਾਨੀ ਕੁਰਬਾਨੀ, ਉਨ੍ਹਾਂ ਦੀਆਂ ਮਹਾਨ ਸਿੱਖਿਆਵਾਂ ਅਤੇ ਧਾਰਮਿਕ ਆਜ਼ਾਦੀ ਦੀ ਰਾਖੀ ਲਈ ਦਿੱਤੇ ਸੰਦੇਸ਼ ਨੂੰ ਲੋਕਾਈ ਤੱਕ ਪਹੁੰਚਾਉਣਾ ਹੈ।

ਆਚਾਰੀਆ ਸਵਾਮੀ ਰਾਜੇਸ਼ਵਰਾਨੰਦ ਜੀ ਮਹਾਰਾਜ ਲੰਮੇ ਸਮੇਂ ਤੋਂ ਸਿੱਖ ਗੁਰੂ ਸਾਹਿਬਾਨ ਦੇ ਇਤਿਹਾਸ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸੰਦੇਸ਼ ਦਾ ਸਮਾਜ ਦੇ ਵੱਖ-ਵੱਖ ਵਰਗਾਂ ਵਿੱਚ ਪ੍ਰਚਾਰ-ਪ੍ਰਸਾਰ ਕਰਦੇ ਆ ਰਹੇ ਹਨ।

# ਸਰਪੰਚਾਂ 'ਤੇ ਹੋ ਰਹੇ ਝੂਠੇ ਪਰਚਿਆਂ ਖਿਲਾ.ਫ ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਸਰਪੰਚ ਯੂਨੀਅਨਾਂ ਨੇ ਆਈ.ਜੀ. ਪਟਿਆਲਾ ਨਾਲ ਕੀਤੀ ਮੁਲਾਕਾਤ, ਸੌਂਪਿਆ ਮੰਗ ਪੱਤਰ



**ਪਟਿਆਲਾ, 28 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਅੱਜ ਹਲਕਾ ਸਮਾਣਾ ਦੀਆਂ ਸਰਪੰਚ ਯੂਨੀਅਨਾਂ ਦੇ 100 ਤੋਂ ਵੱਧ ਨੁਮਾਇੰਦਿਆਂ ਅਤੇ ਬਲਾਕ ਸੰਮਤੀ ਮੈਂਬਰਾਂ ਵੱਲੋਂ ਆਈ.ਜੀ. ਪਟਿਆਲਾ ਸ੍ਰੀ ਕੁਲਦੀਪ ਸਿੰਘ ਚਹਿਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਮੌਕੇ ਹਲਕਾ ਸਮਾਣਾ ਦੇ ਪਟਿਆਲਾ ਅਤੇ ਸਮਾਣਾ ਬਲਾਕ ਦੀਆਂ ਸਰਪੰਚ ਯੂਨੀਅਨਾਂ ਦੇ ਨੁਮਾਇੰਦਿਆਂ ਨੇ ਸਰਪੰਚਾਂ ਨਾਲ ਸਬੰਧਤ ਵੱਖ-ਵੱਖ ਮਸਲਿਆਂ ਅਤੇ ਸਰਪੰਚ ਯੂਨੀਅਨ ਸਮਾਣਾ ਬਲਾਕ ਦੇ ਪ੍ਰਧਾਨ ਕਮਲਜੀਤ ਸਿੰਘ ਖਾਨਪੁਰ ਵਿਰੁੱਧ ਦਰਜ਼ ਕੀਤੇ ਗਏ ਪਰਚੇ ਸਬੰਧੀ ਆਪਣਾ ਪੱਖ ਰੱਖਿਆ।

ਇਸ ਮੌਕੇ ਆਈ.ਜੀ. ਪਟਿਆਲਾ ਕੁਲਦੀਪ ਸਿੰਘ ਚਹਿਲ ਨੂੰ ਇਕ ਮੰਗ ਪੱਤਰ ਵੀ ਸੌਂਪਿਆ ਗਿਆ, ਜਿਸ ਵਿੱਚ ਸਰਪੰਚਾਂ ਨਾਲ ਹੋ ਰਹੀਆਂ ਧੱਕੇਸ਼ਾਹੀਆਂ ਅਤੇ ਰਾਜਨੀਤਿਕ ਬਦਲਾਖੋਰੀ ਤਹਿਤ ਦਰਜ ਕੀਤੇ ਜਾ ਰਹੇ ਝੂਠੇ ਪਰਚਿਆਂ ਦਾ ਵੇਰਵਾ ਦਿੱਤਾ ਗਿਆ। ਮੁਲਾਕਾਤ ਦੌਰਾਨ ਹਲਕੇ ਦੇ ਵੱਖ-ਵੱਖ ਪਿੰਡਾਂ ਤੋਂ ਆਏ ਸਰਪੰਚਾਂ ਨੇ ਆਪਣੀਆਂ ਸਮੱਸਿਆਵਾਂ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਪਿੰਡਾਂ ਦੇ ਵਿਕਾਸ ਕਾਰਜਾਂ ਵਿੱਚ ਰੁਕਾਵਟ ਪਾਉਣ ਅਤੇ ਚੁਣੇ ਹੋਏ ਨੁਮਾਇੰਦਿਆਂ ਨੂੰ ਮਾਨਸਿਕ ਤੌਰ 'ਤੇ ਪਰੇਸ਼ਾਨ ਕਰਨ ਦੇ ਮਕਸਦ ਨਾਲ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਝੂਠੀਆਂ ਸ਼ਿਕਾਇਤਾਂ ਦੇ ਕੇ ਪਰਚੇ ਕਰਵਾਏ ਜਾ ਰਹੇ ਹਨ।

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਸਰਪੰਚ ਲੋਕਤੰਤਰ ਦੀ ਸਭ ਤੋਂ ਮੁੱਢਲੀ ਅਤੇ ਮਜ਼ਬੂਤ ਕੜੀ ਹੁੰਦੇ ਹਨ, ਜਿਨ੍ਹਾਂ ਨੂੰ ਲੋਕਾਂ ਨੇ ਵੋਟਾਂ ਪਾ ਕੇ ਆਪਣੇ ਪਿੰਡਾਂ ਦੇ ਵਿਕਾਸ ਦੀ ਜ਼ਿੰਮੇਵਾਰੀ ਸੌਂਪੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਕਿਸੇ ਵੀ ਚੁਣੇ ਹੋਏ ਨੁਮਾਇੰਦੇ ਨਾਲ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਪੰਚ ਯੂਨੀਅਨ ਦੇ ਪ੍ਰਧਾਨ ਕਮਲਜੀਤ ਸਿੰਘ ਖਾਨਪੁਰ ਨਾਲ ਸਬੰਧਤ ਮਾਮਲੇ ਵਿੱਚ ਸਰਪੰਚ ਯੂਨੀਅਨਾਂ ਵੱਲੋਂ ਆਪਣਾ ਪੱਖ ਰੱਖਿਆ ਗਿਆ ਹੈ।

ਸ. ਬਰਸਟ ਨੇ ਅੱਗੇ ਕਿਹਾ ਕਿ ਅਸੀਂ ਅੱਜ ਆਈ.ਜੀ. ਪਟਿਆਲਾ ਕੁਲਦੀਪ ਸਿੰਘ ਚਹਿਲ ਦੇ ਧਿਆਨ ਵਿੱਚ ਇਹ ਸਾਰਾ ਮਾਮਲਾ ਲਿਆਂਦਾ ਹੈ। ਆਈ.ਜੀ. ਪਟਿਆਲਾ ਸਾਨੂੰ ਪੂਰਾ ਭਰੋਸਾ ਦਿਵਾਇਆ ਹੈ ਕਿ ਸਮਾਣਾ ਬਲਾਕ ਦੇ ਪ੍ਰਧਾਨ ਕਮਲਜੀਤ ਸਿੰਘ ਖਾਨਪੁਰ ਅਤੇ ਹੋਰਨਾਂ ਸਰਪੰਚਾਂ ਦੇ ਮਾਮਲਿਆਂ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਕੀਤੀ ਜਾਵੇਗੀ। ਕਿਸੇ ਵੀ ਬੇਗੁਨਾਹ ਨੂੰ ਸਜ਼ਾ ਨਹੀਂ ਮਿਲੇਗੀ। ਸਾਡਾ ਮਕਸਦ ਕਾਨੂੰਨ ਵਿਵਸਥਾ ਨੂੰ ਬਣਾਈ ਰੱਖਣਾ ਅਤੇ ਹਰ ਨਾਗਰਿਕ ਨੂੰ ਇਨਸਾਫ਼ ਦਿਵਾਉਣਾ ਹੈ। ਸਰਪੰਚਾਂ ਨੂੰ ਬਿਨਾਂ ਕਿਸੇ ਡਰ-ਭੈਅ ਦੇ ਪਿੰਡਾਂ ਦੇ ਵਿਕਾਸ ਕਾਰਜਾਂ ਵਿੱਚ ਜੁੱਟੇ ਰਹਿਣਾ ਚਾਹੀਦਾ ਹੈ, ਸਰਕਾਰ ਉਨ੍ਹਾਂ ਦੇ ਨਾਲ ਚਟਾਨ ਵਾਂਗ ਖੜ੍ਹੀ ਹੈ।

ਇਸ ਮੌਕੇ ਸਮਾਣਾ ਅਤੇ ਪਟਿਆਲਾ ਬਲਾਕ ਦੇ ਸਰਪੰਚਾਂ ਨੇ ਸ. ਹਰਚੰਦ ਸਿੰਘ ਬਰਸਟ ਦੀ ਅਗਵਾਈ 'ਤੇ ਪੂਰਨ ਭਰੋਸਾ ਪ੍ਰਗਟਾਇਆ ਅਤੇ ਕਿਹਾ ਕਿ ਪ੍ਰਧਾਨ ਕਮਲਜੀਤ ਸਿੰਘ ਖਾਨਪੁਰ ਵਿਰੁੱਧ ਦਰਜ ਝੂਠੇ ਪਰਚੇ ਨੂੰ ਰੱਦ ਕਰਵਾਉਣ ਲਈ ਡੱਟੇ ਰਹਿਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਗਵਾਈ ਹੇਠ ਉਹ ਹਲਕਾ ਸਮਾਣਾ ਅਤੇ ਆਪਣੇ ਖੇਤਰਾਂ ਦੇ ਵਿਕਾਸ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਰਹਿਣ ਦੇਣਗੇ।

ਇਸ ਮੌਕੇ ਤਰਲੋਚਨ ਸਿੰਘ ਪ੍ਰਧਾਨ ਸਰਪੰਚ ਯੂਨੀਅਨ ਬਲਾਕ ਪਟਿਆਲਾ, ਕਮਲਜੀਤ ਸਿੰਘ ਪ੍ਰਧਾਨ ਸਰਪੰਚ ਯੂਨੀਅਨ ਬਲਾਕ ਸਮਾਣਾ, ਨਰਿੰਦਰ ਸਿੰਘ ਸਰਪ੍ਰਸਤ ਸਰਪੰਚ ਯੂਨੀਅਨ, ਗਗਨਦੀਪ ਕੌਰ ਮੀਤ ਪ੍ਰਧਾਨ ਸਰਪੰਚ ਯੂਨੀਅਨ, ਸੁੱਖਾ ਸਟੀਲ ਵਾਇਸ ਚੇਅਰਮੈਨ ਬਲਾਕ ਸੰਮਤੀ, ਬਲਕਾਰ ਸਿੰਘ ਵਾਇਸ ਚੇਅਰਮੈਨ ਬਲਾਕ ਸੰਮਤੀ, ਬਲਜਿੰਦਰ ਸਿੰਘ ਪਹਾੜਪੁਰ ਬਲਾਕ ਸੰਮਤੀ, ਲਾਲਾ ਖਾਨ ਸਰਪੰਚ ਉੱਚਾ ਗਾਓ, ਤਰਸੇਮ ਸਿੰਘ ਸਰਪੰਚ ਮਾਲੋਮਾਜਰਾ, ਪਿੰਦਰ ਸਿੰਘ ਸਰਪੰਚ ਨਵੀਂ ਰੌਣੀ, ਜਸਵੰਤ ਸਿੰਘ ਸਰਪੰਚ ਵੱਡੀ ਰੌਣੀ, ਅਵਤਾਰ ਸਿੰਘ ਸਰਪੰਚ ਸਾਧੂਗੜ੍ਹ, ਗੁਰਨਾਮ ਸਿੰਘ ਸਰਪੰਚ ਚੱਕ ਅੰਮ੍ਰਿਤਸਰ, ਕਰਨੈਲ ਸਿੰਘ ਸਰਪੰਚ ਜਮਾਲਪੁਰ, ਗੁਰਜੀਤ ਸਿੰਘ ਸਰਪੰਚ ਦਦਹੇੜਾ, ਪਾਲ ਸਿੰਘ ਸਰਪੰਚ ਬੀਬੀਪੁਰ, ਪ੍ਰੇਮ ਸਿੰਘ ਸਰਪੰਚ ਖੇੜੀ ਮੁਸਲਮਾਨੀਆਂ, ਲਖਵਿੰਦਰ ਸਿੰਘ ਸਰਪੰਚ ਖੇੜੀ ਬਰਨਾਂ, ਬਹਾਦਰ ਸਿੰਘ ਸਰਪੰਚ ਦੁਘਾਟ, ਗੁਰਵਿੰਦਰ ਸਿੰਘ ਸਰਪੰਚ ਕਾਕੜਾ, ਜਰਨੈਲ ਸਿੰਘ ਸਰਪੰਚ ਕੂਕਾਂ, ਜਸਵਿੰਦਰ ਸਿੰਘ ਸਰਪੰਚ ਸੁਲਤਾਨਪੁਰ, ਕ੍ਰਿਸ਼ਨ ਸਿੰਘ ਸਰਪੰਚ ਮੱਵੀ ਸੱਪਾਂ, ਪਰਗਟ ਸਿੰਘ ਸਰਪੰਚ ਚੁਤੈਹਰਾ, ਕ੍ਰਿਸ਼ਨ ਲਾਲ ਸਰਪੰਚ ਗਾਜੇਵਾਸ ਚੁਤੈਹਰਾ, ਦਰਸ਼ਨ ਸਿੰਘ ਸਰਪੰਚ ਕਲਿਆਣ, ਇੰਦਰਜੀਤ ਸਿੰਘ ਸੇਖੋਂ ਸਰਪੰਚ ਕਰਤਾਰਪੁਰ, ਲਖਵਿੰਦਰ ਸਿੰਘ ਸਰਪੰਚ ਖੇੜੀ ਬਰਨਾਂ, ਸੁਨੀਲ ਕੁਮਾਰ ਸਰਪੰਚ ਗ੍ਰੀਨ ਪਾਰਕ, ਗੁਰਪ੍ਰਤਾਪ ਸਿੰਘ ਸਰਪੰਚ ਚੋਹਠ, ਜਰਨੈਲ ਸਿੰਘ ਸਰਪੰਚ ਖੁਸਰੋਪੁਰ, ਮਨਦੀਪ ਸਿੰਘ ਸਰਪੰਚ ਹਾਜੀਮਾਜਰਾ, ਮਹਿਲ ਸਿੰਘ ਸਰਪੰਚ ਨੱਸੂਪੁਰ, ਭੁਪਿੰਦਰ ਸਿੰਘ ਸਰਪੰਚ ਖੇੜੀ ਗੋੜੀਆਂ, ਜਸਵੰਤ ਸਿੰਘ ਸਰਪੰਚ ਚੂਹੜਪੁਰ ਮਰਾਸੀਆਂ, ਮੁਕੰਦ ਸਿੰਘ ਸਰਪੰਚ ਬਿਸ਼ਨਪੁਰਾ, ਸਤਨਾਮ ਸਿੰਘ ਸਰਪੰਚ ਦੁੱਲੜ, ਗੁਰਪ੍ਰੀਤ ਸਿੰਘ ਸਰਪੰਚ ਆਸੇਮਾਜਰਾ, ਰਾਮ ਸਿੰਘ ਸਰਪੰਚ ਫਤਹਿਪੁਰ, ਯਾਦਵਿੰਦਰ ਸਿੰਘ ਸਰਪੰਚ ਪਸਿਆਣਾ, ਕੁਲਵੀਰ ਸਿੰਘ ਸਰਪੰਚ ਨਵੀਂ ਲਲੋਛੀ ਹਾਜ਼ਰ ਸਨ।

# ਸੀਟੀ ਯੂਨੀਵਰਸਿਟੀ ਵੱਲੋਂ ਤੀਜੀ ਵਿਸ਼ਵ ਅਰਾਸ਼ੀ ਐਮਐਮਏ ਚੈਂਪੀਅਨਸ਼ਿਪ 2026 ਦੀ ਮੇਜ਼ਬਾਨੀ, 12 ਦੇਸ਼ਾਂ ਦੇ ਖਿਡਾਰੀਆਂ ਨੇ ਲਿਆ ਹਿੱਸਾ



**ਲੁਧਿਆਣਾ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀਟੀ ਯੂਨੀਵਰਸਿਟੀ ਵੱਲੋਂ ਤੀਜੀ ਵਿਸ਼ਵ ਅਰਾਸ਼ੀ ਐਮਐਮਏ ਸਬ-ਜੂਨੀਅਰ, ਜੂਨੀਅਰ ਅਤੇ ਸੀਨੀਅਰ ਪੁਰਸ਼ ਤੇ ਮਹਿਲਾ ਚੈਂਪੀਅਨਸ਼ਿਪ 2026 ਦਾ ਸਫਲ ਆਯੋਜਨ ਕੀਤਾ ਗਿਆ। ਅਰਾਸ਼ੀ ਐਮਐਮਏ ਐਸੋਸੀਏਸ਼ਨ (ਰਜਿਸਟਰਡ), ਭਾਰਤ ਵੱਲੋਂ ਇੰਟਰਨੈਸ਼ਨਲ ਫੈਡਰੇਸ਼ਨ ਆਫ਼ ਅਰਾਸ਼ੀ ਐਮਐਮਏ ਦੇ ਸਹਿਯੋਗ ਨਾਲ ਕਰਵਾਈ ਗਈ ਇਸ ਚੈਂਪੀਅਨਸ਼ਿਪ ਵਿੱਚ ਕਜ਼ਾਖਸਤਾਨ, ਕਿਰਗਿਸਤਾਨ, ਮਿਸਰ, ਨਿਊਜ਼ੀਲੈਂਡ, ਬੰਗਲਾਦੇਸ਼, ਨੇਪਾਲ, ਭੂਟਾਨ, ਅਜ਼ਰਬਾਈਜਾਨ, ਉਜ਼ਬੇਕਿਸਤਾਨ, ਤੁਰਕਮੇਨਿਸਤਾਨ, ਤਾਜਿਕਿਸਤਾਨ ਅਤੇ ਰੂਸ ਸਮੇਤ 12 ਦੇਸ਼ਾਂ ਦੇ ਖਿਡਾਰੀਆਂ ਨੇ ਭਾਗ ਲਿਆ।

ਉਦਘਾਟਨੀ ਸਮਾਰੋਹ ਵਿੱਚ ਇੰਟਰਨੈਸ਼ਨਲ ਫੈਡਰੇਸ਼ਨ ਆਫ਼ ਅਰਾਸ਼ੀ ਐਮਐਮਏ ਦੇ ਪ੍ਰਧਾਨ ਅਸ਼ਖਾਤ ਮੁਸਿਨੋਵ, ਨਗਰ ਨਿਗਮ ਲੁਧਿਆਣਾ ਦੇ ਸਹਾਇਕ ਕਮਿਸ਼ਨਰ ਜਸਦੇਵ ਸਿੰਘ ਸੇਖੋਂ, ਸੀਟੀ ਯੂਨੀਵਰਸਿਟੀ ਦੇ ਡਾਇਰੈਕਟਰ ਸਟੂਡੈਂਟ ਵੈਲਫੇਅਰ ਇੰਜੀਨੀਅਰ ਦਵਿੰਦਰ ਸਿੰਘ, ਐਸੋਸੀਏਸ਼ਨ ਦੇ ਸੰਸਥਾਪਕ ਤੇ ਜਨਰਲ ਸਕੱਤਰ ਪ੍ਰਦੀਪ ਕੁਮਾਰ (ਯੋਗੀ), ਵਿਧਾਇਕ ਕੁਲਦੀਪ ਸਿੰਘ ਢਿੱਲੋਂ ਅਤੇ ਐਫਆਈਸੀਓ ਲੁਧਿਆਣਾ ਦੇ ਪ੍ਰਧਾਨ ਗੁਰਮੀਤ ਕੁਲਾਰ ਹਾਜ਼ਰ ਸਨ।

ਇਸ ਮੌਕੇ ਇੰਜੀਨੀਅਰ ਦਵਿੰਦਰ ਸਿੰਘ ਅਤੇ ਯੂਨੀਵਰਸਿਟੀ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਅੰਤਰਰਾਸ਼ਟਰੀ ਖੇਡ ਮੁਕਾਬਲੇ ਨੌਜਵਾਨਾਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਅਗਵਾਈ ਦੇ ਗੁਣ ਅਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਦੇ ਹਨ। ਉਨ੍ਹਾਂ ਨੇ ਖੇਡ ਪ੍ਰਤਿਭਾਵਾਂ ਨੂੰ ਵਿਸ਼ਵ ਪੱਧਰੀ ਮੰਚ ਪ੍ਰਦਾਨ ਕਰਨ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਦੁਹਰਾਈ।

ਅਸ਼ਖਾਤ ਮੁਸਿਨੋਵ ਅਤੇ ਪ੍ਰਦੀਪ ਕੁਮਾਰ (ਯੋਗੀ) ਨੇ ਚੈਂਪੀਅਨਸ਼ਿਪ ਦੇ ਸਫਲ ਆਯੋਜਨ ਲਈ ਸੀਟੀ ਯੂਨੀਵਰਸਿਟੀ ਦੇ ਪ੍ਰਬੰਧਨ ਅਤੇ ਆਯੋਜਨ ਟੀਮ ਦਾ ਧੰਨਵਾਦ ਕੀਤਾ। ਇਹ ਚੈਂਪੀਅਨਸ਼ਿਪ ਅੰਤਰਰਾਸ਼ਟਰੀ ਖੇਡ ਸਾਂਝ ਨੂੰ ਮਜ਼ਬੂਤ ਕਰਨ ਅਤੇ ਮਾਰਸ਼ਲ ਆਰਟਸ ਨੂੰ ਵਿਸ਼ਵ ਪੱਧਰ 'ਤੇ ਪ੍ਰਫੁੱਲਤ ਕਰਨ ਵੱਲ ਅਹਿਮ ਕਦਮ ਸਾਬਤ ਹੋਈ।

# ਭਗਵਾਨ ਵਾਲਮੀਕੀ ਜੀ ਦੇ ਪ੍ਰਗਟ ਦਿਵਸ ਮੌਕੇ ਪਾਵਨ ਸਤਸੰਗ ਸਮਾਰੋਹ ਕਰਵਾਇਆ



**ਲੁਧਿਆਣਾ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਗਵਾਨ ਵਾਲਮੀਕੀ ਜੀ ਮਹਾਰਾਜ ਦੇ ਪਾਵਨ ਪ੍ਰਗਟ ਦਿਵਸ ਮੌਕੇ ਪ੍ਰਭੂ ਰਤਨਾਕਰ ਸੈਨਾ ਪੰਜਾਬ ਅਤੇ ਲੋਕਤ ਐਜੂਕੇਸ਼ਨ ਸੇਵਾ ਸੋਸਾਇਟੀ ਵੱਲੋਂ ਪ੍ਰਭੂ ਰਤਨਾਕਰ ਚੌਂਕ, ਗੋਪਾਲ ਨਗਰ, ਹੈਬੋਵਾਲ ਕਲਾਂ ਵਿਖੇ ਪਾਵਨ ਸਤਸੰਗ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਰਾਸ਼ੀ ਸਲੀਮ ਅਤੇ ਉਨ੍ਹਾਂ ਦੀ ਟੀਮ ਵੱਲੋਂ ਪੇਸ਼ ਕੀਤੇ ਭਜਨਾਂ ਨੇ ਸੰਗਤਾਂ ਨੂੰ ਭਗਤੀ ਰੰਗ ਵਿੱਚ ਰੰਗ ਦਿੱਤਾ।

ਸਮਾਰੋਹ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਅਤੇ ਲੁਧਿਆਣਾ ਸ਼ਹਿਰੀ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਪਵਨ ਦੀਵਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਭਗਵਾਨ ਵਾਲਮੀਕੀ ਜੀ ਮਹਾਰਾਜ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਅਤੇ ਸੰਗਤਾਂ ਨੂੰ ਪ੍ਰਗਟ ਦਿਵਸ ਦੀਆਂ ਵਧਾਈਆਂ ਦਿੱਤੀਆਂ।

ਇਸ ਮੌਕੇ ਪਵਨ ਦੀਵਾਨ ਨੇ ਕਿਹਾ ਕਿ ਭਗਵਾਨ ਵਾਲਮੀਕੀ ਜੀ ਮਹਾਰਾਜ ਗਿਆਨ, ਸਿੱਖਿਆ, ਮਨੁੱਖਤਾ, ਸਮਾਨਤਾ ਅਤੇ ਸਮਾਜਿਕ ਨਿਆਂ ਦੇ ਮਹਾਨ ਪ੍ਰਤੀਕ ਸਨ। ਉਨ੍ਹਾਂ ਦੀ ਪਾਵਨ ਰਚਨਾ ਰਮਾਇਣ ਸਾਨੂੰ ਸੱਚਾਈ, ਤਿਆਗ, ਮਰਿਆਦਾ ਅਤੇ ਧਰਮ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦੀ ਹੈ। ਉਨ੍ਹਾਂ ਦੇ ਉਪਦੇਸ਼ ਅੱਜ ਵੀ ਸਮਾਜ ਵਿੱਚ ਆਪਸੀ ਭਾਈਚਾਰੇ, ਸਦਭਾਵਨਾ ਅਤੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੰਦੇ ਹਨ।

ਸਮਾਰੋਹ ਵਿੱਚ ਦੀਪਕ ਹੰਸ, ਵਰੁਣ ਸ਼ਰਮਾ, ਅਰੁਣ ਸਿੱਧੂ, ਨੇਤਾ ਜੀ ਸੋਂਧੀ, ਮੁੱਖ ਸੇਵਾਦਾਰ ਬੀ.ਕੇ. ਟਾਂਕ, ਅਨਿਲ ਘਈ, ਸੰਜੇ ਭੇਨੀਵਾਲ, ਨਿਸ਼ੂ ਭਗਾਣੀਆ ਸਮੇਤ ਹੋਰ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਪੰਚਾਇਤੀ ਫੰਡਾਂ ਵਿਚ ਦੁਰਵਰਤੋਂ ਦੇ ਦੋਸ਼ਾਂ ਨੇ ਛੇੜੀ ਚਰਚਾ, ਸ਼ਿਕਾਇਤਕਰਤਾ ਨੇ ਪੰਚਾਇਤ ਵਿਭਾਗ ਅਤੇ ਵਿਜੀਲੈਂਸ ਤੋਂ ਕੀਤੀ ਜਾਂਚ ਦੀ ਮੰਗ, ਸਰਪੰਚ ਨੇ ਨਕਾਰੇ ਦੋਸ਼

**ਮਾਛੀਵਾੜਾ ਸਾਹਿਬ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਬਲਾਕ ਦੇ ਪਿੰਡ ਲੱਖੋਵਾਲ ਕਲਾਂ ਵਿੱਚ ਪੰਚਾਇਤੀ ਫੰਡਾ ਦੀ ਦੁਰਵਰਤੋਂ ਨੂੰ ਲੈ ਕੇ ਪਿੰਡ ਵਾਸੀ ਹਰਵਿੰਦਰਪਾਲ ਸਿੰਘ ਵੱਲੋਂ ਸ਼ਿਕਾਇਤ ਦਰਜ ਕਰਵਾਈ ਗਈ ਹੈ,ਜਿਸ ਦੀ ਸ਼ਿਕਾਇਤਕਰਤਾ ਹਰਵਿੰਦਰਪਾਲ ਸਿੰਘ ਨੇ ਪੰਚਾਇਤ ਵਿਭਾਗ ਤੇ ਵਿਜੀਲੈਂਸ ਤੋਂ ਜਾਂਚ ਦੀ ਮੰਗ ਕੀਤੀ ਹੈ। ਸ਼ਿਕਾਇਤਕਰਤਾ ਹਰਵਿੰਦਰਪਾਲ ਸਿੰਘ ਨੇ ਪੰਚਾਇਤ ਵਿਭਾਗ ਤੋਂ ਆਰ.ਟੀ.ਆਈ. ਐਕਟ ਤਹਿਤ ਸੂਚਨਾ ਮੰਗੀ ਕਿ ਲੱਖੋਵਾਲ ਕਲਾਂ ਦੀ ਪੰਚਾਇਤ ਵਲੋਂ ਫੰਡਾਂ ਨਾਲ ਕਿਹੜੇ-ਕਿਹੜੇ ਵਿਕਾਸ ਕਾਰਜ ਕਰਵਾਏ ਗਏ ਹਨ। ਆਰ.ਟੀ.ਆਈ. ਤਹਿਤ ਸੂਚਨਾ ਤਹਿਤ ਦਸਤਾਵੇਜ਼ ਪ੍ਰਾਪਤ ਕਰਨ ਤੋਂ ਬਾਅਦ ਸ਼ਿਕਾਇਤਕਰਤਾ ਹਰਵਿੰਦਰਪਾਲ ਸਿੰਘ ਨੇ ਪੰਚਾਇਤ ਵਿਭਾਗ ਤੇ ਵਿਜੀਲੈਂਸ ਵਿਭਾਗ ਨੂੰ ਸ਼ਿਕਾਇਤ ਕਰਕੇ ਦੋਸ਼ ਲਗਾਏ ਕਿ ਇਨ੍ਹਾਂ ਫੰਡਾਂ ਦੀ ਵੱਡੀ ਦੁਰਵਰਤੋਂ ਹੋਈ ਹੈ ਅਤੇ ਘਪਲੇਬਾਜ਼ੀ ਦੀ ਵੀ ਸ਼ੰਕਾ ਹੈ ਜਿਸ ਦੀ ਨਿਰਪੱਖਤਾ ਨਾਲ ਜਾਂਚ ਕੀਤੀ ਜਾਵੇ। ਸ਼ਿਕਾਇਤਕਰਤਾ ਹਰਵਿੰਦਰ ਸਿੰਘ ਨੇ ਦੋਸ਼ ਲਗਾਇਆ ਕਿ ਜੋ ਟੋਭੇ ਦੀ ਸਫ਼ਾਈ ਸਬੰਧੀ ਫੰਡ ਖਰਚੇ ਗਏ ਹਨ ਉਸ ਵਿਚ ਵੀ ਦੁਰਵਰਤੋਂ ਹੋਈ ਹੈ।

ਉਨ੍ਹਾਂ ਕਿਹਾ ਕਿ ਜੋ ਇੰਟਰਲਾਕ ਟਾਈਲ ਲਗਾਈ ਗਈ ਹੈ ਉਹ ਬਜ਼ਾਰ ਵਿਚ ਸਸਤੀ ਮਿਲਦੀ ਹੈ ਜਦਕਿ ਉਸਦੇ ਬਿੱਲ ਵੱਧ ਰੇਟ ਦੇ ਪਾਏ ਗਏ ਹਨ ਅਤੇ ਜਾਂਚ ਤੋਂ ਬਾਅਦ ਘਪਲੇਬਾਜ਼ੀ ਸਾਹਮਣੇ ਆ ਸਕਦੀ ਹੈ। ਸ਼ਿਕਾਇਤਕਰਤਾ ਨੇ ਇਹ ਵੀ ਦੋਸ਼ ਲਗਾਇਆ ਕਿ ਜੋ ਪਿੰਡ ਵਿਚ ਸੀਸੀਟੀਵੀ ਕੈਮਰੇ ਲਗਾਏ ਹਨ ਉਸਦੇ ਬਿੱਲ ਵੀ ਵੱਧ ਪਾਏ ਜਾਣ ਦੀ ਸ਼ੰਕਾ ਹੈ।

ਉਨ੍ਹਾਂ ਕਿਹਾ ਕਿ ਹੋਰ ਤਾਂ ਹੋਰ ਇੱਕ ਪਾਸੇ ਪੰਚਾਇਤ ਵਲੋਂ ਨਾਜਾਇਜ ਕਬਜੇ ਛੁਡਵਾਉਣ ਦੀ ਮੁਹਿੰਮ ਆਰੰਭੀ ਹੋਈ ਹੈ ਪਰ ਦੂਸਰੇ ਪਾਸੇ ਇਨ੍ਹਾਂ ਨਾਜਾਇਜ ਕਾਬਜਕਾਰਾਂ ਲਈ ਪਿੰਡ ਵਿਚ ਗਲੀਆਂ, ਨਾਲੀਆਂ ਬਣਾ ਫੰਡਾਂ ਦੀ ਦੁਰਵਰਤੋਂ ਕੀਤੀ ਗਈ ਜਿਸ ਦੀ ਵੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਹੋਰ ਵੀ ਪੰਚਾਇਤੀ ਫੰਡਾਂ ਦੀ ਦੁਰਵਰਤੋਂ ਹੋਈ ਜਿਸ ਦੀ ਜਾਂਚ ਕੀਤੀ ਜਾਵੇ ਤਾਂ ਇਸ ਵਿਚ ਜੋ ਵੀ ਪੰਚਾਇਤ ਮੈਂਬਰ, ਸਰਪੰਚ ਜਾਂ ਵਿਭਾਗ ਦਾ ਅਧਿਕਾਰੀ ਦੀ ਸ਼ਮੂਲੀਅਤ ਹੈ ਉਸ ਖਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।ਸ਼ਿਕਾਇਤਕਰਤਾ ਹਰਵਿੰਦਰ ਸਿੰਘ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਪਿੰਡ ਲੱਖੋਵਾਲ ਕਲਾਂ ਦੀ ਪਿਛਲੀ ਪੰਚਾਇਤ ਵੀ ਫੰਡਾਂ ਦੀ ਘਪਲੇਬਾਜ਼ੀ ਕਾਰਨ ਚਰਚਾ ਵਿਚ ਰਹੀ ਹੈ ਜਿਸ ਸਬੰਧੀ ਉਸਨੇ ਹੀ ਵਿਭਾਗ ਨੂੰ ਸ਼ਿਕਾਇਤਾਂ ਕਰਕੇ ਇਸ ਦਾ ਪਰਦਾਫਾਸ਼ ਕਰਵਾਇਆ ਸੀ। ਉਨ੍ਹਾਂ ਕਿਹਾ ਕਿ ਪਿੰਡ ਦਾ ਪੈਸਾ ਪਿੰਡ ਦੇ ਲੋਕਾਂ ਦੀ ਸਹੂਲਤਾਂ ਲਈ ਸੁਚੱਜੇ ਢੰਗ ਨਾਲ ਖਰਚ ਹੋਣਾ ਚਾਹੀਦਾ ਹੈ ਪਰ ਕੁਝ ਚੁਣੇ ਹੋਏ ਨੁਮਾਇੰਦੇ ਤੇ ਵਿਭਾਗ ਦੇ ਅਧਿਕਾਰੀ ਇਨ੍ਹਾਂ ਫੰਡਾਂ ਦੀ ਦੁਰਵਰਤੋ ਕਰ ਆਪਣੀਆਂ ਜੇਬਾਂ ਭਰ ਰਹੇ ਹਨ ਜਿਨ੍ਹਾਂ ਖਿਲਾਫ਼ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

ਪੰਚਾਇਤ ਵਿਭਾਗ ਵਲੋਂ ਸ਼ਿਕਾਇਤ ਦੇ ਅਧਾਰ 'ਤੇ ਜਾਂਚ ਕਰਵਾਈ ਜਾਵੇਗੀ: ਬੀ.ਡੀ.ਪੀ.ਓ.

ਬਲਾਕ ਪੰਚਾਇਤ ਅਫ਼ਸਰ ਰੁਪਿੰਦਰ ਕੌਰ ਨੇ ਕਿਹਾ ਕਿ ਪਿੰਡ ਲੱਖੋਵਾਲ ਕਲਾਂ ਦੇ ਨਿਵਾਸੀ ਹਰਵਿੰਦਰ ਸਿੰਘ ਵਲੋਂ ਪੰਚਾਇਤੀ ਫੰਡਾਂ ਦੀ ਦੁਰਵਰਤੋਂ ਸਬੰਧੀ ਸ਼ਿਕਾਇਤ ਉਨ੍ਹਾਂ ਕੋਲ ਪੁੱਜ ਚੁੱਕੀ ਹੈ, ਇਸ ਸਬੰਧੀ ਸ਼ਿਕਾਇਤਕਰਤਾ ਨੂੰ ਇੱਕ ਹਲਫ਼ੀਆ ਬਿਆਨ ਦੇਣ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਚਾਇਤ ਵਿਭਾਗ ਵਲੋਂ ਉਸਦੀ ਸ਼ਿਕਾਇਤ ਦੀ ਜਾਂਚ ਕਰਵਾਈ ਜਾਵੇਗੀ।

ਪਿੰਡ ਦੀ ਸਰਪੰਚ ਨੇ ਫੰਡਾਂ ਵਿਚ ਦੁਰਵਰਤੋਂ ਦੇ ਸਾਰੇ ਦੋਸ਼ ਨਕਾਰੇ

ਪਿੰਡ ਲੱਖੋਵਾਲ ਕਲਾਂ ਦੀ ਸਰਪੰਚ ਪ੍ਰੀਤ ਕੌਰ ਨੇ ਕਿਹਾ ਕਿ ਸ਼ਿਕਾਇਤਕਰਤਾ ਨੇ ਜੋ ਫੰਡਾਂ ਵਿਚ ਦੁਰਵਰਤੋਂ ਦੇ ਦੋਸ਼ ਲਗਾਏ ਹਨ ਉਹ ਬਿਲਕੁਲ ਝੂਠੇ ਤੇ ਬੇਬੁਨਿਆਦ ਹਨ। ਉਨ੍ਹਾਂ ਕਿਹਾ ਕਿ ਪਿੰਡ ਵਿਚ ਜੋ ਵੀ ਵਿਕਾਸ ਕਾਰਜ ਕਰਵਾਏ ਗਏ ਹਨ ਉਹ ਬਿਲਕੁਲ ਨਿਯਮਾਂ ਅਨੁਸਾਰ ਤੇ ਵਿਭਾਗ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਹੋਏ ਹਨ। ਉਨ੍ਹਾਂ ਕਿਹਾ ਕਿ ਪਿੰਡ ਵਿਚ ਧੜੇਬੰਦੀ ਕਾਰਨ ਉਨ੍ਹਾਂ 'ਤੇ ਝੂਠੇ ਦੋਸ਼ ਲਗਾਏ ਜਾ ਰਹੇ ਹਨ।

# ਦੀਵਾਲੀ ਦੇ ਤਿਉਹਾਰ ਮੌਕੇ ਚੰਡੀਗੜ੍ਹ ’ਚ ਟ੍ਰੈਫਿਕ ਪ੍ਰਬੰਧਾਂ ਲਈ ਪੁਲਿਸ ਦੀ ਵਿਸ਼ੇਸ਼ ਅਪੀਲ, ਬਾਜ਼ਾਰਾਂ ਨੇੜੇ ਸਕੂਲਾਂ ’ਚ ਹੋਵੇਗੀ ਪਾਰਕਿੰਗ

**ਚੰਡੀਗੜ੍ਹ 28 ਅਕਤੂਬਰ**
**-ਛਤਰਪਾਲ ਸਿੰਘ-**

ਦੀਵਾਲੀ ਸਮੇਤ ਹੋਰ ਤਿਉਹਾਰਾਂ ਦੇ ਮੱਦੇਨਜ਼ਰ ਸ਼ਹਿਰ ਦੇ ਬਾਜ਼ਾਰਾਂ ਵਿੱਚ ਵਧਣ ਵਾਲੀ ਭੀੜ ਅਤੇ ਆਵਾਜਾਈ ਦੇ ਦਬਾਅ ਨੂੰ ਦੇਖਦਿਆਂ ਚੰਡੀਗੜ੍ਹ ਟ੍ਰੈਫਿਕ ਪੁਲਿਸ ਨੇ ਲੋਕਾਂ ਨੂੰ ਸਹਿਯੋਗ ਦੀ ਅਪੀਲ ਕੀਤੀ ਹੈ। ਪੁਲਿਸ ਵੱਲੋਂ ਜਾਰੀ ਜਨਤਕ ਅਪੀਲ ਅਨੁਸਾਰ, 28 ਅਕਤੂਬਰ ਤੋਂ 8 ਨਵੰਬਰ 2026 ਤੱਕ ਤਿਉਹਾਰੀ ਖਰੀਦਦਾਰੀ ਦੌਰਾਨ ਆਵਾਜਾਈ ਨੂੰ ਸੁਚਾਰੂ ਬਣਾਈ ਰੱਖਣ ਲਈ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਆਪਣੇ ਵਾਹਨ ਸਿਰਫ਼ ਨਿਰਧਾਰਤ ਪਾਰਕਿੰਗ ਸਥਾਨਾਂ ’ਤੇ ਹੀ ਖੜ੍ਹੇ ਕਰਨ ਦੀ ਸਲਾਹ ਦਿੱਤੀ ਗਈ ਹੈ। ਚੰਡੀਗੜ੍ਹ ਟ੍ਰੈਫਿਕ ਪੁਲਿਸ ਨੇ ਕਿਹਾ ਹੈ ਕਿ ਤਿਉਹਾਰਾਂ ਦੇ ਦਿਨਾਂ ਵਿੱਚ ਬਾਜ਼ਾਰਾਂ ਵਿੱਚ ਖਰੀਦਦਾਰੀ ਕਰਨ ਆਉਣ ਵਾਲੇ ਲੋਕਾਂ ਦੀ ਗਿਣਤੀ ਵਧਣ ਕਾਰਨ ਸੜਕਾਂ ’ਤੇ ਜਾਮ ਲੱਗਣ ਅਤੇ ਪਾਰਕਿੰਗ ਦੀ ਸਮੱਸਿਆ ਪੈਦਾ ਹੋਣ ਦੀ ਸੰਭਾਵਨਾ ਰਹਿੰਦੀ ਹੈ। ਇਸ ਲਈ ਆਮ ਲੋਕਾਂ ਦੇ ਸਹਿਯੋਗ ਨਾਲ ਹੀ ਆਵਾਜਾਈ ਪ੍ਰਬੰਧਾਂ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ।

ਟ੍ਰੈਫਿਕ ਪੁਲਿਸ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਬਾਜ਼ਾਰ ਜਾਂ ਹੋਰ ਮੰਜ਼ਿਲ ਨੇੜੇ ਹੈ, ਤਾਂ ਮੋਟਰ ਵਾਹਨ ਦੀ ਬਜਾਏ ਪੈਦਲ ਜਾਣ ਨੂੰ ਤਰਜੀਹ ਦਿੱਤੀ ਜਾਵੇ। ਇਸ ਨਾਲ ਸੜਕਾਂ ’ਤੇ ਵਾਹਨਾਂ ਦੀ ਗਿਣਤੀ ਘਟੇਗੀ ਅਤੇ ਪਾਰਕਿੰਗ ਦੀ ਸਮੱਸਿਆ ਵੀ ਘੱਟ ਹੋਵੇਗੀ। ਇਸ ਤੋਂ ਇਲਾਵਾ, ਲੋਕਾਂ ਨੂੰ ਭੀੜ ਵਾਲੇ ਸਮੇਂ ਤੋਂ ਬਚ ਕੇ ਆਪਣੀ ਯਾਤਰਾ ਦੀ ਯੋਜਨਾ ਬਣਾਉਣ ਅਤੇ ਇੱਕੋ ਦਿਸ਼ਾ ਵੱਲ ਜਾਣ ਵਾਲੇ ਲੋਕਾਂ ਨੂੰ ਸਾਂਝੇ ਵਾਹਨਾਂ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਗਈ ਹੈ। ਇਸ ਤਰ੍ਹਾਂ ਸੜਕਾਂ ’ਤੇ ਵਾਹਨਾਂ ਦਾ ਦਬਾਅ ਘਟਾਉਣ ਵਿੱਚ ਮਦਦ ਮਿਲੇਗੀ। ਪੁਲਿਸ ਨੇ ਕਿਹਾ ਹੈ ਕਿ ਵਾਹਨ ਨਿਰਧਾਰਤ ਪਾਰਕਿੰਗ ਸਥਾਨਾਂ ਵਿੱਚ ਇਸ ਤਰ੍ਹਾਂ ਖੜ੍ਹੇ ਕੀਤੇ ਜਾਣ ਕਿ ਬੇਲੋੜੀ ਜਗ੍ਹਾ ਨਾ ਘੇਰੀ ਜਾਵੇ ਅਤੇ ਹੋਰ ਵਾਹਨਾਂ ਨੂੰ ਪਾਰਕਿੰਗ ਕਰਨ ਵਿੱਚ ਮੁਸ਼ਕਲ ਨਾ ਆਵੇ।

**ਸੜਕਾਂ ’ਤੇ ਪਾਰਕਿੰਗ ਕਰਨ ਵਾਲਿਆਂ ਖ਼ਿਲਾਫ਼ ਹੋਵੇਗੀ ਕਾਰਵਾਈ**

ਚੰਡੀਗੜ੍ਹ ਟ੍ਰੈਫਿਕ ਪੁਲਿਸ ਨੇ ਸਪੱਸ਼ਟ ਕੀਤਾ ਹੈ ਕਿ ਸੜਕਾਂ ’ਤੇ ਗ਼ੈਰ-ਕਾਨੂੰਨੀ ਢੰਗ ਨਾਲ ਵਾਹਨ ਖੜ੍ਹੇ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ। ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਨੂੰ ਟੋਅ ਕਰਕੇ ਲਿਜਾਇਆ ਜਾ ਸਕਦਾ ਹੈ ਜਾਂ ਉਨ੍ਹਾਂ ਨੂੰ ਕਲੈਂਪ ਕੀਤਾ ਜਾ ਸਕਦਾ ਹੈ। ਲੋਕਾਂ ਨੂੰ ਸਾਈਕਲ ਟਰੈਕਾਂ ਅਤੇ ਪੈਦਲ ਚੱਲਣ ਵਾਲਿਆਂ ਲਈ ਬਣੇ ਰਸਤਿਆਂ ’ਤੇ ਵਾਹਨ ਖੜ੍ਹੇ ਕਰਨ ਜਾਂ ਉਨ੍ਹਾਂ ’ਤੇ ਵਾਹਨ ਚਲਾਉਣ ਤੋਂ ਵੀ ਗੁਰੇਜ਼ ਕਰਨ ਲਈ ਕਿਹਾ ਗਿਆ ਹੈ। ਅਜਿਹਾ ਕਰਨ ਨਾਲ ਸਾਈਕਲ ਸਵਾਰਾਂ ਅਤੇ ਪੈਦਲ ਯਾਤਰੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਹਾਦਸਿਆਂ ਦਾ ਖ਼ਤਰਾ ਵੀ ਵਧ ਸਕਦਾ ਹੈ। ਪੁਲਿਸ ਨੇ ਵਾਹਨ ਚਾਲਕਾਂ ਨੂੰ ਟ੍ਰੈਫਿਕ ਜਾਮ ਦੌਰਾਨ ਸਬਰ ਰੱਖਣ ਅਤੇ ਬਿਨਾਂ ਲੋੜ ਹਾਰਨ ਨਾ ਵਜਾਉਣ ਦੀ ਅਪੀਲ ਵੀ ਕੀਤੀ ਹੈ।

**ਬਾਜ਼ਾਰਾਂ ਨੇੜੇ ਸਰਕਾਰੀ ਸਕੂਲਾਂ ਵਿੱਚ ਪਾਰਕਿੰਗ ਦੀ ਸਹੂਲਤ**

ਤਿਉਹਾਰੀ ਖਰੀਦਦਾਰੀ ਲਈ ਆਉਣ ਵਾਲੇ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਚੰਡੀਗੜ੍ਹ ਟ੍ਰੈਫਿਕ ਪੁਲਿਸ ਨੇ ਵੱਖ-ਵੱਖ ਸੈਕਟਰਾਂ ਦੇ ਬਾਜ਼ਾਰਾਂ ਨੇੜੇ ਸਥਿਤ ਸਰਕਾਰੀ ਸਕੂਲਾਂ ਅਤੇ ਕਾਲਜਾਂ ਦੇ ਪਾਰਕਿੰਗ ਸਥਾਨਾਂ ਦੀ ਵਰਤੋਂ ਕਰਨ ਦੀ ਵਿਵਸਥਾ ਕੀਤੀ ਹੈ। ਇਹ ਸਹੂਲਤ ਸਕੂਲਾਂ ਦੇ ਸਮੇਂ ਤੋਂ ਬਾਅਦ ਅਤੇ ਛੁੱਟੀਆਂ ਵਾਲੇ ਦਿਨਾਂ ਦੌਰਾਨ ਉਪਲਬਧ ਰਹੇਗੀ। ਪੁਲਿਸ ਦੀ ਅਪੀਲ ਅਨੁਸਾਰ, ਇਹ ਵਿਵਸਥਾ ਦੀਵਾਲੀ ਤੱਕ ਲੋਕਾਂ ਦੀ ਸਹੂਲਤ ਲਈ ਕੀਤੀ ਗਈ ਹੈ।

ਬਾਜ਼ਾਰਾਂ ਅਨੁਸਾਰ ਪਾਰਕਿੰਗ ਲਈ ਨਿਰਧਾਰਤ ਕੀਤੇ ਗਏ ਸਥਾਨ ਹੇਠ ਲਿਖੇ ਹਨ:

1. ਸੈਕਟਰ-8 ਬਾਜ਼ਾਰ: ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-8-ਬੀ।
2. ਸੈਕਟਰ-15 ਬਾਜ਼ਾਰ: ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-15-ਸੀ, ਗੁਰਦੁਆਰਾ ਸਾਹਿਬ ਨੇੜੇ।
3. ਸੈਕਟਰ-18 ਬਾਜ਼ਾਰ: ਸਰਕਾਰੀ ਗਰਲਜ਼ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-18-ਡੀ।
4. ਸੈਕਟਰ-19 ਬਾਜ਼ਾਰ: ਸਰਕਾਰੀ ਹਾਈ ਸਕੂਲ, ਸੈਕਟਰ-19-ਡੀ ਅਤੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-19-ਸੀ।
5. ਸੈਕਟਰ-20 ਬਾਜ਼ਾਰ: ਸਰਕਾਰੀ ਗਰਲਜ਼ ਮਾਡਲ ਸਕੂਲ, ਸੈਕਟਰ-20-ਬੀ; ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-20-ਡੀ ਅਤੇ ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-20-ਡੀ।
6. ਸੈਕਟਰ-22 ਬਾਜ਼ਾਰ: ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-22-ਏ ਅਤੇ ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-22-ਸੀ।
7. ਸੈਕਟਰ-29 ਬਾਜ਼ਾਰ: ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-29-ਬੀ; ਸਰਕਾਰੀ ਹਾਈ ਸਕੂਲ, ਸੈਕਟਰ-29-ਬੀ ਅਤੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-29-ਏ।
8. ਸੈਕਟਰ-30 ਬਾਜ਼ਾਰ: ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-30।
9. ਸੈਕਟਰ-32 ਬਾਜ਼ਾਰ: ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-32-ਸੀ।
10. ਸੈਕਟਰ-34 ਬਾਜ਼ਾਰ: ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-34-ਸੀ।
11. ਸੈਕਟਰ-35 ਬਾਜ਼ਾਰ: ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-35-ਡੀ ਅਤੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-35-ਸੀ।
12. ਸੈਕਟਰ-36 ਬਾਜ਼ਾਰ: ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-36-ਸੀ।
13. ਸੈਕਟਰ-37 ਬਾਜ਼ਾਰ: ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-37-ਸੀ ਅਤੇ ਸਰਕਾਰੀ ਮਿਡਲ ਸਕੂਲ, ਸੈਕਟਰ-37-ਸੀ।
14. ਸੈਕਟਰ-38 ਬਾਜ਼ਾਰ: ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-38-ਡੀ।
15. ਸੈਕਟਰ-40 ਬਾਜ਼ਾਰ: ਸਰਕਾਰੀ ਮਾਡਲ ਹਾਈ ਸਕੂਲ, ਸੈਕਟਰ-40-ਏ ਅਤੇ ਸਰਕਾਰੀ ਮਾਡਲ ਸਕੂਲ, ਸੈਕਟਰ-40-ਬੀ।
16. ਸੈਕਟਰ-41 ਬਾਜ਼ਾਰ: ਸਰਕਾਰੀ ਮਾਡਲ ਸਕੂਲ, ਸੈਕਟਰ-41-ਡੀ, ਬਡਹੇੜੀ।

# ਅਸੀਂ ਚੰਗੇ ਸਕੂਲ, ਹਸਪਤਾਲ, ਮੁਫ਼ਤ ਬਿਜਲੀ, ਸਿਹਤ ਬੀਮਾ ਅਤੇ ਔਰਤਾਂ ਲਈ 1,000 ਜਾਰੀ ਰੱਖਣ ਲਈ ਵੋਟਾਂ ਮੰਗਾਂਗੇ: ਮਾਨ

**➢ ਮੁਫ਼ਤ ਸਕੀਮਾਂ ਬੰਦ ਕਰਨ ਦਾ ਕਾਂਗਰਸ ਦਾ ਐਲਾਨ ਇਹ ਸਾਫ਼ ਕਰਦਾ ਹੈ ਕਿ ਇਸ ਵਾਰ ਉਸ ਨੂੰ ਹੋਰ ਵੀ ਮਾੜੀ ਹਾਰ ਦਾ ਸਾਹਮਣਾ ਕਰਨਾ ਪਵੇਗਾ ➢ ਲੋਕ ਭਾਜਪਾ ਨੂੰ ਵੋਟ ਨਹੀਂ ਪਾਉਣਗੇ, ਜੋ ਪੰਜਾਬ ਦਾ ਪਾਣੀ, ਪੰਜਾਬ ਯੂਨੀਵਰਸਿਟੀ ਅਤੇ ਚੰਡੀਗੜ੍ਹ ਖੋਹਣ ਦੀ ਕੋਸ਼ਿਸ਼ ਕਰ ਰਹੀ ਹੈ**

**ਚੰਡੀਗੜ੍ਹ 28 ਅਕਤੂਬਰ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਾਂਗਰਸ ਅਤੇ ਭਾਜਪਾ ’ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਆਪਣੇ ਲੋਕ-ਪੱਖੀ ਸ਼ਾਸਨ, ਜਿਸ ਵਿੱਚ ਵਧੀਆ ਸਕੂਲ ਅਤੇ ਹਸਪਤਾਲ, ਮੁਫ਼ਤ ਬਿਜਲੀ, ਸਿਹਤ ਬੀਮਾ ਅਤੇ ਔਰਤਾਂ ਲਈ ਵਿੱਤੀ ਸਹਾਇਤਾ ਸ਼ਾਮਲ ਹੈ, ਦੇ ਨਾਮ ’ਤੇ ਨਵਾਂ ਫਤਵਾ ਮੰਗੇਗੀ। ਕਾਂਗਰਸ ਵੱਲੋਂ ਮੁਫ਼ਤ ਸਕੀਮਾਂ ਬੰਦ ਕਰਨ ਦੇ ਐਲਾਨ ’ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਪਾਰਟੀ ਦਾ ਇਹ ਸਟੈਂਡ ਲੋਕਾਂ ਨੂੰ ਉਸ ਤੋਂ ਹੋਰ ਦੂਰ ਕਰੇਗਾ, ਜਦੋਂ ਕਿ ਉਨ੍ਹਾਂ ਭਾਜਪਾ ’ਤੇ ਪੰਜਾਬ ਦਾ ਪਾਣੀ, ਪੰਜਾਬ ਯੂਨੀਵਰਸਿਟੀ ਅਤੇ ਚੰਡੀਗੜ੍ਹ ਖੋਹਣ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਾਇਆ। ਭਾਰਤੀ ਹਾਕੀ ਵਿੱਚ ਪੰਜਾਬ ਦੇ ਯੋਗਦਾਨ ਬਾਰੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ ਕਿ ਭਾਰਤੀ ਹਾਕੀ ਟੀਮ ਦੇ 11 ਵਿੱਚੋਂ ਨੌਂ ਖਿਡਾਰੀ ਪੰਜਾਬ ਤੋਂ ਹਨ, ਜੋ ਖੇਡਾਂ ਵਿੱਚ ਦੇਸ਼ ਲਈ ਪੰਜਾਬ ਦੇ ਨਿਰੰਤਰ ਯੋਗਦਾਨ ਨੂੰ ਦਰਸਾਉਂਦਾ ਹੈ।



‘ਮਾਵਾਂ-ਧੀਆਂ ਸਤਿਕਾਰ ਯੋਜਨਾ’ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਹਿਲਕਦਮੀ ਔਰਤਾਂ ਲਈ ਸਨਮਾਨ ਅਤੇ ਵਿੱਤੀ ਸਹਾਇਤਾ ਯਕੀਨੀ ਬਣਾਉਣ ਦੇ ਸਿਧਾਂਤ ’ਤੇ ਆਧਾਰਿਤ ਹੈ। ਉਨ੍ਹਾਂ ਕਿਹਾ, ÷ਇਸ ਦਾ ਉਦੇਸ਼ ਔਰਤਾਂ ਦੀ ਵਿੱਤੀ ਸੁਰੱਖਿਆ ਨੂੰ ਮਜ਼ਬੂਤ ਕਰਨਾ ਹੈ ਤਾਂ ਜੋ ਉਹ ਆਪਣੀਆਂ ਬੁਨਿਆਦੀ ਲੋੜਾਂ ਲਈ ਦੂਜਿਆਂ ’ਤੇ ਨਿਰਭਰ ਰਹੇ ਬਿਨਾਂ ਆਤਮ-ਵਿਸ਼ਵਾਸ ਅਤੇ ਸਵੈ-ਮਾਣ ਨਾਲ ਜੀ ਸਕਣ। ਔਰਤਾਂ ਦੀ ਭਲਾਈ, ਸਨਮਾਨ ਅਤੇ ਵਿੱਤੀ ਆਜ਼ਾਦੀ ਸ਼ਾਸਨ ਦੇ ਕੇਂਦਰ ਵਿੱਚ ਹੋਣੀ ਚਾਹੀਦੀ ਹੈ।÷

ਔਰਤਾਂ ਲਈ ਬਣਾਈ ਗਈ ਭਲਾਈ ਯੋਜਨਾ ਦੇ ਸਿਆਸੀਕਰਨ ’ਤੇ ਦੁੱਖ ਪ੍ਰਗਟ ਕਰਦਿਆਂ ਉਨ੍ਹਾਂ ਸਵਾਲ ਕੀਤਾ ਕਿ ਕਾਂਗਰਸ ਔਰਤਾਂ ਦੇ ਜੀਵਨ ਨੂੰ ਸੁਧਾਰਨ ਲਈ ਚੁੱਕੇ ਕਦਮਾਂ ਦਾ ਵਿਰੋਧ ਕਰਨ ਜਾਂ ਉਸ ਨੂੰ ਕਮਜ਼ੋਰ ਕਰਨ ਨੂੰ ਕਿਵੇਂ ਜਾਇਜ਼ ਠਹਿਰਾ ਸਕਦੀ ਹੈ। ਉਨ੍ਹਾਂ ਅੱਗੇ ਕਿਹਾ, ÷ਸਾਡੀ ਸਰਕਾਰ ਉਨ੍ਹਾਂ ਨੀਤੀਆਂ ਲਈ ਵਚਨਬੱਧ ਹੈ, ਜੋ ਔਰਤਾਂ ਨੂੰ ਪਹਿਲ ਦਿੰਦੀਆਂ ਹਨ ਅਤੇ ਉਨ੍ਹਾਂ ਨੂੰ ਸਾਰਥਕ ਸਹਾਇਤਾ ਪ੍ਰਦਾਨ ਕਰਦੀਆਂ ਹਨ। ਖੇਡਾਂ ਦੇ ਖੇਤਰ ਵਿੱਚ ਪੰਜਾਬ ਦੇ ਸ਼ਾਨਦਾਰ ਇਤਿਹਾਸ ’ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੰਗਲਵਾਰ ਦਾ ਦਿਨ ਸੂਬੇ ਲਈ ਬਹੁਤ ਮਹੱਤਵਪੂਰਨ ਹੈ ਕਿਉਂਕਿ ਜਲੰਧਰ ਵਿੱਚ ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫੀ ਸ਼ੁਰੂ ਹੋ ਰਹੀ ਹੈ। ਉਨ੍ਹਾਂ ਕਿਹਾ, ÷ਪੰਜਾਬ ਹਮੇਸ਼ਾ ਖੇਡਾਂ ਵਿੱਚ ਅੱਗੇ ਰਿਹਾ ਹੈ। ਭਾਰਤੀ ਹਾਕੀ ਟੀਮ ਦੇ 11 ਵਿੱਚੋਂ ਨੌਂ ਖਿਡਾਰੀ ਪੰਜਾਬ ਦੇ ਹਨ, ਜੋ ਖੇਡ ਜਗਤ ਵਿੱਚ ਸੂਬੇ ਦੇ ਅਥਾਹ ਯੋਗਦਾਨ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਹਾਕੀ ਖਿਡਾਰੀਆਂ ਨੂੰ ਕਾਫ਼ੀ ਸਮੇਂ ਬਾਅਦ ਆਪਣੇ ਘਰੇਲੂ ਦਰਸ਼ਕਾਂ ਸਾਹਮਣੇ ਖੇਡਣ ਦਾ ਮੌਕਾ ਮਿਲ ਰਿਹਾ ਹੈ, ਜਿਸ ਨਾਲ ਇਹ ਟੂਰਨਾਮੈਂਟ ਸੂਬੇ ਦੇ ਖੇਡ ਪ੍ਰੇਮੀਆਂ ਲਈ ਬਹੁਤ ਖ਼ਾਸ ਬਣ ਗਿਆ ਹੈ।

ਉਨ੍ਹਾਂ ਅੱਗੇ ਕਿਹਾ, ਏਸ਼ੀਅਨ ਚੈਂਪੀਅਨਜ਼ ਟਰਾਫੀ ਦੀ ਸਫ਼ਲ ਮੇਜ਼ਬਾਨੀ ਤੋਂ ਬਾਅਦ ਪੰਜਾਬ 2030 ਹਾਕੀ ਵਿਸ਼ਵ ਕੱਪ ਦੀ ਮੇਜ਼ਬਾਨੀ ਕਰਨ ਦੇ ਯੋਗ ਹੋ ਜਾਵੇਗਾ। ਸਾਡੀ ਸਰਕਾਰ ਖਿਡਾਰੀਆਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਮੱਲਾਂ ਮਾਰਨ ਲਈ ਬਿਹਤਰ ਮੌਕੇ ਅਤੇ ਸਹੂਲਤਾਂ ਮੁਹੱਈਆ ਕਰ ਕੇ ਪੰਜਾਬ ਦੀਆਂ ਖੇਡਾਂ ਦੀ ਸ਼ਾਨ ਬਹਾਲ ਕਰਨ ਲਈ ਵਚਨਬੱਧ ਹੈ।

ਕਾਂਗਰਸ ’ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਧਾਨ ਸਭਾ ਵਿੱਚ ਪਾਰਟੀ ਦੇ ਰਵੱਈਏ ਨੇ ਉਸ ਦੇ ਜਨਤਕ ਬਿਆਨਾਂ ਅਤੇ ਕਾਰਵਾਈਆਂ ਵਿਚਕਾਰ ਵਿਰੋਧਾਭਾਸ ਨੂੰ ਸਾਹਮਣੇ ਲਿਆਂਦਾ ਹੈ। ਉਨ੍ਹਾਂ ਕਿਹਾ, ÷ਕਾਂਗਰਸ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ.) ਦਾ ਵਿਰੋਧ ਕਰਨ ਦਾ ਦਾਅਵਾ ਕਰਦੀ ਹੈ, ਪਰ ਜਦੋਂ ਵਿਧਾਨ ਸਭਾ ਵਿੱਚ ਇਸ ਮੁੱਦੇ ’ਤੇ ਸਾਰਥਕ ਚਰਚਾ ਵਿੱਚ ਭਾਗ ਲੈਣ ਦਾ ਮੌਕਾ ਮਿਲਿਆ ਤਾਂ ਉਸ ਦੇ ਮੈਂਬਰ ਬਾਹਰ ਚਲੇ ਗਏ। ਉਨ੍ਹਾਂ ਦੀਆਂ ਕਾਰਵਾਈਆਂ ਆਪਣੇ ਆਪ ਸਭ ਕੁਝ ਬਿਆਨ ਕਰਦੀਆਂ ਹਨ।

ਭਾਜਪਾ ’ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਾਰਟੀ ਪੰਜਾਬ ਦੇ ਹਿੱਤਾਂ ਲਈ ਖੜ੍ਹੇ ਹੋਣ ’ਚ ਵਾਰ-ਵਾਰ ਨਾਕਾਮ ਰਹੀ ਹੈ। ਉਨ੍ਹਾਂ ਕਿਹਾ, ਪੰਜਾਬ ਦੇ ਲੋਕ ਜਾਣਦੇ ਹਨ ਕਿ ਔਖੇ ਸਮੇਂ ਵਿੱਚ ਕੌਣ ਸੂਬੇ ਦੇ ਨਾਲ ਖੜ੍ਹਾ ਸੀ ਅਤੇ ਕੌਣ ਲਗਾਤਾਰ ਧੋਖਾ ਦਿੰਦਾ ਰਿਹਾ ਹੈ। ਪੰਜਾਬ ਦੇ ਹਿੱਤ, ਅਧਿਕਾਰ ਅਤੇ ਆਸਾਂ ਹਮੇਸ਼ਾ ਪਹਿਲੇ ਨੰਬਰ ’ਤੇ ਹੋਣੀਆਂ ਚਾਹੀਦੀਆਂ ਹਨ। ਆਪਣੇ ਸੰਬੋਧਨ ਦੇ ਅੰਤ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਆਪਣੀਆਂ ਉਪਲਬਧੀਆਂ, ਜਨਤਕ ਭਲਾਈ ਪ੍ਰਤੀ ਵਚਨਬੱਧਤਾ ਅਤੇ ਸੂਬੇ ਦੇ ਹਿੱਤਾਂ ਦੀ ਰਾਖੀ ਦੇ ਦ੍ਰਿੜ੍ਹ ਸੰਕਲਪ ਦੇ ਦਮ ’ਤੇ ਲੋਕਾਂ ਵਿਚਕਾਰ ਜਾਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਸਰਕਾਰ ਨੇ ਸਿੰਜਾਈ, ਖੇਤੀਬਾੜੀ, ਖੇਡਾਂ ਅਤੇ ਸਮਾਜਿਕ ਭਲਾਈ ਦੇ ਖੇਤਰ ਵਿੱਚ ਠੋਸ ਤਰੱਕੀ ਕੀਤੀ ਹੈ। ਅਸੀਂ ਇੱਕ ਮਜ਼ਬੂਤ ਅਤੇ ਖ਼ੁਸ਼ਹਾਲ ਪੰਜਾਬ ਦੇ ਨਿਰਮਾਣ ਲਈ ਲਗਨ ਅਤੇ ਇਮਾਨਦਾਰੀ ਨਾਲ ਕੰਮ ਕਰਨਾ ਜਾਰੀ ਰੱਖਾਂਗੇ। ਹਰ ਪੰਜਾਬੀ ਦੇ ਅਧਿਕਾਰਾਂ ਅਤੇ ਆਸਾਂ ਪ੍ਰਤੀ ਸਾਡੀ ਵਚਨਬੱਧਤਾ ਸਪੱਸ਼ਟ ਹੈ।

# ਗੁਰਦੁਆਰਾ ਨਾਨਕ ਪ੍ਰਕਾਸ਼ ਫਰਿਜ਼ਨੋ ਵੱਲੋਂ ਸਜਾਏ ਵਿਸ਼ਾਲ ਨਗਰ ਕੀਰਤਨ ’ਤੇ ਛਾਇਆ ਖ਼ਾਲਸਾਈ ਰੰਗ



**ਫਰਿਜ਼ਨੋ (ਕੈਲੀਫੋਰਨੀਆ), 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਥਾਨਕ ਗੁਰਦੁਆਰਾ ਨਾਨਕ ਪ੍ਰਕਾਸ਼ ਫਰਿਜ਼ਨੋ, ਜੋ ਕਿ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਧਾਰਮਿਕ ਸੇਵਾਵਾਂ ਨਿਭਾਅ ਰਿਹਾ ਹੈ, ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਸਾਲਾਨਾ ਨਗਰ ਕੀਰਤਨ ਬੜੀ ਸ਼ਰਧਾ, ਉਤਸ਼ਾਹ ਅਤੇ ਖ਼ਾਲਸਾਈ ਜਾਹੋ-ਜਲਾਲ ਨਾਲ ਸਜਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਪ੍ਰਤੀ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਨਗਰ ਕੀਰਤਨ ਦੌਰਾਨ ਰੰਗ-ਬਿਰੰਗੀਆਂ ਦਸਤਾਰਾਂ ਅਤੇ ਦੁਪੱਟਿਆਂ ਨਾਲ ਸਜੀਆਂ ਸੰਗਤਾਂ ਨੂੰ ਵੇਖ ਕੇ ਇੰਜ ਪ੍ਰਤੀਤ ਹੋ ਰਿਹਾ ਸੀ ਜਿਵੇਂ ਸਮੁੱਚਾ ਫਰਿਜ਼ਨੋ ਸ਼ਹਿਰ ਹੀ ਖ਼ਾਲਸਾਈ ਰੰਗ ਵਿੱਚ ਰੰਗਿਆ ਗਿਆ ਹੋਵੇ। ਗੁਰੂ ਘਰ ਅੰਦਰ ਗੁਰਬਾਣੀ ਦੇ ਇਲਾਹੀ ਪ੍ਰਵਾਹ ਚੱਲ ਰਹੇ ਸਨ, ਜਦਕਿ ਵੱਖ-ਵੱਖ ਤਰ੍ਹਾਂ ਦੇ ਗੁਰੂ ਕੇ ਲੰਗਰਾਂ ਅਤੇ ਸਟਾਲਾਂ ਨੇ ਪੰਜਾਬ ਦੇ ਕਿਸੇ ਇਤਿਹਾਸਕ ਧਾਰਮਿਕ ਅਸਥਾਨ ਵਰਗਾ ਮਾਹੌਲ ਸਿਰਜਿਆ ਹੋਇਆ ਸੀ।

ਸਿੱਖ ਇਤਿਹਾਸ ਦੀਆਂ ਗੌਰਵਮਈ ਘਟਨਾਵਾਂ ਨੂੰ ਦਰਸਾਉਂਦੀਆਂ ਸੁੰਦਰ ਝਾਕੀਆਂ ਨਾਲ ਸਜਾਏ ਗਏ ਫਲੋਟ ਨਗਰ ਕੀਰਤਨ ਦੀ ਸ਼ੋਭਾ ਨੂੰ ਚਾਰ ਚੰਨ ਲਗਾ ਰਹੇ ਸਨ। ਵੱਖ-ਵੱਖ ਢਾਡੀ ਜਥਿਆਂ, ਕੀਰਤਨੀ ਜਥਿਆਂ, ਕਥਾਵਾਚਕਾਂ ਅਤੇ ਧਾਰਮਿਕ ਬੁਲਾਰਿਆਂ ਨੇ ਫਲੋਟਾਂ ਤੋਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਅਤੇ ਸਿੱਖ ਇਤਿਹਾਸ ਦੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਇਆ।

ਨਗਰ ਕੀਰਤਨ ਆਪਣਾ ਪੈਂਡਾ ਤੈਅ ਕਰਦਾ ਹੋਇਆ ਫਾਊਲਰ ਸ਼ਹਿਰ ਦੇ ਪਾਰਕ ਵਿੱਚ ਪਹੁੰਚਿਆ, ਜਿੱਥੇ ਗੁਰੂ ਘਰ ਦੇ ਸੇਵਾਦਾਰ ਭਾਈ ਜਗਰੂਪ ਸਿੰਘ ਨੇ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਉਨ੍ਹਾਂ ਨੇ ਟਰੱਕਿੰਗ ਕਿੱਤੇ ਨਾਲ ਜੁੜੀਆਂ ਗੰਭੀਰ ਸਮੱਸਿਆਵਾਂ ਦਾ ਜ਼ਿਕਰ ਕਰਦਿਆਂ ਟਰੱਕ ਹਾਦਸਿਆਂ ਅਤੇ ਲੋਡ ਚੋਰੀ ਵਰਗੇ ਮਾਮਲਿਆਂ ਵਿੱਚ ਪੰਜਾਬੀ ਨਾਵਾਂ ਦੇ ਸਾਹਮਣੇ ਆਉਣ ’ਤੇ ਡੂੰਘੀ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਅਜਿਹੇ ਮਸਲੇ ਸਮੁੱਚੇ ਪੰਜਾਬੀ ਭਾਈਚਾਰੇ ਲਈ ਚਿੰਤਾ ਦਾ ਵਿਸ਼ਾ ਹਨ ਅਤੇ ਇਨ੍ਹਾਂ ਦੇ ਹੱਲ ਲਈ ਗੁਰੂ ਘਰਾਂ ਵਿੱਚ ਸਾਂਝੀਆਂ ਮੀਟਿੰਗਾਂ ਕਰਕੇ ਗੰਭੀਰ ਵਿਚਾਰ-ਵਟਾਂਦਰਾ ਕਰਨ ਦੀ ਲੋੜ ਹੈ।

ਭਾਈ ਜਗਰੂਪ ਸਿੰਘ ਨੇ ‘ਆਖ਼ਿਰ ਕਦੋਂ ਤੱਕ’ ਦੇ ਬੈਨਰ ਹੇਠ ਟਰੱਕਿੰਗ ਖੇਤਰ ਦੀਆਂ ਸਮੱਸਿਆਵਾਂ ਸਬੰਧੀ ਚੱਲ ਰਹੇ ਪ੍ਰੋਗਰਾਮਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਸੇ ਸਬੰਧ ਵਿੱਚ 12 ਦਸੰਬਰ ਨੂੰ ਗੁਰਦੁਆਰਾ ਸਿੰਘ ਸਭਾ ਫਰਿਜ਼ਨੋ ਵਿਖੇ ਵਿਸ਼ੇਸ਼ ਇਕੱਤਰਤਾ ਕੀਤੀ ਜਾਵੇਗੀ, ਜਿਸ ਵਿੱਚ ਭਾਈਚਾਰੇ ਨੂੰ ਵੱਧ-ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।

ਇਸ ਮੌਕੇ ਪੰਥ ਪ੍ਰਸਿੱਧ ਕਵੀਸ਼ਰ ਮਹਿਲ ਸਿੰਘ ਚੰਡੀਗੜ੍ਹ ਵਾਲਿਆਂ ਦੇ ਜਥੇ ਨੇ ਸਿੱਖ ਇਤਿਹਾਸ ਦੀਆਂ ਜੋਸ਼ੀਲੀਆਂ ਵਾਰਾਂ ਸੁਣਾ ਕੇ ਸੰਗਤਾਂ ਵਿੱਚ ਨਵਾਂ ਜੋਸ਼ ਭਰ ਦਿੱਤਾ। ਇਸੇ ਤਰ੍ਹਾਂ ਕੈਲੀਫੋਰਨੀਆ ਗੱਤਕਾ ਦਲ ਦੇ ਸਿੰਘਾਂ ਨੇ ਗੱਤਕੇ ਦੇ ਸ਼ਾਨਦਾਰ ਜੌਹਰ ਵਿਖਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸਿੱਖ ਮਾਰਸ਼ਲ ਆਰਟ ਦੀ ਅਮੀਰ ਵਿਰਾਸਤ ਦੀ ਝਲਕ ਪੇਸ਼ ਕੀਤੀ।

ਸਮਾਗਮ ਦੌਰਾਨ ਭਾਈਚਾਰੇ ਨੂੰ ਵਕਾਲਤ ਦੇ ਖੇਤਰ ਵਿੱਚ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਦਲੇ ਉੱਘੇ ਵਕੀਲ ਜਸਪ੍ਰੀਤ ਸਿੰਘ ਦਾ ਸਟੇਜ ਤੋਂ ਸਿਰੋਪਾਓ ਦੇ ਕੇ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਅਖ਼ੀਰ ਵਿੱਚ ਗੁਰਬਾਣੀ ਦੇ ਰਸਭਿੰਨੇ ਕੀਰਤਨ, ਖ਼ਾਲਸਾਈ ਜਾਹੋ-ਜਲਾਲ, ਸੰਗਤਾਂ ਦੇ ਉਤਸ਼ਾਹ ਅਤੇ ਗੁਰੂ ਕੇ ਅਤੁੱਟ ਲੰਗਰਾਂ ਦੀਆਂ ਅਮਿੱਟ ਯਾਦਾਂ ਛੱਡਦਾ ਇਹ ਵਿਸ਼ਾਲ ਨਗਰ ਕੀਰਤਨ ਯਾਦਗਾਰੀ ਹੋ ਨਿੱਬੜਿਆ।

# ਚੰਡੀਗੜ੍ਹ ਵਿੱਚ ਅਟਲ ਪੈਨਸ਼ਨ ਯੋਜਨਾ ਸਬੰਧੀ ਆਊਟਰੀਚ ਪ੍ਰੋਗਰਾਮ ਕਰਵਾਇਆ

**ਯੋਗ ਨਾਗਰਿਕਾਂ ਨੂੰ ਸਮਾਜਿਕ ਸੁਰੱਖਿਆ ਯੋਜਨਾ ਨਾਲ ਜੋੜਨ ’ਤੇ ਜ਼ੋਰ; ਸ਼ਾਨਦਾਰ ਕਾਰਗੁਜ਼ਾਰੀ ਵਾਲੇ ਬੈਂਕਾਂ ਦਾ ਸਨਮਾਨ**

**ਚੰਡੀਗੜ੍ਹ, 28 ਅਕਤੂਬਰ**
**-ਸੰਜੀਵ ਸ਼ਰਮਾ-**



ਅਟਲ ਪੈਨਸ਼ਨ ਯੋਜਨਾ (APY) ਦੇ ਪ੍ਰਚਾਰ-ਪ੍ਰਸਾਰ, ਯੋਗ ਨਾਗਰਿਕਾਂ ਨੂੰ ਇਸ ਯੋਜਨਾ ਨਾਲ ਜੋੜਨ ਅਤੇ ਪੈਨਸ਼ਨ ਸਬੰਧੀ ਸਮਾਜਿਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਮੰਗਲਵਾਰ ਨੂੰ ਚੰਡੀਗੜ੍ਹ ਵਿੱਚ ਆਊਟਰੀਚ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਪੈਨਸ਼ਨ ਫੰਡ ਰੈਗੂਲੇਟਰੀ ਐਂਡ ਡਿਵੈਲਪਮੈਂਟ ਅਥਾਰਟੀ (PFRDA), ਪੰਜਾਬ ਨੈਸ਼ਨਲ ਬੈਂਕ (PNB), ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੀਆਂ ਰਾਜ ਪੱਧਰੀ ਬੈਂਕਰਜ਼ ਕਮੇਟੀਆਂ (SLBCs), ਵੱਖ-ਵੱਖ ਬੈਂਕਾਂ ਦੇ ਰਾਜ ਮੁਖੀਆਂ, ਸ਼ਾਖਾ ਮੁਖੀਆਂ ਅਤੇ ਬੈਂਕਿੰਗ ਕਰੈਸਪੌਂਡੈਂਟ (23) ਏਜੰਟਾਂ ਨੇ ਸ਼ਮੂਲੀਅਤ ਕੀਤੀ।

ਰਾਜ ਪੱਧਰੀ ਬੈਂਕਰਜ਼ ਕਮੇਟੀ, ਪੰਜਾਬ ਦੇ ਉਪ ਮਹਾਪ੍ਰਬੰਧਕ ਸ੍ਰੀ ਰਾਮਕਿਸ਼ੋਰ ਮੀਨਾ ਨੇ ਦੱਸਿਆ ਕਿ ਪ੍ਰੋਗਰਾਮ ਵਿੱਚ PFRDA ਦੇ ਮੁੱਖ ਮਹਾਪ੍ਰਬੰਧਕ ਸ੍ਰੀ ਪ੍ਰਵੇਸ਼ ਕੁਮਾਰ, ਪੰਜਾਬ ਨੈਸ਼ਨਲ ਬੈਂਕ ਦੇ ਮੁੱਖ ਮਹਾਪ੍ਰਬੰਧਕ ਸ੍ਰੀ ਆਸ਼ੀਸ਼ ਚਤੁਰਵੇਦੀ, PNB ਚੰਡੀਗੜ੍ਹ ਦੇ ਮੰਡਲ ਮੁਖੀ ਸ੍ਰੀ ਸੰਜੀਵ ਕੁਮਾਰ ਝਾਅ, PNB ਮੋਹਾਲੀ ਦੇ ਮੰਡਲ ਮੁਖੀ ਸ੍ਰੀ ਬਿਸ਼ਵਜੀਤ ਬਿਸਵਾਲ ਅਤੇ ਰਾਜ ਪੱਧਰੀ ਬੈਂਕਰਜ਼ ਕਮੇਟੀ, ਹਰਿਆਣਾ ਦੇ ਉਪ ਮਹਾਪ੍ਰਬੰਧਕ ਸ੍ਰੀ ਓਮਕਾਰਨਾਥ ਝਾਅ ਸਮੇਤ ਵੱਖ-ਵੱਖ ਰਾਜ ਸਰਕਾਰਾਂ ਅਤੇ ਨਾਬਾਰਡ ਦੇ ਸੀਨੀਅਰ ਅਧਿਕਾਰੀਆਂ ਨੇ ਵੀ ਸ਼ਿਰਕਤ ਕੀਤੀ।

ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ PFRDA ਦੇ ਮੁੱਖ ਮਹਾਪ੍ਰਬੰਧਕ ਸ੍ਰੀ ਪ੍ਰਵੇਸ਼ ਕੁਮਾਰ ਨੇ ਅਟਲ ਪੈਨਸ਼ਨ ਯੋਜਨਾ ਤਹਿਤ ਵੱਧ ਤੋਂ ਵੱਧ ਯੋਗ ਨਾਗਰਿਕਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ, ਯੋਜਨਾ ਦੇ ਲਾਭਾਂ ਬਾਰੇ ਜਾਗਰੂਕਤਾ ਵਧਾਉਣ ਅਤੇ ਬੈਂਕਿੰਗ ਨੈੱਟਵਰਕ ਰਾਹੀਂ ਪੈਨਸ਼ਨ ਸੁਰੱਖਿਆ ਦਾ ਘੇਰਾ ਵਧਾਉਣ ’ਤੇ ਜ਼ੋਰ ਦਿੱਤਾ।

PNB ਦੇ ਮੁੱਖ ਮਹਾਪ੍ਰਬੰਧਕ ਸ੍ਰੀ ਆਸ਼ੀਸ਼ ਚਤੁਰਵੇਦੀ ਨੇ ਕਿਹਾ ਕਿ ਯੋਜਨਾ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਬੈਂਕ ਅਧਿਕਾਰੀਆਂ, ਸ਼ਾਖਾ ਮੁਖੀਆਂ ਅਤੇ 23 ਏਜੰਟਾਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਇਨ੍ਹਾਂ ਰਾਹੀਂ ਆਮ ਨਾਗਰਿਕਾਂ ਨੂੰ ਸਮਾਜਿਕ ਸੁਰੱਖਿਆ ਯੋਜਨਾਵਾਂ ਬਾਰੇ ਜਾਣਕਾਰੀ ਦੇ ਕੇ ਉਨ੍ਹਾਂ ਨੂੰ ਇਨ੍ਹਾਂ ਨਾਲ ਜੋੜਿਆ ਜਾ ਸਕਦਾ ਹੈ।

ਅਟਲ ਪੈਨਸ਼ਨ ਯੋਜਨਾ ਤਹਿਤ 18 ਤੋਂ 40 ਸਾਲ ਦੀ ਉਮਰ ਦੇ ਯੋਗ ਨਾਗਰਿਕ ਨਿਰਧਾਰਤ ਯੋਗਦਾਨ ਦੇ ਆਧਾਰ ’ਤੇ 60 ਸਾਲ ਦੀ ਉਮਰ ਤੋਂ ਬਾਅਦ 1,000 ਰੁਪਏ ਤੋਂ 5,000 ਰੁਪਏ ਤੱਕ ਦੀ ਮਹੀਨਾਵਾਰ ਪੈਨਸ਼ਨ ਪ੍ਰਾਪਤ ਕਰਨ ਲਈ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ, ਬਸ਼ਰਤੇ ਉਹ ਯੋਜਨਾ ਦੀਆਂ ਨਿਰਧਾਰਤ ਯੋਗਤਾ ਸ਼ਰਤਾਂ ਪੂਰੀਆਂ ਕਰਦੇ ਹੋਣ। ਪ੍ਰੋਗਰਾਮ ਦੌਰਾਨ ਪਿਛਲੇ ਸਾਲ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਣ ਲਈ ਰਾਜ ਪੱਧਰੀ ਬੈਂਕਰਜ਼ ਕਮੇਟੀ, ਪੰਜਾਬ ਅਤੇ ਹਰਿਆਣਾ ਸਮੇਤ ਵੱਖ-ਵੱਖ ਬੈਂਕਾਂ ਨੂੰ PFRDA ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਬੈਂਕਿੰਗ ਨੈੱਟਵਰਕ ਰਾਹੀਂ ਵੱਧ ਤੋਂ ਵੱਧ ਯੋਗ ਨਾਗਰਿਕਾਂ ਨੂੰ ਪੈਨਸ਼ਨ ਸੁਰੱਖਿਆ ਦੇ ਘੇਰੇ ਵਿੱਚ ਲਿਆਉਣਾ ਅਤੇ ਸਮਾਜਿਕ ਸੁਰੱਖਿਆ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ।

# ਲੋਕ ਭਲਾਈ ਸਕੀਮਾਂ ਨੂੰ ‘ਫ੍ਰੀਬੀਜ਼’ ਕਹਿਣਾ ਆਮ ਲੋਕਾਂ ਦੀਆਂ ਆਸਾਂ-ਉਮੀਦਾਂ ਦਾ ਅਪਮਾਨ: ਡਾ. ਬਲਜੀਤ ਕੌਰ

**➢ ਪੰਜਾਬ ਵਿਧਾਨ ਸਭਾ ਵਿੱਚ ਮੰਤਰੀ ਨੇ ਕਿਹਾ, ਲੋਕ-ਕੇਂਦਰਿਤ ਸਕੀਮਾਂ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਦਾ ਸਾਧਨ, ਵੋਟ ਬੈਂਕ ਦੀ ਰਾਜਨੀਤੀ ਨਹੀਂ ➢ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਵਰਗ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ**

**ਚੰਡੀਗੜ੍ਹ, 28 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਵਿਧਾਨ ਸਭਾ ਵਿੱਚ ਲਿਆਂਦੇ ਗਏ ਮਹੱਤਵਪੂਰਨ ਮਤਿਆਂ ਦੇ ਹੱਕ ਵਿੱਚ ਬੋਲਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਲੋਕ ਭਲਾਈ ਸਕੀਮਾਂ ਨੂੰ ‘ਫ੍ਰੀਬੀਜ਼’ ਕਹਿ ਕੇ ਨਕਾਰਨਾ ਉਨ੍ਹਾਂ ਆਮ ਲੋਕਾਂ ਦੀਆਂ ਆਸਾਂ ਅਤੇ ਅਧਿਕਾਰਾਂ ਦਾ ਅਪਮਾਨ ਹੈ, ਜਿਨ੍ਹਾਂ ਦੀ ਜ਼ਿੰਦਗੀ ਵਿੱਚ ਇਨ੍ਹਾਂ ਯੋਜਨਾਵਾਂ ਨੇ ਸਕਾਰਾਤਮਕ ਬਦਲਾਅ ਲਿਆਂਦਾ ਹੈ। ਉਨ੍ਹਾਂ ਕਿਹਾ ਕਿ ਲੋਕ-ਕੇਂਦਰਿਤ ਭਲਾਈ ਯੋਜਨਾਵਾਂ ਵੋਟਾਂ ਦੀ ਰਾਜਨੀਤੀ ਨਹੀਂ, ਸਗੋਂ ਸਮਾਜਿਕ ਨਿਆਂ, ਬਰਾਬਰੀ ਅਤੇ ਸਮਾਵੇਸ਼ੀ ਵਿਕਾਸ ਦਾ ਅਹਿਮ ਸਾਧਨ ਹਨ।

ਸਦਨ ਵਿੱਚ ਬੋਲਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਕਿਸੇ ਵੀ ਸਰਕਾਰ ਦੀ ਸਫਲਤਾ ਦਾ ਅਸਲ ਮਾਪਦੰਡ ਇਹ ਹੈ ਕਿ ਉਸ ਦੀਆਂ ਨੀਤੀਆਂ ਦਾ ਲਾਭ ਆਮ ਨਾਗਰਿਕਾਂ ਤੱਕ ਕਿੰਨਾ ਪਹੁੰਚਦਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਦਾ ਅਰਥ ਸਿਰਫ਼ ਸੜਕਾਂ, ਇਮਾਰਤਾਂ ਅਤੇ ਬੁਨਿਆਦੀ ਢਾਂਚੇ ਦਾ ਨਿਰਮਾਣ ਨਹੀਂ, ਸਗੋਂ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ, ਸਮਾਜਿਕ ਸੁਰੱਖਿਆ ਅਤੇ ਉਨ੍ਹਾਂ ਦੇ ਘਰਾਂ ਵਿੱਚ ਖੁਸ਼ਹਾਲੀ ਲਿਆਉਣਾ ਵੀ ਹੈ।

ਵਿੱਤ ਮੰਤਰੀ ਵੱਲੋਂ ਪੇਸ਼ ਕੀਤੇ ਮਤੇ ਦਾ ਸਮਰਥਨ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਜਦੋਂ ਸਰਕਾਰੀ ਯੋਜਨਾਵਾਂ ਲੋਕਾਂ ਨੂੰ ਸਨਮਾਨ, ਸੁਰੱਖਿਆ ਅਤੇ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਦੀਆਂ ਹਨ ਤਾਂ ਉਨ੍ਹਾਂ ਨੂੰ ‘ਫ੍ਰੀਬੀਜ਼’ ਕਹਿਣਾ ਉਚਿਤ ਨਹੀਂ ਹੈ।



ਆਪਣੇ ਸੰਬੋਧਨ ਦੌਰਾਨ ਇੱਕ ਉਦਾਹਰਨ ਦਿੰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਇੱਕ ਬਾਗ਼ ਦੀ ਅਸਲ ਖ਼ੂਬਸੂਰਤੀ ਉਸ ਵੇਲੇ ਬਣੀ ਰਹਿੰਦੀ ਹੈ ਜਦੋਂ ਉਸ ਵਿੱਚ ਦਰੱਖਤ, ਫੁੱਲ, ਪੰਛੀ ਅਤੇ ਲੋਕ ਮਿਲ ਕੇ ਕੁਦਰਤੀ ਸੰਤੁਲਨ ਬਣਾਉਂਦੇ ਹਨ।

ਇਸੇ ਤਰ੍ਹਾਂ ਸਮਾਜ ਵੀ ਉਦੋਂ ਹੀ ਤਰੱਕੀ ਕਰਦਾ ਹੈ ਜਦੋਂ ਹਰ ਵਰਗ ਨੂੰ ਅੱਗੇ ਵਧਣ ਦੇ ਮੌਕੇ ਮਿਲਣ ਅਤੇ ਵਿਕਾਸ ਦਾ ਲਾਭ ਹਰ ਵਿਅਕਤੀ ਤੱਕ ਪਹੁੰਚੇ। ਉਨ੍ਹਾਂ ਕਿਹਾ ਕਿ ਲੋਕਾਂ ਲਈ ਮੌਕਿਆਂ ਅਤੇ ਸਹੂਲਤਾਂ ਨੂੰ ਸੀਮਤ ਕਰਨਾ ਸਮਾਵੇਸ਼ੀ ਵਿਕਾਸ ਦੇ ਉਦੇਸ਼ ਨੂੰ ਕਮਜ਼ੋਰ ਕਰਦਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਮਾਜਿਕ ਨਿਆਂ ਨੂੰ ਮਜ਼ਬੂਤ ਕਰਨ ਅਤੇ ਹਰ ਵਰਗ ਨੂੰ ਸਸ਼ਕਤ ਬਣਾਉਣ ਲਈ ਕਈ ਲੋਕ-ਹਿਤੈਸ਼ੀ ਪਹਿਲਕਦਮੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਪੰਜ ਸਾਲਾਂ ਦੌਰਾਨ 10 ਲੱਖ ਤੋਂ ਵੱਧ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਾ ਲਾਭ ਮਿਲਿਆ ਹੈ, ਜਦਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸਮੇਤ ਹੋਰ ਭਲਾਈ ਸਕੀਮਾਂ ਨੇ ਲੱਖਾਂ ਪਰਿਵਾਰਾਂ ਨੂੰ ਆਰਥਿਕ ਸਹਾਇਤਾ ਅਤੇ ਸਮਾਜਿਕ ਸਨਮਾਨ ਪ੍ਰਦਾਨ ਕੀਤਾ ਹੈ।

ਵਿਰੋਧੀ ਧਿਰ ਦੀ ਆਲੋਚਨਾ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਆਮ ਲੋਕਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਨੂੰ ‘ਫ੍ਰੀਬੀਜ਼’ ਕਹਿਣ ਵਾਲੇ ਉਨ੍ਹਾਂ ਪਰਿਵਾਰਾਂ ਦੀਆਂ ਅਸਲ ਸਮੱਸਿਆਵਾਂ ਨੂੰ ਨਹੀਂ ਸਮਝਦੇ, ਜਿਨ੍ਹਾਂ ਲਈ ਇਹ ਯੋਜਨਾਵਾਂ ਜੀਵਨ ਵਿੱਚ ਵੱਡਾ ਸਹਾਰਾ ਬਣਦੀਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀ ਭਲਾਈ ਕਰਨਾ ਕਿਸੇ ਵੀ ਲੋਕ-ਭਲਾਈ ਰਾਜ ਦੀ ਜ਼ਿੰਮੇਵਾਰੀ ਹੈ ਅਤੇ ਇਹੀ ਅਸਲ ਵਿਕਾਸ ਦਾ ਪੈਮਾਨਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਆਮ ਲੋਕ ਹਨ ਅਤੇ ਲੋਕਾਂ ਦੀਆਂ ਉਮੀਦਾਂ ਤੇ ਭਾਗੀਦਾਰੀ ਹੀ ਸਰਕਾਰ ਦੀ ਦਿਸ਼ਾ ਤੈਅ ਕਰਦੀ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਸਰਕਾਰਾਂ ਲੋਕ ਭਲਾਈ, ਸਮਾਜਿਕ ਨਿਆਂ ਅਤੇ ਸਰਬਪੱਖੀ ਵਿਕਾਸ ਲਈ ਇਮਾਨਦਾਰੀ ਨਾਲ ਕੰਮ ਕਰਦੀਆਂ ਹਨ, ਉਨ੍ਹਾਂ ਨੂੰ ਲੋਕਾਂ ਦਾ ਵਿਸ਼ਵਾਸ ਅਤੇ ਸਮਰਥਨ ਮਿਲਦਾ ਹੈ।

ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਦਾ ਉਦੇਸ਼ ਵਿਕਾਸ ਦੇ ਲਾਭ ਹਰ ਘਰ ਤੱਕ ਪਹੁੰਚਾਉਣਾ ਅਤੇ ਹਰ ਨਾਗਰਿਕ ਨੂੰ ਸਨਮਾਨ, ਸੁਰੱਖਿਆ ਅਤੇ ਬਿਹਤਰ ਜੀਵਨ ਦੇ ਮੌਕੇ ਪ੍ਰਦਾਨ ਕਰਨਾ ਹੈ।

# ਤੀਹ ਤੋਂ ਵੱਧ ਮੰਡੀਆਂ ’ਚ ਝੋਨੇ ਦੀ ਖ਼ਰੀਦ ਬੰਦ ਕਰਨ ਦਾ ਹੁਕਮ



**ਮੁਹਾਲੀ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਮੰਡੀ ਬੋਰਡ ਵੱਲੋਂ ਝੋਨੇ ਦੀ ਖ਼ਰੀਦ ਦੇ ਚੱਲ ਰਹੇ ਸੀਜ਼ਨ ਦੌਰਾਨ ਹੀ ਚਾਰ ਜ਼ਿਲ੍ਹਿਆਂ ਦੀਆਂ 35 ਮੰਡੀਆਂ ਵਿਚ ਖ਼ਰੀਦ ਬੰਦ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਪੰਜਾਬ ਮੰਡੀ ਬੋਰਡ ਦੇ ਸਕੱਤਰ ਕੁਮਾਰ ਅਮਿਤ ਵੱਲੋਂ ਜਾਰੀ ਪੱਤਰ ਤਹਿਤ ਸਾਰੇ ਜ਼ਿਲ੍ਹਿਆਂ ਦੇ ਅਧਿਕਾਰੀਆਂ ਨੂੰ ਇਹ ਹੁਕਮ ਮੰਗਲਵਾਰ ਸ਼ਾਮ ਪੰਜ ਵਜੇ ਤੋਂ ਲਾਗੂ ਕਰਨ ਲਈ ਕਿਹਾ ਗਿਆ ਹੈ। ਪੱਤਰ ਵਿਚ ਕਿਹਾ ਗਿਆ ਹੈ ਕਿ ਇਨ੍ਹਾਂ ਮੰਡੀਆਂ ਨੂੰ ਪ੍ਰਬੰਧਕੀ ਹਿੱਤਾਂ ਨੂੰ ਮੁੱਖ ਰੱਖਦਿਆਂ ਖ਼ੁਰਾਕ ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਸਿਫ਼ਾਰਸ਼ ਅਨੁਸਾਰ ਬੰਦ ਕਰਨ ਦਾ ਫ਼ੈਸਲਾ ਲਿਆ ਗਿਆ ਹੈ। ਪੱਤਰ ਅਨੁਸਾਰ ਪੰਜਾਬ ਦੇ ਬਾਕੀ ਸਾਰੇ ਮੁੱਖ ਯਾਰਡ, ਸਬ ਯਾਰਡ ਅਤੇ ਖ਼ਰੀਦ ਕੇਂਦਰ ਚਾਲੂ ਰਹਿਣਗੇ। ਰਾਜ ਦੀਆਂ ਜਿਨ੍ਹਾਂ ਮੰਡੀਆਂ ਨੂੰ ਬੰਦ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ, ਉਨ੍ਹਾਂ ਵਿਚ ਬਹੁਤੀਆਂ ਮੰਡੀਆਂ ਵਿਚ ਹਾਲੇ ਝੋਨੇ ਦੀ ਆਮਦ ਜਾਰੀ ਹੈ, ਜਿਸ ਕਾਰਨ ਕਿਸਾਨ ਪ੍ਰੇਸ਼ਾਨ ਹਨ।

ਜਿਨ੍ਹਾਂ ਮੰਡੀਆਂ ਅਤੇ ਖ਼ਰੀਦ ਕੇਂਦਰਾਂ ਵਿਚ ਝੋਨੇ ਦੀ ਖ਼ਰੀਦ ਅੱਜ ਤੋਂ ਬੰਦ ਕਰਨ ਲਈ ਕਿਹਾ ਗਿਆ ਹੈ, ਉਨ੍ਹਾਂ ਵਿਚ ਅੰਮ੍ਰਿਤਸਰ ਜ਼ਿਲ੍ਹੇ ਦੀਆਂ ਟਾਹਲੀ ਸਾਹਿਬ, ਭੋਏਵਾਲ, ਜਲਾਲ ਉਸਮਾ, ਜਸਰੌਰ, ਰਾਜਾਤਾਲ, ਬਚੀਵਿੰਡ, ਖਲਚੀਆਂ, ਕਾਲੇਕੇ, ਤਰਸਿੱਕਾ, ਗਿੱਲ, ਖਤਰਾਏ ਕਲਾਂ, ਚੱਕ ਸਿਕੰਦਰ, ਚਮਿਆਰੀ, ਸਾਹਬਾਜ਼ਪੁਰ ਛੀਨਾ, ਟਾਂਗਰਾ, ਢੱਡੇ, ਸਠਿਆਲਾ ਸ਼ਾਮਲ ਹਨ। ਕਪੂਰਥਲਾ ਜ਼ਿਲ੍ਹੇ ਦੀਆਂ ਜਿਨ੍ਹਾਂ ਮੰਡੀਆਂ ਨੂੰ ਬੰਦ ਕੀਤਾ ਗਿਆ ਹੈ, ਉਨ੍ਹਾਂ ਵਿਚ ਲੱਖਣਕੇ ਪੱਡੇ, ਪਰਮਜਿੱਤਪੁਰ, ਭਰੋਆਨਾ ਸ਼ਾਮਲ ਹਨ। ਤਰਨ ਤਾਰਨ ਸਾਹਿਬ ਜ਼ਿਲ੍ਹੇ ਦੀਆਂ ਬੰਦ ਕੀਤੀਆਂ ਮੰਡੀਆਂ ਤੇ ਖ਼ਰੀਦ ਕੇਂਦਰਾਂ ਵਿਚ ਸ਼ੇਰੋਂ, ਚੱਕ ਕਰੇ ਖਾਂ, ਮੀਆਂਵਿੰਡ, ਖਡੂਰ ਸਾਹਿਬ, ਵਾ ਤਾਰਾ ਸਿੰਘ, ਕਸੇਲ, ਢੋਟੀਆਂ, ਠੱਠੀਆਂ ਮਹੰਨਤਾ, ਰੱਤੋਕੇ ਅਤੇ ਰਾਜੋਕੇ ਸ਼ਾਮਲ ਹਨ।

ਇਸੇ ਤਰ੍ਹਾਂ ਮੁਹਾਲੀ ਜ਼ਿਲ੍ਹੇ ਦੀਆਂ ਜਿਹੜੀਆਂ ਮੰਡੀਆਂ ਅਤੇ ਖ਼ਰੀਦ ਕੇਂਦਰ ਬੰਦ ਕੀਤੇ ਗਏ ਹਨ, ਉਨ੍ਹਾਂ ਵਿਚ ਨਗਲਾ ਰੋਡ (ਜ਼ੀਰਕਪੁਰ), ਧਨੋਨੀ, ਟਿਵਾਣਾ, ਸਨੇਟਾ ਅਤੇ ਅਮਲਾਲਾ ਸ਼ਾਮਲ ਹਨ।

# ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਰਾਜਪਾਲ ਨੂੰ ਆਰ.ਟੀ.ਆਈ. ਐਂਡ ਗੁੱਡ ਗਵਰਨੈਂਸ ਪੁਸਤਕ ਭੇਂਟ

**ਚੰਡੀਗੜ੍ਹ, 28 ਅਕਤੂਬਰ**
**-ਸੰਜੀਵ ਸ਼ਰਮਾ-**



ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਪ੍ਰਕਾਸ਼ਿਤ ਅਤੇ ਰਾਜ ਸੂਚਨਾ ਕਮਿਸ਼ਨਰ, ਪੰਜਾਬ ਹਰਪ੍ਰੀਤ ਸੰਧੂ ਵੱਲੋਂ ਲਿਖੀ ਗਈ ਪੁਸਤਕ ਆਰ.ਟੀ.ਆਈ. ਐਂਡ ਗੁੱਡ ਗਵਰਨੈਂਸ ਅੱਜ ਲੋਕ ਭਵਨ, ਚੰਡੀਗੜ੍ਹ ਵਿਖੇ ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਭੇਂਟ ਕੀਤੀ ਗਈ।

ਇਹ ਪੁਸਤਕ ਪੰਜਾਬ ਦੇ ਮੁੱਖ ਸੂਚਨਾ ਕਮਿਸ਼ਨਰ ਇੰਦਰਪਾਲ ਸਿੰਘ ਧੰਨਾ ਵੱਲੋਂ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਅਤੇ ਗੁੱਡ ਗਵਰਨੈਂਸ ਦੇ ਵਧੀਕ ਮੁੱਖ ਸਕੱਤਰ ਡੀ. ਕੇ. ਤਿਵਾੜੀ, ਆਈ.ਏ.ਐਸ. ਦੀ ਮੌਜੂਦਗੀ ਵਿੱਚ ਭੇਂਟ ਕੀਤੀ ਗਈ। ਸੂਚਨਾ ਦਾ ਅਧਿਕਾਰ ਐਕਟ, 2005 ਦੇ ਲਾਗੂ ਹੋਣ ਦੇ 21 ਸਾਲ ਪੂਰੇ ਹੋਣ ਨੂੰ ਸਮਰਪਿਤ ਇਹ ਪੁਸਤਕ ਪਾਰਦਰਸ਼ਤਾ, ਜਵਾਬਦੇਹੀ, ਨਾਗਰਿਕ ਸਸ਼ਕਤੀਕਰਨ ਅਤੇ ਸੁਚੱਜੇ ਸ਼ਾਸਨ ਦੀ ਮਹੱਤਤਾ ’ਤੇ ਝਾਤ ਪਾਉਂਦੀ ਹੈ। ਇਸ ਪੁਸਤਕ ਵਿੱਚ ਪੁਲਿਸ ਅਤੇ ਲੋਕ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਕਰਨ ਅਤੇ ਨਾਗਰਿਕਾਂ ਦੀ ਜਾਗਰੂਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਵਿੱਚ ਆਰ.ਟੀ.ਆਈ. ਢਾਂਚੇ ਦੀ ਬਦਲਦੀ ਭੂਮਿਕਾ ਨੂੰ ਦਰਸਾਇਆ ਗਿਆ ਹੈ।

ਰਾਜਪਾਲ ਪੰਜਾਬ ਨੂੰ ਪੁਸਤਕ ਭੇਂਟ ਕਰਨਾ ਸੂਚਨਾ ਦੇ ਅਧਿਕਾਰ ਐਕਟ ਦੇ ਸਿਧਾਂਤਾਂ ਨੂੰ ਅੱਗੇ ਵਧਾਉਣ ਅਤੇ ਪਾਰਦਰਸ਼ੀ, ਜਵਾਬਦੇਹ ਅਤੇ ਸੁਚੱਜੇ ਸ਼ਾਸਨ ਵਿੱਚ ਇਸਦੇ ਯੋਗਦਾਨ ਨੂੰ ਹੋਰ ਮਜ਼ਬੂਤ ਕਰਨ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਆਰ.ਟੀ.ਆਈ. ਐਂਡ ਗੁੱਡ ਗਵਰਨੈਂਸ ਪੁਸਤਕ ਦੀ ਸ਼ਲਾਘਾ ਕੀਤੀ ਅਤੇ ਆਰ.ਟੀ.ਆਈ. ਐਕਟ, 2005 ਦੇ ਪ੍ਰਭਾਵਸ਼ਾਲੀ ਅਮਲ ਰਾਹੀਂ ਸੁਚੱਜੇ ਸ਼ਾਸਨ ਅਤੇ ਸੂਚਨਾ ਦੇ ਅਧਿਕਾਰ ਢਾਂਚੇ ਦੇ ਕੰਮਕਾਜ ਨੂੰ ਮਜ਼ਬੂਤ ਕਰਨ ਵੱਲ ਪੰਜਾਬ ਸੂਚਨਾ ਕਮਿਸ਼ਨ ਦੇ ਇਸ ਸਕਾਰਾਤਮਕ ਉਪਰਾਲੇ ਦੀ ਸ਼ਲਾਘਾ ਕੀਤੀ।

ਇਸ ਪੁਸਤਕ ਵਿੱਚ ਭਾਰਤ ਦੇ ਚੀਫ਼ ਜਸਟਿਸ ਸੂਰਿਆ ਕਾਂਤ, ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਅਤੇ ਭਾਰਤ ਦੇ ਮੁੱਖ ਸੂਚਨਾ ਕਮਿਸ਼ਨਰ ਰਾਜ ਕੁਮਾਰ ਗੋਇਲ, ਸਾਬਕਾ ਆਈ.ਏ.ਐਸ. ਦੇ ਪ੍ਰਮੁੱਖ ਸੰਦੇਸ਼ ਸ਼ਾਮਲ ਹਨ। ਉਨ੍ਹਾਂ ਦੇ ਸੰਦੇਸ਼ ਇਸ ਪ੍ਰਕਾਸ਼ਨ ਦੀ ਸੰਵਿਧਾਨਕ ਅਤੇ ਲੋਕਤੰਤਰੀ ਮਹੱਤਤਾ ਨੂੰ ਉਜਾਗਰ ਕਰਦੇ ਹਨ। ਇਸ ਤੋਂ ਇਲਾਵਾ, ਭਾਰਤ ਦੇ ਪਹਿਲੇ ਮੁੱਖ ਸੂਚਨਾ ਕਮਿਸ਼ਨਰ ਵਜਾਹਤ ਹਬੀਬੁੱਲਾ ਅਤੇ ਪੰਜਾਬ ਦੇ ਪਹਿਲੇ ਮੁੱਖ ਸੂਚਨਾ ਕਮਿਸ਼ਨਰ ਰਾਜਨ ਕਸ਼ਯਪ ਨੇ ਵੀ ਇਸ ਪੁਸਤਕ ਦੀ ਸ਼ਲਾਘਾ ਕੀਤੀ ਹੈ।

ਪੰਜਾਬ ਰਾਜ ਸੂਚਨਾ ਕਮਿਸ਼ਨ ਦੀ ਸਰਪ੍ਰਸਤੀ ਹੇਠ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਵੱਲੋਂ ਲਿਖੀ ਇਹ ਪੁਸਤਕ ਜਨਤਕ ਜਾਗਰੂਕਤਾ ਵਧਾਉਣ, ਆਰ.ਟੀ.ਆਈ. ਢਾਂਚੇ ਦੇ ਜ਼ਿੰਮੇਵਾਰਾਨਾ ਅਮਲ ਨੂੰ ਉਤਸ਼ਾਹਿਤ ਕਰਨ ਅਤੇ ਜਨਤਕ ਅਦਾਰਿਆਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਦੇ ਅਮਲ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦੀ ਹੈ। ਇਹ ਸਮਾਗਮ ਪਿਛਲੇ 21 ਸਾਲਾਂ ਦੀਆਂ ਪ੍ਰਾਪਤੀਆਂ ਦੀ ਸਮੀਖਿਆ ਕਰਨ ਦੇ ਨਾਲ-ਨਾਲ ਵਡੇਰੇ ਜਨਤਕ ਹਿੱਤ ਵਿੱਚ ਐਕਟ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਲੋੜ ’ਤੇ ਜ਼ੋਰ ਦੇਣ ਦਾ ਇੱਕ ਵਿਸ਼ੇਸ਼ ਮੌਕਾ ਸੀ।



# ਹਰਿਆਣਾ ਖ਼ਬਰਨਾਮਾ



## ਆਮ ਆਦਮੀ ਪਾਰਟੀ ਦੇ ਵਿਰੋਧ ਪ੍ਰਦਰਸ਼ਨ ਤੋਂ ਬਾਅਦ ਪ੍ਰਸ਼ਾਸਨ ਨੇ ਬੋਟੈਨਿਕਲ ਗਾਰਡਨ ਦੀ ਐਂਟਰੀ ਫੀਸ ਵਾਪਸ ਲਈ; ਚੰਡੀਗੜ੍ਹ ਵਿੱਚ ਭਾਜਪਾ-ਕਾਂਗਰਸ ਦੀ ਮਿਲੀਭੁਗਤ ਦਾ ਦੋਸ਼



**ਚੰਡੀਗੜ੍ਹ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ ਨੇ ਅੱਜ ਦੋਸ਼ ਲਗਾਇਆ ਕਿ ਚੰਡੀਗੜ੍ਹ ਵਿੱਚ ਪਿਛਲੇ ਕਈ ਸਾਲਾਂ ਤੋਂ ਭਾਰਤੀ ਜਨਤਾ ਪਾਰਟੀ (ਭਾਜਪਾ) ਅਤੇ ਕਾਂਗਰਸ ਪਾਰਟੀ ਨੇ ਆਪਸ ਵਿੱਚ ਹੱਥ ਮਿਲਾ ਕੇ ਚੰਡੀਗੜ੍ਹ ਨੂੰ ਆਪਣਾ ਸਿਆਸੀ ਅੱਡਾ ਬਣਾ ਲਿਆ ਹੈ।

ਇਸ ਦੀ ਤਾਜ਼ਾ ਮਿਸਾਲ ਬੋਟੈਨਿਕਲ ਗਾਰਡਨ ਵਿੱਚ ਲੋਕਾਂ ਦੀ ਐਂਟਰੀ 'ਤੇ ਭਾਜਪਾ ਸ਼ਾਸਿਤ ਪ੍ਰਸ਼ਾਸਨ ਵੱਲੋਂ ਲਗਾਈ ਗਈ ਭਾਰੀ ਫੀਸ ਹੈ, ਜਿਸ ਦਾ ਕਾਂਗਰਸ ਪਾਰਟੀ ਨੇ ਸਮਰਥਨ ਕੀਤਾ। ਇਸ ਮੁੱਦੇ 'ਤੇ ਐਮ.ਪੀ. ਸਾਹਿਬ ਵੱਲੋਂ ਕੋਈ ਬਿਆਨ ਨਹੀਂ ਆਇਆ। ਪਾਰਟੀ ਨੇ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਹੈ। ਜਨਵਰੀ 2022 ਵਿੱਚ ਜਦੋਂ ਆਮ ਆਦਮੀ ਪਾਰਟੀ ਦਾ ਮੇਅਰ ਬਣ ਸਕਦਾ ਸੀ, ਉਦੋਂ ਵੀ ਕਾਂਗਰਸ ਨੇ ਅਜਿਹਾ ਹੀ ਕੀਤਾ ਸੀ। ਸਾਲ 2023 ਵਿੱਚ ਕਾਂਗਰਸ ਕੋਲ 6 ਕੌਂਸਲਰ ਸਨ, ਪਰ ਇਸ ਦੇ ਬਾਵਜੂਦ ਉਹ ਸਦਨ ਵਿੱਚੋਂ ਵਾਕਆਊਟ ਕਰ ਗਏ।

ਇਸ ਦੇ ਉਲਟ, ਆਮ ਆਦਮੀ ਪਾਰਟੀ ਲੋਕਾਂ ਦੇ ਹੱਕਾਂ ਲਈ ਸੜਕਾਂ 'ਤੇ ਉਤਰੀ, ਵੱਡਾ ਧਰਨਾ-ਪ੍ਰਦਰਸ਼ਨ ਕੀਤਾ ਅਤੇ ਇਸ ਫ਼ਰਮਾਨ ਨੂੰ ਵਾਪਸ ਲੈਣ ਲਈ ਪ੍ਰਸ਼ਾਸਨ ਨੂੰ ਵੱਡੇ ਜਨ ਅੰਦੋਲਨ ਦੀ ਚੇਤਾਵਨੀ ਦਿੱਤੀ। ਆਮ ਆਦਮੀ ਪਾਰਟੀ ਦੇ ਵਿਰੋਧ ਪ੍ਰਦਰਸ਼ਨ ਤੋਂ ਬਾਅਦ ਭਾਜਪਾ ਸ਼ਾਸਿਤ ਪ੍ਰਸ਼ਾਸਨ ਨੂੰ ਆਪਣਾ ਇਹ ਤੁਗਲਕੀ ਫ਼ਰਮਾਨ ਵਾਪਸ ਲੈਣਾ ਪਿਆ। ਪਾਰਟੀ ਨੇ ਇਸ ਨੂੰ ਆਪਣੇ ਸੰਘਰਸ਼ ਦੀ ਜਿੱਤ ਕਰਾਰ ਦਿੰਦਿਆਂ ਚੰਡੀਗੜ੍ਹ ਦੇ ਲੋਕਾਂ ਨੂੰ ਵਧਾਈ ਦਿੱਤੀ।

ਚੰਡੀਗੜ੍ਹ ਵਿੱਚ ਭਾਜਪਾ ਅਤੇ ਕਾਂਗਰਸ ਨੇ ਆਪਸ ਵਿੱਚ ਹੱਥ ਮਿਲਾ ਕੇ ਸ਼ਹਿਰ ਨੂੰ ਆਪਣਾ ਸਿਆਸੀ ਅੱਡਾ ਬਣਾ ਲਿਆ ਹੈ। ਬੋਟੈਨਿਕਲ ਗਾਰਡਨ ਦੀ ਐਂਟਰੀ ਫੀਸ ਦੇ ਮਾਮਲੇ ਵਿੱਚ ਕਾਂਗਰਸ ਨੇ ਭਾਜਪਾ ਸ਼ਾਸਿਤ ਪ੍ਰਸ਼ਾਸਨ ਦਾ ਸਾਥ ਦਿੱਤਾ। ਜਨਵਰੀ 2022 ਵਿੱਚ ਜਦੋਂ ਆਮ ਆਦਮੀ ਪਾਰਟੀ ਦਾ ਮੇਅਰ ਬਣ ਸਕਦਾ ਸੀ, ਉਦੋਂ ਵੀ ਕਾਂਗਰਸ ਨੇ ਅਜਿਹਾ ਹੀ ਕੀਤਾ ਸੀ। ਸਾਲ 2023 ਵਿੱਚ 6 ਕੌਂਸਲਰ ਹੋਣ ਦੇ ਬਾਵਜੂਦ ਕਾਂਗਰਸ ਵਾਕਆਊਟ ਕਰ ਗਈ ਸੀ। ਚੰਡੀਗੜ੍ਹ ਦੇ ਲੋਕ ਹੁਣ ਇਨ੍ਹਾਂ ਦੇ ਝਾਂਸਿਆਂ, ਵਾਅਦਿਆਂ ਅਤੇ ਜੁਮਲਿਆਂ ਵਿੱਚ ਨਹੀਂ ਆਉਣਗੇ। ਆਮ ਆਦਮੀ ਪਾਰਟੀ ਦੇ ਵਿਰੋਧ ਪ੍ਰਦਰਸ਼ਨ ਤੋਂ ਬਾਅਦ ਪ੍ਰਸ਼ਾਸਨ ਨੂੰ ਇਹ ਤੁਗਲਕੀ ਫ਼ਰਮਾਨ ਵਾਪਸ ਲੈਣਾ ਪਿਆ। ਇਹ ਚੰਡੀਗੜ੍ਹ ਦੇ ਲੋਕਾਂ ਦੀ ਜਿੱਤ ਹੈ। ਜੇਕਰ ਬਾਕੀ ਦੋ ਗੇਟ ਤੁਰੰਤ ਨਹੀਂ ਖੋਲ੍ਹੇ ਗਏ ਤਾਂ ਅਸੀਂ ਸੜਕ ਤੋਂ ਲੈ ਕੇ ਸਦਨ ਤੱਕ ਲੜਾਈ ਲੜਾਂਗੇ।

ਪਾਰਟੀ ਨੇ ਕਿਹਾ ਕਿ ਫਿਲਹਾਲ ਸਿਰਫ਼ ਐਂਟਰੀ ਫੀਸ ਵਾਪਸ ਲਈ ਗਈ ਹੈ। ਬੋਟੈਨਿਕਲ ਗਾਰਡਨ ਦੇ ਦੋ ਗੇਟ ਅਜੇ ਵੀ ਬੰਦ ਹਨ, ਜਿਸ ਕਾਰਨ ਆਲੇ-ਦੁਆਲੇ ਦੇ ਇਲਾਕਿਆਂ ਦੇ ਲੋਕਾਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਮ ਆਦਮੀ ਪਾਰਟੀ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਇਨ੍ਹਾਂ ਗੇਟਾਂ ਨੂੰ ਵੀ ਤੁਰੰਤ ਖੋਲ੍ਹਿਆ ਜਾਵੇ, ਨਹੀਂ ਤਾਂ ਪਾਰਟੀ ਸੜਕ ਤੋਂ ਲੈ ਕੇ ਸਦਨ ਤੱਕ ਸੰਘਰਸ਼ ਕਰੇਗੀ।

ਆਮ ਆਦਮੀ ਪਾਰਟੀ ਚੰਡੀਗੜ੍ਹ ਦੇ ਇੱਕ-ਇੱਕ ਵਿਅਕਤੀ ਦੇ ਹੱਕਾਂ ਦੀ ਲੜਾਈ ਸੜਕਾਂ 'ਤੇ ਵੀ ਲੜ ਰਹੀ ਹੈ ਅਤੇ ਸਦਨ ਵਿੱਚ ਵੀ। ਗੇਟ ਬੰਦ ਹੋਣ ਕਾਰਨ ਆਲੇ-ਦੁਆਲੇ ਦੇ ਇਲਾਕਿਆਂ ਦੇ ਲੋਕਾਂ, ਖ਼ਾਸ ਕਰਕੇ ਔਰਤਾਂ ਅਤੇ ਬਜ਼ੁਰਗਾਂ ਨੂੰ ਕਾਫ਼ੀ ਮੁਸ਼ਕਲਾਂ ਆ ਰਹੀਆਂ ਹਨ। ਪ੍ਰਸ਼ਾਸਨ ਇਨ੍ਹਾਂ ਗੇਟਾਂ ਨੂੰ ਤੁਰੰਤ ਖੋਲ੍ਹੇ। ਪੰਜਾਬ ਵਿੱਚ ਸਾਡੀ ਸਰਕਾਰ ਨੇ ਔਰਤਾਂ ਨੂੰ ਮੁਫ਼ਤ ਬੱਸ ਸਫ਼ਰ ਅਤੇ ਮਾਣ-ਸਨਮਾਨ ਰਾਸ਼ੀ ਦੇ ਕੇ ਆਪਣੀਆਂ ਗਾਰੰਟੀਆਂ ਪੂਰੀਆਂ ਕੀਤੀਆਂ ਹਨ। ਆਮ ਆਦਮੀ ਪਾਰਟੀ ਨੇ ਦੁਹਰਾਇਆ ਕਿ ਉਹ ਚੰਡੀਗੜ੍ਹ ਦੇ ਹਰ ਵਿਅਕਤੀ ਦੇ ਹੱਕਾਂ ਦੀ ਲੜਾਈ ਪੂਰੀ ਮਜ਼ਬੂਤੀ ਨਾਲ ਸੜਕਾਂ 'ਤੇ ਵੀ ਲੜ ਰਹੀ ਹੈ।

## ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਜਨਮਭੂਮੀ ਗੁਜਰਾਤ ਬਣੇਗੀ ਹਰਿਆਣਾ ਦੀ ਵਿਕਾਸ ਗਾਥਾ ਦਾ ਸਾਰਥੀ

### ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਦੋ ਰੋਜ਼ਾ ਗੁਜਰਾਤ ਦੌਰੇ ਦੌਰਾਨ ਨਿਵੇਸ਼ ਦੇ ਨਾਲ-ਨਾਲ ਆਪਸੀ ਸਹਿਯੋਗ ਅਤੇ ਸਮਾਵੇਸ਼ 'ਤੇ ਜ਼ੋਰ

**ਚੰਡੀਗੜ੍ਹ, 28 ਅਕਤੂਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਜਨਮਭੂਮੀ ਗੁਜਰਾਤ ਹੁਣ ਹਰਿਆਣਾ ਦੀ ਵਿਕਾਸ ਯਾਤਰਾ ਦਾ ਮਹੱਤਵਪੂਰਨ ਸਾਰਥੀ ਬਣੇਗਾ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੇ ਦੋ ਰੋਜ਼ਾ ਗੁਜਰਾਤ ਦੌਰੇ ਦੌਰਾਨ ਨਾ ਸਿਰਫ਼ ਨਿਵੇਸ਼ ਦੇ ਮੌਕਿਆਂ 'ਤੇ ਚਰਚਾ ਹੋਈ, ਸਗੋਂ ਦੋਵਾਂ ਸੂਬਿਆਂ ਦਰਮਿਆਨ ਆਪਸੀ ਸਮਾਵੇਸ਼ ਅਤੇ ਸਹਿਯੋਗ ਨੂੰ ਮਜ਼ਬੂਤ ਬਣਾਉਣ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ ਗਿਆ।



ਸਾਂਝੀਆਂ ਕੀਤੀਆਂ। ਮੁੱਖ ਮੰਤਰੀ ਨੇ ਪ੍ਰਵਾਸੀ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਸਮਝਦਿਆਂ ਕਿਹਾ ਕਿ ਹਰਿਆਣਾ ਸਰਕਾਰ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਅਤੇ ਸਹੂਲਤਾਂ ਦੇ ਵਿਸਥਾਰ ਲਈ ਵਚਨਬੱਧ ਹੈ।

ਸੂਰਤ ਵਿੱਚ ਮੁੱਖ ਮੰਤਰੀ ਨੇ ਇੱਕ ਮਹੱਤਵਪੂਰਨ ਐਲਾਨ ਕਰਦਿਆਂ ਕਿਹਾ ਕਿ ਪ੍ਰਵਾਸੀ ਹਰਿਆਣਵੀਆਂ ਦੀਆਂ ਸ਼ਿਕਾਇਤਾਂ ਦੇ ਜਲਦੀ ਅਤੇ ਪ੍ਰਭਾਵੀ ਨਿਪਟਾਰੇ ਲਈ ਇੱਕ ਸਮਰਪਿਤ ਪੋਰਟਲ ਬਣਾਇਆ ਜਾਵੇਗਾ। ਇਸ ਪੋਰਟਲ ਰਾਹੀਂ ਪ੍ਰਵਾਸੀ ਆਪਣੀਆਂ ਸਮੱਸਿਆਵਾਂ ਦਰਜ ਕਰਵਾ ਸਕਣਗੇ ਅਤੇ ਉਨ੍ਹਾਂ ਦਾ ਸਮਾਂਬੱਧ ਹੱਲ ਯਕੀਨੀ ਬਣਾਇਆ ਜਾਵੇਗਾ। ਇਹ ਕਦਮ ਪ੍ਰਵਾਸੀ ਭਾਈਚਾਰੇ ਨੂੰ ਸਰਕਾਰ ਨਾਲ ਹੋਰ ਵਧੇਰੇ ਜੋੜਨ ਵਾਲਾ ਸਾਬਤ ਹੋਵੇਗਾ।

ਇਸ ਦੇ ਨਾਲ ਹੀ, ਮਹਾਰਾਸ਼ਟਰ ਵਿੱਚ ਹਰਿਆਣਾ ਭਵਨ ਦੀ ਤਰਜ਼ 'ਤੇ ਹੁਣ ਗੁਜਰਾਤ ਵਿੱਚ ਵੀ ਹਰਿਆਣਾ ਭਵਨ ਬਣਾਉਣ ਦੀ ਦਿਸ਼ਾ ਵਿੱਚ ਠੋਸ ਕਦਮ ਚੁੱਕੇ ਗਏ ਹਨ। ਇਹ ਭਵਨ ਪ੍ਰਵਾਸੀ ਹਰਿਆਣਵੀਆਂ ਲਈ ਸੱਭਿਆਚਾਰਕ, ਸਮਾਜਿਕ ਅਤੇ ਪ੍ਰਸ਼ਾਸਨਿਕ ਗਤੀਵਿਧੀਆਂ ਦਾ ਕੇਂਦਰ ਬਣੇਗਾ ਅਤੇ ਦੋਵਾਂ ਸੂਬਿਆਂ ਦਰਮਿਆਨ ਸੱਭਿਆਚਾਰਕ ਪੁਲ ਦਾ ਕੰਮ ਕਰੇਗਾ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਜ਼ੋਰ ਦੇ ਕੇ ਕਿਹਾ ਕਿ ਗੁਜਰਾਤ ਅਤੇ ਹਰਿਆਣਾ ਦਰਮਿਆਨ ਸਹਿਯੋਗ ਸਿਰਫ਼ ਆਰਥਿਕ ਨਿਵੇਸ਼ ਤੱਕ ਸੀਮਤ ਨਹੀਂ ਰਹੇਗਾ, ਸਗੋਂ ਸਮਾਜਿਕ, ਸੱਭਿਆਚਾਰਕ ਅਤੇ ਮਾਨਵੀ ਪੱਖਾਂ ਨੂੰ ਵੀ ਮਜ਼ਬੂਤ ਕੀਤਾ ਜਾਵੇਗਾ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਜਨਮਭੂਮੀ ਤੋਂ ਸ਼ੁਰੂ ਹੋਈ ਇਹ ਸਾਂਝੇਦਾਰੀ ਹਰਿਆਣਾ ਦੀ ਵਿਕਾਸ ਗਾਥਾ ਨੂੰ ਨਵੀਆਂ ਉਚਾਈਆਂ ਤੱਕ ਲਿਜਾਣ ਵਾਲੀ ਸਾਬਤ ਹੋਵੇਗੀ।

## ਹਰਸਿਮਰਤ ਕੌਰ ਬਾਦਲ ਨੇ ਸੂਬੇ ਵਿਚ ਲਗਾਤਾਰ ਵਾਪਰ ਰਹੀਆਂ ਹਿੰਸਕ ਘਟਨਾਵਾਂ ਲਈ ਮੁੱਖ ਮੰਤਰੀ ਨੂੰ ਜ਼ਿੰਮੇਵਾਰ ਠਹਿਰਾਇਆ

**ਰਾਜਪੁਰਾ, 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਅੱਜ ਪੰਜਾਬ ਵਿਚ ਲਗਾਤਾਰ ਵਾਪਰ ਰਹੀਆਂ ਨਿਰਦਈ ਹਿੰਸਕ ਘਟਨਾਵਾਂ 'ਤੇ ਹੈਰਾਨੀ ਪ੍ਰਗਟ ਕਰਦਿਆਂ ਜ਼ੋਰ ਦੇ ਕੇ ਕਿਹਾ ਕਿ ਇਹ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੀ ਜ਼ਿੰਮੇਵਾਰੀ ਤਿਆਗਣ ਦਾ ਸਿੱਧਾ ਨਤੀਜਾ ਹਨ ਕਿਉਂਕਿ ਉਹਨਾਂ ਨੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਛੱਡ ਦਿੱਤੀ ਜਿਸ ਕਾਰਨ ਗੈਂਗਸਟਰ ਤੇ ਨਸ਼ਾ ਤਸਕਰ ਆਪਣੀ ਮਨਮਰਜ਼ੀ ਮੁਤਾਬਕ ਕੰਮ ਕਰ ਰਹੇ ਹਨ।



ਬਠਿੰਡਾ ਦੇ ਐਮ ਪੀ ਜਿਹਨਾਂ ਨੇ ਡੇਰਾ ਬੱਸੀ ਅਤੇ ਘਨੌਰ ਵਿਖੇ ਮਾਵਾਂ ਧੀਆਂ ਇਨਸਾਫ ਯਾਤਰਾ ਦੇ ਹਿੱਸੇ ਵਜੋਂ ਵਿਸ਼ਾਲ ਜਨਤਕ ਰੈਲੀ ਨੂੰ ਸੰਬੋਧਨ ਕੀਤਾ, ਨੇ ਕਿਹਾ ਕਿ ਪੰਜਾਬ ਵੇਖ ਰਿ ਹੈ ਕਿ ਕਿਵੇਂ ਸੂਬੇ ਵਿਚ ਇਕ ਤੋਂ ਬਾਅਦ ਇਕ ਹਿੰਸਕ ਘਟਨਾਵਾਂ ਵਾਪਰ ਰਹੀਆਂ ਹਨ ਤੇ ਇਕ ਨੌਜਵਾਨ ਦੀ ਬਾਂਹ ਵੱਢ ਦਿੱਤੀ ਗਈ ਤੇ ਉਸਦੇ ਮਾਪਿਆਂ ਨੂੰ ਭੇਜ ਦਿੱਤੀਗਈ ਤੇ ਪਟਿਆਲਾ, ਮੋਗਾ ਤੇ ਜਗਰਾਓਂ ਵਿਚ ਨੌਜਵਾਨਾਂ ਦੇ ਕਤਲ ਹੋਏ।

ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਰਾਹੁਲ ਗਾਂਧੀ ਨੂੰ ਪੁੱਛਿਆ ਕਿ ਉਹ ਪੰਜਾਬ ਦੇ ਨੌਜਵਾਨਾਂ ਦੀ ਬਦਨਾਮੀ ਕਰਨ ਤੋਂ ਬਾਅਦ ਹੁਣ ਨੌਜਵਾਨਾਂ ਵਾਸਤੇ ਕੀ ਸੁਨੇਹਾ ਲੈ ਕੇ ਆਉਣਾ ਚਾਹੁੰਦੇ ਹਨ। ਉਹਨਾਂ ਨੇ ਰਾਹੁਲ ਗਾਂਧੀ ਨੂੰ ਇਕ ਫੇਲ੍ਹ ਆਗੂ ਕਰਾਰ ਦਿੱਤਾ ਜਿਸਨੂੰ ਪੰਜਾਬ ਆ ਕੇ ਪੰਜਾਬੀਆਂ ਨੂੰ ਗੁੰਮਰਾਹ ਕਰਨ ਤੇ ਧੋਖਾ ਦੇਣ ਦੀ ਥਾਂ ਸਿਰਫ ਆਪਣੇ 'ਤੇ ਹੀ ਧਿਆਨ ਲਗਾਉਣਾ ਚਾਹੀਦਾ ਹੈ। ਉਹਨਾਂ ਨੇ ਕਾਂਗਰਸ ਪਾਰਟੀ ਵੱਲੋਂ 1 ਨਵੰਬਰ ਦੀ ਰੈਲੀ ਦਾ ਪ੍ਰੋਗਰਾਮ ਜਾਰੀ ਰੱਖਣ ਦੀ ਵੀ ਨਿਖੇਧੀ ਕੀਤੀ ਅਤੇ ਕਿਹਾ ਕਿ ਇਹ ਦਿਨ ਸਿੱਖਾਂ ਨੂੰ ਦਿੱਲੀ ਤੇ ਦੇਸ਼ ਦੇ ਹੋਰ ਭਾਗਾਂ ਵਿਚ ਹੋਏ ਕਤਲੇਆਮ ਨੂੰ ਚੇਤੇ ਕਰਵਾਉਂਦਾ ਹੈ।

ਮੁੱਖ ਮੰਤਰੀ ਦੀ ਗੱਲ ਕਰਦਿਆਂ ਸਰਦਾਰਨੀ ਬਾਦਲ ਨੇ ਕਿਹਾ ਕਿ ਇਹ ਬਹੁਤ ਹੀ ਸ਼ਰਮ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਨੇ ਨਸ਼ਾ ਵਿਰੋਧੀ ਕਾਰਕੁੰਨ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਹੀ ਮਿਲਣ ਤੋਂ ਇਨਕਾਰ ਕਰ ਦਿੱਤਾ। ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਭਗਵੰਤ ਮਾਨ ਨੇ ਕਿਹਾ ਹੈ ਕਿ ਪੀੜਤ ਪਰਿਵਾਰਾਂ ਦੀਆਂ ਮੰਗਾਂ ਵਾਜਬ ਨਹੀਂ ਹਨ। ਉਹਨਾਂ ਕਿਹਾ ਕਿ ਪਰਿਵਾਰ ਜਿਸਨੇ ਨਸ਼ਾ ਮਾਫੀਆ ਕਾਰਨ ਆਪਣਾ ਇਕਲੌਤਾ ਪੁੱਤਰ ਗੁਆਇਆ, ਸਿਰਫ ਸਿ?ਆਸਤਦਾਨ-ਪੁਲਿਸ-ਪ੍ਰਸ਼ਾਸਨ ਗੰਢਤੁੱਪ ਦੇ ਖਿਲਾਫ ਕਾਰਵਾਈ ਦੀ ਮੰਗ ਕਰ ਰਿਹਾ ਹੈ। ਉਹਨਾਂ ਕਿਹਾ ਕਿ ਪਰਿਵਾਰ ਨੂੰ ਉਹਨਾਂ ਪੁਲਿਸ ਅਫਸਰਾਂ ਦੇ ਖਿਲਾਫ ਕਾਰਵਾਈ ਦੀ ਮੰਗ ਕਰਨ ਦਾ ਹੱਕ ਹੈ ਜਿਹਨਾਂ ਨੇ ਪਰਵਿੰਦਰ ਝੋਟਾ ਦੇ ਕਾਤਲ ਅਸ਼ਵਨੀ ਕੁਮਾਰ ਨੂੰ ਹਥਿਆਰਾਂ ਦਾ ਲਾਇਸੰਸ ਦਿੱਤਾ ਅਤੇ ਉਸ ਡਰੱਗ ਇੰਸਪੈਕਟਰ ਦੇ ਖਿਲਾਫ ਵੀ ਜਿਸਦੀ ਨਿਗਰਾਨੀ ਹੇਠ ਅਸ਼ਵਨੀ ਕੁਮਾਰ ਦੇ ਮੈਡੀਕਲ ਸਟੋਰ 'ਤੇ ਨਸ਼ਾ ਵਿਕਦਾ ਰਿਹਾ।

ਉਹਨਾਂ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਦਾ ਨਸ਼ਾ ਮਾਫੀਆ ਦੇ ਖਿਲਾਫ ਕਾਰਵਾਈ ਦਾ ਕੋਈ ਇਰਾਦਾ ਨਹੀਂ ਹੈ। ਉਹਨਾਂ ਕਿਹਾ ਕਿ ਹੁਣ ਸਾਨੂੰ ਇਸ ਬੁਰਾਈ ਤੋਂ ਆਪਣੇ ਸੂਬੇ ਦਾ ਆਪ ਬਚਾਅ ਕਰਨਾ ਪਵੇਗਾ। ਉਹਨਾਂ ਕਿਹਾ ਕਿ ਇਹੀ ਕਾਰਨ ਹੈ ਕਿ ਮਾਵਾਂ ਧੀਆਂ ਦੀ ਫੌਜ ਦੀ ਸਿਰਜਣਾ ਕੀਤੀ ਗਈ ਹੈ। ਉਹਨਾਂ ਨੇ ਸਾਰੀਆਂ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ 15-15 ਮਹਿਲਾਵਾਂ ਦੇ ਜੱਥੇ ਬਣਾ ਕੇ ਪਿੰਡਾਂ ਵਿਚ ਨਸ਼ਾ ਤਸਕਰੀ ਰੋਕਣ ਵਾਸਤੇ ਕੰਮ ਕਰਨ। ਉਹਨਾਂ ਇਹ ਵੀ ਅਪੀਲ ਕੀਤੀ ਕਿ ਮਹਿਲਾਵਾਂ ਨਸ਼ਾ ਵੇਚਣ ਵਾਲਿਆਂ ਤੇ ਉਹਨਾਂ ਦੀ ਪੁਸ਼ਤਪਨਾਹੀ ਕਰਨ ਵਾਲਿਆਂ ਦਾ ਰਿਕਾਰਡ ਬਣਾਉਣ। ਉਹਨਾਂ ਕਿਹਾ ਕਿ 2027 ਵਿਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਇਕ ਮਹਿਲਾ ਡੀ ਜੀ ਪੀ ਦੀ ਅਗਵਾਈ ਹੇਠ ਵਿਸ਼ੇਸ਼ ਟਾਸਕ ਫੋਰਸ ਬਣਾ ਕੇ ਉਹਨਾਂ ਵੱਲੋਂ ਬਣਾਈਆਂ ਲਿਸਟਾਂ ਦੇ ਆਧਾਰ 'ਤੇ ਨਸ਼ਾ ਤਸਕਰਾਂ ਤੇ ਉਹਨਾਂ ਦੀ ਪੁਸ਼ਤਪਨਾਹੀ ਕਰਨ ਵਾਲਿਆਂ ਦੇ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਹਨਾਂ ਇਹ ਵੀ ਦੱਸਿਆਕਿ ਅਕਾਲੀ ਦਲ ਦੀ ਸਰਕਾਰ ਕਾਨੂੰਨ ਬਦਲ ਕੇ ਨਸ਼ਾ ਤਸਕਰਾਂ ਨੂੰ 10 ਸਾਲ ਤੱਕ ਜ਼ਮਾਨਤ ਨਾ ਮਿਲਣਾ ਅਤੇ ਉਹਨਾਂ ਦੀ ਸਾਰੀ ਜਾਇਦਾਦ ਜ਼ਬਤ ਕਰਨਾ ਯਕੀਨੀ ਬਣਾਏਗੀ। ਸਰਦਾਰਨੀ ਬਾਦਲ ਨੇ ਉਹਨਾਂ ਮਾਵਾਂ ਨਾਲ ਹਮਦਰਦੀ ਪ੍ਰਗਟ ਕੀਤੀ ਜਿਹਨਾਂ ਨੇ ਨਸ਼ਿਆਂ ਕਾਰਨ ਆਪਣੇ ਪੁੱਤਰ ਗੁਆਏ। ਉਹਨਾਂ ਕਿਹਾ ਕਿ ਸੁਲਤਾਨਪੁਰ ਲੋਧੀ ਦੀ ਮਨਜੀਤ ਕੌਰ ਜਿਸਨੇ ਨਸ਼ਿਆਂ ਕਾਰਨ ਪੰਜ ਪੁੱਤਰ ਗੁਆਏ ਤੇ ਪ੍ਰੀਤੋ ਜਿਸਨੇ ਚਾਰ ਪੁੱਤਰ ਗੁਆਏ, ਦਾ ਦੁੱਖ ਵੇਖਣਾ ਬਹੁਤ ਮੁਸ਼ਕਿਲ ਹੈ। ਉਹਨਾਂ ਨੇ ਪਰਵਿੰਦਰ ਝੋਟਾ ਦੇ ਮਾਤਾ ਤੇ ਪਤਨੀ ਦੀ ਸ਼ਲਾਘਾ ਕੀਤੀ ਜੋ ਨਸ਼ਾ ਵਿਰੋਧੀ ਕਾਰਕੁੰਨ ਵਾਸਤੇ ਨਿਆਂ ਹਾਸਲ ਕਰਨ ਵਾਸਤੇ ਆਪ ਸਰਕਾਰ ਦੀ ਤਾਕਤ ਮੂਹਰੇ ਡੱਟ ਕੇ ਖੜ੍ਹੇ ਹੋਏ ਹਨ।

ਇਸ ਮੌਕੇ ਯੂਥ ਅਕਾਲੀ ਦਲ ਦੇ ਪ੍ਰਧਾਨ ਤੇ ਹਲਕਾ ਇੰਚਾਰਜ ਸਰਬਜੀਤ ਸਿੰਘ ਝਿੰਜਰ ਇਹ ਗੱਲ ਵੀ ਕੀਤੀ ਕਿ ਕਿਵੇਂ ਨਸ਼ਿਆਂ ਕਾਰਨ ਨੌਜਵਾਨਾਂ ਦੀ ਸਾਰੀ ਪੀੜ੍ਹੀ ਮੌਤ ਦੇ ਮੂੰਹ ਵਿਚ ਪੈ ਰਹੀ ਹੈ।ਇਸ ਮੌਕੇ ਤੇ ਹੋਰਨਾਂ ਆਗੂਆਂ ਤੋਂ ਇਲਾਵਾ ਪਰਮਿੰਦਰ ਕੌਰ ਅਤੇ ਹਰਪ੍ਰੀਤ ਕੌਰ ਮੁਖਮੈਲਪੁਰ ਨੇ ਵੀ ਸੰਬੋਧਿਤ ਕੀਤਾ।

## ਨਾਭਾ ਦੇ ਉਦਯੋਗਾਂ ਦੀ ਸੁਰੱਖਿਆ ਅਤੇ ਰੁਜ਼ਗਾਰ ਯਕੀਨੀ ਬਣਾਏ ਸਰਕਾਰ: ਪਰਮਜੀਤ ਸਿੰਘ ਕੈਂਥ

**ਨਾਭਾ , 28 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਾਭਾ ਦੇ ਉਦਯੋਗਪਤੀਆਂ ਦੀ ਇੱਕ ਮੀਟਿੰਗ ਰੋਟਰੀ ਕਲੱਬ, ਨਾਭਾ ਵਿਖੇ ਹੋਈ, ਜਿਸ ਦਾ ਆਯੋਜਨ ਪਰਮਜੀਤ ਸਿੰਘ ਕੈਂਥ, ਮੀਤ ਪ੍ਰਧਾਨ, ਭਾਜਪਾ ਅਨੁਸੂਚਿਤ ਜਾਤੀ ਮੋਰਚਾ, ਪੰਜਾਬ ਵੱਲੋਂ ਕੀਤਾ ਗਿਆ। ਇਸ ਮੀਟਿੰਗ ਵਿੱਚ ਪ੍ਰਮੁੱਖ ਉਦਯੋਗਪਤੀਆਂ, ਵਪਾਰੀਆਂ, ਸੂਖਮ, ਲਘੂ ਅਤੇ ਦਰਮਿਆਨੇ ਉਦਯੋਗਾਂ (ਐਮ.ਐਸ.ਐਮ.ਈ.) ਦੇ ਨੁਮਾਇੰਦਿਆਂ ਅਤੇ ਵਪਾਰਕ ਸੰਗਠਨਾਂ ਦੇ ਆਗੂਆਂ ਨੇ ਭਾਗ ਲਿਆ। ਇਸ ਮੌਕੇ ਭਾਰਤ ਸਰਕਾਰ ਦੇ ਨੈਸ਼ਨਲ ਟਰੇਡਰਜ਼ ਵੈਲਫੇਅਰ ਬੋਰਡ ਦੇ ਚੇਅਰਮੈਨ ਸ੍ਰੀ ਸੁਨੀਲ ਜੇ. ਸਿੰਘੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਵਪਾਰੀਆਂ ਨਾਲ ਸਿੱਧਾ ਸੰਵਾਦ ਕੀਤਾ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰੀ ਸੁਨੀਲ ਜੇ. ਸਿੰਘੀ ਨੇ ਉਦਯੋਗਪਤੀਆਂ ਨੂੰ ਮਿਲ ਰਹੀਆਂ ਫਿਰੌਤੀ ਦੀਆਂ ਧਮਕੀਆਂ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅਸੁਰੱਖਿਆ ਦਾ ਮਾਹੌਲ ਨਿਵੇਸ਼ਕਾਂ ਦੇ ਭਰੋਸੇ ਨੂੰ ਪ੍ਰਭਾਵਿਤ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਉਦਯੋਗਿਕ ਵਿਕਾਸ ਲਈ ਮਜ਼ਬੂਤ ਅਮਨ-ਕਾਨੂੰਨ ਦੀ ਵਿਵਸਥਾ, ਅਪਰਾਧੀਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਅਤੇ ਵਪਾਰੀਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁੱਦਿਆਂ 'ਤੇ ਠੋਸ ਕਾਰਵਾਈ ਦੀ ਮੰਗ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਪੱਤਰ ਲਿਖਿਆ ਜਾਵੇਗਾ। ਉਨ੍ਹਾਂ ਅਨੁਸਾਰ, ਨਸ਼ਿਆਂ, ਭ੍ਰਿਸ਼ਟਾਚਾਰ ਅਤੇ ਅਪਰਾਧ 'ਤੇ ਕਾਬੂ ਪਾਉਣਾ ਪੰਜਾਬ ਦੀ ਆਰਥਿਕ ਤਰੱਕੀ ਲਈ ਅਹਿਮ ਹੈ।

ਪ੍ਰਸਿੱਧ ਉਦਯੋਗਪਤੀ ਅਤੇ ਕੰਬਾਈਨ ਨਿਰਮਾਤਾ ਸ੍ਰੀ ਚਰਨ ਸਿੰਘ ਰਹਨਲ ਨੇ ਕਿਹਾ ਕਿ ਵਧਦੇ ਨਿਯਮਕ ਬੋਝ ਕਾਰਨ ਘਰੇਲੂ ਨਿਰਮਾਤਾਵਾਂ ਦੀ ਮੁਕਾਬਲੇਬਾਜ਼ੀ ਪ੍ਰਭਾਵਿਤ ਹੋ ਰਹੀ ਹੈ ਅਤੇ ਇਸ ਦਾ ਆਰਥਿਕ ਬੋਝ ਆਖ਼ਰਕਾਰ ਕਿਸਾਨਾਂ 'ਤੇ ਪਵੇਗਾ। ਉਨ੍ਹਾਂ ਦੱਸਿਆ ਕਿ ਇੰਜਣ ਅਤੇ ਐਮੀਸ਼ਨ ਨਿਯਮਾਂ ਦੇ ਨਾਲ-ਨਾਲ ਭਵਿੱਖ ਦੇ ਟ੍ਰੇਮ-4 ਮਾਪਦੰਡਾਂ ਦੀ ਪਾਲਣਾ ਕਰਨ ਲਈ ਮਹਿੰਗੇ ਤਕਨੀਕੀ ਬਦਲਾਅ, ਟੈਸਟਿੰਗ ਅਤੇ ਸਰਟੀਫਿਕੇਸ਼ਨ 'ਤੇ ਭਾਰੀ ਨਿਵੇਸ਼ ਕਰਨਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਨਿਯਮ ਭਾਰਤੀ ਖੇਤੀਬਾੜੀ ਦੀਆਂ ਅਸਲ ਲੋੜਾਂ ਅਨੁਸਾਰ ਬਣਾਏ ਜਾਣ ਅਤੇ ਘਰੇਲੂ ਨਿਰਮਾਤਾਵਾਂ ਨੂੰ ਤਕਨੀਕੀ ਤਬਦੀਲੀਆਂ ਲਾਗੂ ਕਰਨ ਲਈ ਢੁੱਕਵਾਂ ਸਮਾਂ ਅਤੇ ਨੀਤੀਗਤ ਸਹਿਯੋਗ ਦਿੱਤਾ ਜਾਵੇ।

ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਉਦਯੋਗਾਂ ਦੀਆਂ ਸਮੱਸਿਆਵਾਂ ਨੂੰ ਅਣਡਿੱਠਾ ਕਰਨ ਨਾਲ ਪੰਜਾਬ ਦੀ ਆਰਥਿਕਤਾ ਅਤੇ ਨੌਜਵਾਨਾਂ ਦੇ ਰੁਜ਼ਗਾਰ 'ਤੇ ਮਾੜਾ ਪ੍ਰਭਾਵ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ 'ਵਿਕਸਿਤ ਭਾਰਤ-2047', 'ਆਤਮਨਿਰਭਰ ਭਾਰਤ' ਅਤੇ 'ਮੇਕ ਇਨ ਇੰਡੀਆ' ਦੇ ਟੀਚਿਆਂ ਨੂੰ ਪੂਰਾ ਕਰਨ ਲਈ ਨਾਭਾ ਦੇ ਕੰਬਾਈਨ, ਫਰਨੀਚਰ, ਰਾਈਸ ਮਿੱਲ ਅਤੇ ਸਪੇਅਰ ਪਾਰਟਸ ਉਦਯੋਗਾਂ ਨੂੰ ਮਜ਼ਬੂਤ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਉਦਯੋਗਾਂ ਦੀ ਸੁਰੱਖਿਆ, ਬੁਨਿਆਦੀ ਢਾਂਚੇ ਵਿੱਚ ਸੁਧਾਰ, ਨੀਤੀਗਤ ਰੁਕਾਵਟਾਂ ਦਾ ਹੱਲ ਅਤੇ ਰੁਜ਼ਗਾਰ ਦੇ ਮੌਕਿਆਂ ਵਿੱਚ ਵਾਧਾ ਕਰਨਾ ਸਰਕਾਰ ਦੀਆਂ ਤਰਜੀਹਾਂ ਹੋਣੀਆਂ ਚਾਹੀਦੀਆਂ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਉਦਯੋਗਪਤੀਆਂ ਦੇ ਮੁੱਦੇ ਸਬੰਧਤ ਸਰਕਾਰੀ ਮੰਚਾਂ 'ਤੇ ਉਠਾਏ ਜਾਣਗੇ।

ਮੀਟਿੰਗ ਵਿੱਚ ਵਿਸ਼ੇਸ਼ ਮਹਿਮਾਨ ਸ੍ਰੀ ਭਗਵੰਤ ਸਿੰਘ ਰਾਮਗੜ੍ਹੀਆ ਅਤੇ ਉਦਯੋਗਪਤੀ ਸਿਮਰਨਜੀਤ ਸਿੰਘ ਸੋਢੀ ਨੇ ਵੀ ਸੁਰੱਖਿਅਤ ਵਪਾਰਕ ਮਾਹੌਲ, ਪਾਰਦਰਸ਼ੀ ਪ੍ਰਸ਼ਾਸਨ ਅਤੇ ਨਿਵੇਸ਼-ਪੱਖੀ ਨੀਤੀਆਂ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਮੌਕੇ ਵੱਖ-ਵੱਖ ਉਦਯੋਗਿਕ ਅਤੇ ਵਪਾਰਕ ਸੰਗਠਨਾਂ ਦੇ ਨੁਮਾਇੰਦਿਆਂ ਨੇ ਉਦਯੋਗਿਕ ਵਿਕਾਸ, ਵਪਾਰੀਆਂ ਦੀ ਸੁਰੱਖਿਆ ਅਤੇ ਘਰੇਲੂ ਨਿਰਮਾਣ ਨੂੰ ਉਤਸ਼ਾਹਿਤ ਕਰਨ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।

## ਆਲ ਇੰਡੀਆ ਮਹਿਲਾ ਕਾਂਗਰਸ ਦੀ ਪ੍ਰਧਾਨ ਅਲਕਾ ਲਾਂਬਾ ਨੇ ਦਿੱਲੀ ਚਲੋ ਮੁਹਿੰਮ ਦੀ ਕੀਤੀ ਗਈ ਸ਼ੁਰੂਆਤ

**ਚੰਡੀਗੜ੍ਹ, 28 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਲਾਂਬਾ ਨੇ ਦਿੱਲੀ ਚੱਲੋ ਮੁਹਿੰਮ ਦੀ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ ਕਿ 1 ਨਵੰਬਰ ਨੂੰ ਰਾਮਲੀਲਾ ਮੈਦਾਨ ਵਿੱਚ ਹੋਣ ਵਾਲੀ 'ਇੰਡੀਆ' ਗੱਠਜੋੜ ਦੀ ਰੈਲੀ ਵਿੱਚ 10 ਲੱਖ ਲੋਕ ਪਹੁੰਚਣਗੇ ਅਤੇ ਇਨ੍ਹਾਂ ਵਿੱਚ ਘੱਟੋ-ਘੱਟ ਇੱਕ ਲੱਖ ਔਰਤਾਂ ਸ਼ਾਮਲ ਹੋਣਗੀਆਂ।



ਚੋਣ ਕਮਿਸ਼ਨ ਦੀ ਵੈੱਬਸਾਈਟ ਅਤੇ ਆਰ.ਟੀ.ਆਈ. ਦੇ ਜਵਾਬਾਂ ਦਾ ਹਵਾਲਾ ਦਿੰਦਿਆਂ ਲਾਂਬਾ ਨੇ ਕਿਹਾ ਕਿ 13.39 ਕਰੋੜ ਵੋਟਾਂ ਕੱਟੀਆਂ ਗਈਆਂ, ਪਰ ਇਨ੍ਹਾਂ ਵਿੱਚੋਂ ਇੱਕ ਵੀ ਘੁਸਪੈਠੀਆ ਨਹੀਂ ਮਿਲਿਆ।ਜਦੋਂ ਇੱਕ ਵੀ ਘੁਸਪੈਠੀਆ ਨਹੀਂ ਮਿਲਿਆ, ਤਾਂ ਫਿਰ 13 ਕਰੋੜ ਨਾਂ ਕਿਸ ਦੇ ਕਹਿਣ 'ਤੇ ਕੱਟੇ ਗਏ? ਇਹ ਕੋਈ ਸੁਧਾਰ ਨਹੀਂ, ਸਗੋਂ ਭਾਜਪਾ ਨੂੰ ਫਾਇਦਾ ਪਹੁੰਚਾਉਣ ਲਈ ਕੀਤੀ ਗਈ ਖੁੱਲ੍ਹੀ ਵੋਟ ਚੋਰੀ ਹੈ, ਲਾਂਬਾ ਨੇ ਕਿਹਾ।ਉਨ੍ਹਾਂ ਅੱਗੇ ਕਿਹਾ, ਗਿਆਨੇਸ਼ ਕੁਮਾਰ ਨੇ ਚੋਣ ਕਮਿਸ਼ਨ ਨੂੰ ਭਾਜਪਾ ਦਾ ਚੋਣ ਵਿਭਾਗ ਬਣਾ ਦਿੱਤਾ ਹੈ।

ਲਾਂਬਾ ਨੇ ਕਿਹਾ, ਮੋਦੀ ਸਰਕਾਰ ਨੇ 2023 ਵਿੱਚ ਸੰਸਦ ਤੋਂ ਅਜਿਹਾ ਕਾਨੂੰਨ ਪਾਸ ਕਰਵਾਇਆ, ਜਿਸ ਨਾਲ ਮੁੱਖ ਚੋਣ ਕਮਿਸ਼ਨਰ ਵਿਰੁੱਧ ਅਹੁਦੇ 'ਤੇ ਰਹਿੰਦਿਆਂ ਅਤੇ ਸੇਵਾ-ਮੁਕਤ ਹੋਣ ਤੋਂ ਬਾਅਦ ਵੀ ਕੋਈ ਕੇਸ ਨਹੀਂ ਚੱਲ ਸਕਦਾ। ਯਾਨੀ ਗਿਆਨੇਸ਼ ਕੁਮਾਰ ਨੂੰ ਉਮਰ ਭਰ ਦੀ ਕਾਨੂੰਨੀ ਢਾਲ ਮਿਲ ਗਈ ਹੈ। ਜੇ ਉਨ੍ਹਾਂ ਨੇ ਕੁਝ ਗਲਤ ਨਹੀਂ ਕੀਤਾ, ਤਾਂ ਉਨ੍ਹਾਂ ਨੂੰ ਇਸ ਢਾਲ ਦੀ ਕੀ ਲੋੜ ਹੈ?

ਸੱਚਾਈ ਇਹ ਹੈ ਕਿ ਆਪਣੇ ਆਕਾਵਾਂ ਦੇ ਇਸ਼ਾਰੇ 'ਤੇ ਵੋਟ ਚੋਰੀ ਕਰਨ ਵਾਲਿਆਂ ਨੂੰ ਸਜ਼ਾ ਤੋਂ ਬਚਾਉਣ ਲਈ ਹੀ ਇਹ ਕਾਨੂੰਨ ਬਣਾਇਆ ਗਿਆ ਹੈ। ਇਸੇ ਕਰਕੇ ਸੁਪਰੀਮ ਕੋਰਟ ਨੇ ਵੀ 13 ਅਕਤੂਬਰ ਨੂੰ ਇਸ ਕਾਨੂੰਨ ਤੇ ਕੇਂਦਰ ਸਰਕਾਰ ਅਤੇ ਚੋਣ ਕਮਿਸ਼ਨ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ। ਜਿਹੜਾ ਵਿਅਕਤੀ ਜਨਤਾ ਦੀ ਵੋਟ ਦੀ ਰੱਖਿਆ ਨਹੀਂ ਕਰ ਸਕਦਾ, ਉਸਨੂੰ ਇੱਕ ਦਿਨ ਵੀ ਕੁਰਸੀ 'ਤੇ ਬੈਠਣ ਦਾ ਕੋਈ ਹੱਕ ਨਹੀਂ ਹੈ।

ਔਰਤਾਂ ਨੂੰ ਅਪੀਲ ਕਰਦਿਆਂ ਉਨ੍ਹਾਂ ਕਿਹਾ, ਜਦੋਂ ਕਿਸੇ ਔਰਤ ਦਾ ਨਾਂ ਸੂਚੀ ਵਿੱਚੋਂ ਕੱਟਿਆ ਜਾਂਦਾ ਹੈ, ਤਾਂ ਘਰ, ਪਿੰਡ ਅਤੇ ਦੇਸ਼ ਵਿੱਚ ਉਸਦੀ ਆਵਾਜ਼ ਖੋਹ ਲਈ ਜਾਂਦੀ ਹੈ। ਹੁਣ 1 ਨਵੰਬਰ ਨੂੰ ਦੇਸ਼ ਦੀਆਂ ਔਰਤਾਂ ਰਾਮਲੀਲਾ ਮੈਦਾਨ ਤੋਂ ਇਸ ਵੋਟ ਚੋਰੀ ਦਾ ਜਵਾਬ ਦੇਣਗੀਆਂ। ਚੰਡੀਗੜ੍ਹ ਪ੍ਰਦੇਸ਼ ਕਾਂਗਰਸ ਪ੍ਰਧਾਨ ਐਚ.ਐਸ. ਲੱਕੀ ਨੇ ਕਿਹਾ, ਇਹ ਬਹੁਤ ਗੰਭੀਰ ਗੱਲ ਹੈ ਕਿ 2024 ਦੀਆਂ ਲੋਕ ਸਭਾ ਚੋਣਾਂ ਦੇ ਮੁਕਾਬਲੇ ਚੰਡੀਗੜ੍ਹ ਦੀ ਵੋਟਰ ਸੂਚੀ ਵਿੱਚੋਂ ਲਗਭਗ 2 ਲੱਖ ਨਾਂ ਘੱਟ ਗਏ ਹਨ, ਯਾਨੀ ਕੁੱਲ ਵੋਟਰਾਂ ਦਾ ਲਗਭਗ 30 ਫੀਸਦੀ। ਇਸ ਲਈ ਚੰਡੀਗੜ੍ਹ ਕਾਂਗਰਸ ਸਾਰੇ 35 ਵਾਰਡਾਂ ਤੋਂ ਲੋਕਾਂ ਨੂੰ ਦਿੱਲੀ ਲੈ ਕੇ ਜਾਵੇਗੀ, ਅਤੇ ਸਾਡੇ ਵਰਕਰ ਘਰ-ਘਰ ਜਾ ਕੇ ਵੋਟਰ ਸੂਚੀ ਦੀ ਜਾਂਚ ਕਰਨਗੇ, ਤਾਂ ਜੋ ਕਿਸੇ ਵੀ ਅਸਲ ਵੋਟਰ ਦਾ ਨਾਂ ਨਾ ਕੱਟਿਆ ਜਾਵੇ। ?

ਚੰਡੀਗੜ੍ਹ ਮਹਿਲਾ ਕਾਂਗਰਸ ਪ੍ਰਧਾਨ ਨੰਦਿਤਾ ਹੁੱਡਾ ਨੇ ਕਿਹਾ, ਚੰਡੀਗੜ੍ਹ ਦੇ ਹਰ ਸੈਕਟਰ, ਪਿੰਡ ਅਤੇ ਕਲੋਨੀ ਤੋਂ ਔਰਤਾਂ ਆਪਣੀ ਵੋਟ ਨੂੰ ਬਚਾਉਣ ਲਈ ਦਿੱਲੀ ਵੱਲ ਕੂਚ ਕਰਨਗੀਆਂ।

ਆਲ ਇੰਡੀਆ ਮਹਿਲਾ ਕਾਂਗਰਸ ਦੀ ਸਕੱਤਰ ਸਾਖੀ ਚੌਧਰੀ ਨੇ ਕਿਹਾ, ਗ਼ਰੀਬ ਔਰਤ ਕੋਲ ਵੋਟ ਹੀ ਉਸਦੀ ਬਰਾਬਰੀ ਦੀ ਸਭ ਤੋਂ ਵੱਡੀ ਤਾਕਤ ਹੈ। ਅਸੀਂ ਇਸਨੂੰ ਕਿਸੇ ਨੂੰ ਵੀ ਚੋਰੀ ਨਹੀਂ ਕਰਨ ਦੇਵਾਂਗੇ।





